ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਸ਼ੁੱਕਰਵਾਰ, 4 ਜੁਲਾਈ 2025 (ਨਾਨਕਸ਼ਾਹੀ ਸੰਮਤ : ੫੫੭, ੨੦ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਦਿੱਲੀ 'ਚ ਪੁਰਾਣੇ ਵਾਹਨਾਂ ਨੂੰ ਲੈਕੇ ਵੱਡਾ ਫੈਸਲਾ, ਸਰਕਾਰ ਨੇ ਲਿਆ ਯੂ-ਟਰਨ !

**ਨਵੀਂ ਦਿੱਲੀ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਰਕਾਰ ਨੇ ਦਿੱਲੀ ਦੇ ਲੋਕਾਂ ਨੂੰ ਵੱਡੀ ਰਾਹਤ ਦਿੱਤੀ ਹੈ। ਦਿੱਲੀ ਸਰਕਾਰ ਨੇ ਪੁਰਾਣੇ ਵਾਹਨਾਂ 'ਤੇ ਪਾਬੰਦੀ ਲਗਾਉਣ ਦੇ ਫੈਸਲੇ 'ਤੇ ਫਿਲਹਾਲ ਰੋਕ ਲਗਾ ਕੇ ਵੱਡਾ ਬਿਆਨ ਦਿੱਤਾ ਹੈ। ਸਰਕਾਰ ਨੇ CAQM ਨੂੰ ਇੱਕ ਪੱਤਰ ਲਿਖ ਕੇ ਸੂਚਿਤ ਕੀਤਾ ਹੈ ਕਿ ਤਕਨੀਕੀ ਚੁਣੌਤੀਆਂ ਦੇ ਕਾਰਨ, ਪੁਰਾਣੇ ਵਾਹਨਾਂ 'ਤੇ ਬਾਲਣ 'ਤੇ ਪਾਬੰਦੀ ਲਗਾਉਣ ਦਾ ਫੈਸਲਾ ਫਿਲਹਾਲ ਸੰਭਵ ਨਹੀਂ ਹੈ। ਇਸ ਦੇ ਨਾਲ ਹੀ, ਦਿੱਲੀ ਸਰਕਾਰ ਨੇ ਪੁਰਾਣੇ ਵਾਹਨਾਂ ਨੂੰ ਬਾਲਣ ਨਾ ਦੇਣ ਦਾ ਫੈਸਲਾ ਵਾਪਸ ਲੈ ਲਿਆ ਹੈ। ਇਹ ਨਿਯਮ 15 ਸਾਲ ਪੁਰਾਣੀਆਂ ਪੈਟਰੋਲ ਵਾਲੀਆਂ ਗੱਡੀਆਂ ਅਤੇ 10 ਸਾਲ ਪੁਰਾਣੀਆਂ ਡੀਜ਼ਲ ਵਾਲੀਆਂ ਗੱਡੀਆਂ 'ਤੇ ਲਾਗੂ ਕੀਤਾ ਗਿਆ ਸੀ। ਦਿੱਲੀ ਦੇ ਵਾਤਾਵਰਣ ਮੰਤਰੀ ਮਨਜਿੰਦਰ ਸਿਰਸਾ ਨੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕਿਹਾ ਕਿ ਇਸ ਸਮੇਂ ਅਜਿਹੇ ਫਿਊਲ ਬੈਨ ਨੂੰ ਲਾਗੂ ਕਰਨਾ ਮੁਸ਼ਕਲ ਹੈ। ਸਰਕਾਰ ਪ੍ਰਦੂਸ਼ਣ ਫੈਲਾਉਣ ਵਾਲੇ ਅਤੇ ਖਰਾਬ ਰੱਖ-ਰਖਾਅ ਵਾਲੇ ਵਾਹਨਾਂ ਨੂੰ ਜ਼ਬਤ ਕਰਨ 'ਤੇ ਕੰਮ ਕਰ ਰਹੀ ਹੈ। ਸਰਕਾਰ ਨਹੀਂ ਚਾਹੁੰਦੀ ਕਿ ਉਨ੍ਹਾਂ ਲੋਕਾਂ ਨੂੰ ਸਜ਼ਾ ਦਿੱਤੀ ਜਾਵੇ ਜੋ ਆਪਣੇ ਪੁਰਾਣੇ ਵਾਹਨਾਂ ਦੀ ਦੇਖਭਾਲ ਕਰਦੇ ਹਨ। ਏਅਰ ਕੁਆਲਿਟੀ ਮੈਨੇਜਮੈਂਟ ਕਮਿਸ਼ਨ ਵੱਲੋਂ ਜਾਰੀ ਕੀਤਾ ਗਿਆ ਇਹ ਹੁਕਮ ਦਿੱਲੀ ਵਿੱਚ ਪ੍ਰਦੂਸ਼ਣ ਫੈਲਾਉਣ ਵਾਲੇ ਵਾਹਨਾਂ 'ਤੇ ਪਾਬੰਦੀ ਲਗਾਉਣ ਲਈ ਸੀ। ਇਸ ਗੱਲ 'ਤੇ ਧਿਆਨ ਦਿੱਤਾ ਜਾ ਰਿਹਾ ਹੈ ਕਿ ਸਰਦੀਆਂ ਵਿੱਚ ਦਿੱਲੀ ਧੂੰਏਂ ਦੀ ਚਾਦਰ ਨਾਲ ਢੱਕੀ ਰਹਿੰਦੀ ਹੈ ਅਤੇ ਹਵਾ ਦੀ ਗੁਣਵੱਤਾ ਸਾਲ ਭਰ ਮਾੜੀ ਰਹਿੰਦੀ ਹੈ।

## ਕੁਲਦੀਪ ਧਾਲੀਵਾਲ ਦੀ ਕੈਬਨਿਟ 'ਚੋਂ ਹੋਈ ਛੁੱਟੀ

# ਸੰਜੀਵ ਅਰੋੜਾ ਨੂੰ ਦਿੱਤਾ ਉਦਯੋਗ ਅਤੇ ਐਨ.ਆਰ.ਆਈ. ਵਿਭਾਗ

**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੀ ਆਪ ਸਰਕਾਰ ਨੇ ਅੱਜ ਆਪਣੇ ਮੰਤਰੀ ਮੰਡਲ ਵਿੱਚ ਇਕ ਵੱਡਾ ਫੇਰਬਦਲ ਕੀਤਾ ਹੈ। ਰਾਜ ਸਭਾ ਛੱਡ ਕੇ ਲੁਧਿਆਣਾ ਤੋਂ ਉਪ ਚੋਣ ਜਿੱਤਣ ਵਾਲੇ ਸੰਜੀਵ ਅਰੋੜਾ ਨੂੰ ਪੰਜਾਬ ਕੈਬਨਿਟ ਵਿੱਚ ਸ਼ਾਮਿਲ ਕੀਤਾ ਗਿਆ ਹੈ। ਕੈਬਨਿਟ ਮੰਤਰੀ ਸੰਜੀਵ ਅਰੋੜਾ ਨੂੰ ਉਦਯੋਗ ਅਤੇ ਐਨਆਰਆਈ ਵਿਭਾਗ ਦਿੱਤਾ ਗਿਆ ਹੈ। ਦੂਜੇ ਪਾਸੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਤੋਂ ਐਨਆਰਆਈ ਵਿਭਾਗ ਵਾਪਸ ਲੈ ਲਿਆ ਗਿਆ ਹੈ। ਸੰਜੀਵ ਅਰੋੜਾ ਨੇ ਵੀਰਵਾਰ ਨੂੰ ਰਾਜ ਭਵਨ ਵਿਖੇ ਹੋਏ ਇੱਕ ਸਮਾਰੋਹ ਵਿੱਚ 17ਵੇਂ ਮੰਤਰੀ ਵਜੋਂ ਸਹੁੰ ਚੁੱਕੀ ਹੈ। ਲੁਧਿਆਣਾ ਪੱਛਮੀ ਉਪ ਚੋਣ ਜਿੱਤਣ ਤੋਂ ਬਾਅਦ ਸੰਜੀਵ ਅਰੋੜਾ ਨੂੰ ਮੰਤਰੀ ਬਣਾਉਣ ਦਾ ਵਾਅਦਾ ਕੀਤਾ ਗਿਆ ਸੀ।ਲੁਧਿਆਣਾ ਪੱਛਮੀ ਉਪ ਚੋਣ ਜਿੱਤਣ ਤੋਂ ਬਾਅਦ ਸੰਜੀਵ ਅਰੋੜਾ ਨੂੰ ਮੰਤਰੀ ਬਣਾਉਣ ਦਾ ਵਾਅਦਾ ਕੀਤਾ ਗਿਆ ਸੀ। ਇਹੀ ਕਾਰਨ ਹੈ ਕਿ ਉਨ੍ਹਾਂ ਨੇ ਕੈਬਨਿਟ ਵਿੱਚ ਪ੍ਰਵੇਸ਼ ਕੀਤਾ ਹੈ। ਕੁਲਦੀਪ ਸਿੰਘ ਧਾਲੀਵਾਲ ਨੇ ਕੈਬਨਿਟ ਮੰਤਰੀ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਧਾਲੀਵਾਲ ਨੇ ਸੋਸ਼ਲ ਮੀਡੀਆ 'ਤੇ ਇੱਕ ਪੋਸਟ ਰਾਹੀਂ ਕਿਹਾ ਕਿ ਉਨ੍ਹਾਂ ਵਲੋਂ ਪੰਜਾਬ ਦੇ ਲੋਕਾਂ ਲਈ ਮਿਹਨਤ ਜਾਰੀ ਹੈ। ਉਹ ਪੰਜਾਬ ਦੇ ਲੋਕਾਂ ਦੀ ਭਲਾਈ ਕਰਦੇ ਰਹਿਣਗੇ। ਇਸ ਅਸਤੀਫ਼ੇ ਦੇ ਨਾਲ ਧਾਲੀਵਾਲ ਦੇ ਸਿਆਸੀ ਭਵਿੱਖ ਅਤੇ ਪਾਰਟੀ ਵਿੱਚ ਉਹਨਾਂ ਦੀ ਮੌਜੂਦਾ ਸਥਿਤੀ ਨੇ ਸਿਆਸੀ ਚਰਚਾਵਾਂ ਵਧਾ ਦਿੱਤੀਆਂ ਹਨ। ਓਧਰ ਮੁੱਖ ਮੰਤਰੀ ਭਗਵੰਤ ਮਾਨ ਨੇ ਟਵੀਟ ਕਰਦਿਆਂ ਲਿਖਿਆ, ਅੱਜ ਪੰਜਾਬ ਰਾਜ ਭਵਨ ਚੰਡੀਗੜ੍ਹ ਵਿਖੇ ਸੂਬੇ ਦੇ ਰਾਜਪਾਲ ਮਾਣਯੋਗ ਸ਼੍ਰੀ ਗੁਲਾਬ ਚੰਦ ਕਟਾਰੀਆ ਜੀ ਨੇ ਲੁਧਿਆਣਾ ਪੱਛਮੀ ਤੋਂ ਵਿਧਾਇਕ ਸੰਜੀਵ ਅਰੋੜਾ ਨੂੰ ਕੈਬਨਿਟ ਮੰਤਰੀ ਵਜੋਂ ਸਹੁੰ ਚੁਕਾਈ। ਉਹਨਾਂ ਨੂੰ ਨਵੀਂ ਜ਼ਿੰਮੇਵਾਰੀ ਦੀਆਂ ਬਹੁਤ-ਬਹੁਤ ਵਧਾਈਆਂ। ਦੱਸ ਦੇਈਏ ਕਿ 'ਆਪ' ਸਰਕਾਰ ਦੇ ਲਗਭਗ ਸਾਢੇ 3 ਸਾਲਾਂ ਵਿੱਚ 7ਵਾਂ ਕੈਬਨਿਟ ਵਿਸਥਾਰ ਹੈ। ਪੰਜਾਬ ਸਰਕਾਰ ਨੇ ਆਖਰੀ ਵਾਰ ਸਤੰਬਰ 2024 ਵਿੱਚ ਮੰਤਰੀ ਮੰਡਲ ਦਾ ਵਿਸਥਾਰ ਕੀਤਾ ਸੀ। ਇਸ ਸਮੇਂ ਦੌਰਾਨ ਹਰਦੀਪ ਸਿੰਘ ਮੁੰਡੀਆ, ਬਰਿੰਦਰ ਕੁਮਾਰ ਗੋਇਲ, ਤਰਨਪ੍ਰੀਤ ਸਿੰਘ ਸੌਂਦ ਅਤੇ ਮਹਿੰਦਰ ਭਗਤ ਨੂੰ ਮੰਤਰੀ ਮੰਡਲ ਵਿੱਚ ਸ਼ਾਮਲ ਕੀਤਾ ਗਿਆ ਸੀ। ਜਦੋਂ ਕਿ ਬਲਕਾਰ ਸਿੰਘ, ਚੇਤਨ ਸਿੰਘ ਜੌੜਾਮਾਜਰਾ, ਬ੍ਰਹਮਸ਼ੰਕਰ ਜਿੰਪਾ ਅਤੇ ਅਨਮੋਲ ਗਗਨ ਮਾਨ ਦੀ ਕੈਬਨਿਟ 'ਚੋਂ ਛੁੱਟੀ ਕਰ ਦਿੱਤੀ ਗਈ ਸੀ।



## ਰੇਪ ਤੇ ਕਤਲ ਮਾਮਲੇ 'ਚ ਰਣਜੀਤ ਸਿੰਘ ਢੱਡਰੀਆਂਵਾਲਾ ਦੀਆਂ ਵਧੀਆਂ ਮੁਸ਼ਕਲਾਂ, ਹਾਈਕੋਰਟ ਪਹੁੰਚਿਆ ਮਾਮਲਾ

**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਰਣਜੀਤ ਸਿੰਘ ਢੱਡਰੀਆਂਵਾਲਾ ਦੀਆਂ ਮੁਸ਼ਕਿਲਾਂ ਘੱਟ ਹੋਣ ਦਾ ਨਾਂਅ ਨਹੀਂ ਲੈ ਰਹੀਆਂ ਹਨ। ਹੁਣ ਢੱਡਰੀਆਂਵਾਲਾ ਵਿਰੁੱਧ ਬਲਾਤਕਾਰ ਮਾਮਲੇ ਵਿੱਚ ਪੁਲਿਸ ਰਿਪੋਰਟ ਤੋਂ ਮੈਜਿਸਟ੍ਰੇਟ ਦੀ ਅਸੰਤੁਸ਼ਟੀ ਨੇ ਉਨ੍ਹਾਂ ਦੀ ਮੁਸ਼ਕਿਲ ਵਧਾ ਦਿੱਤੀ ਹੈ। ਮੈਜਿਸਟ੍ਰੇਟ ਨੇ ਰਿਪੋਰਟ ਹਾਈ ਕੋਰਟ ਵਿੱਚ ਭੇਜ ਦਿੱਤੀ ਹੈ, ਜਿਸ 'ਤੇ 4 ਅਗਸਤ ਨੂੰ ਅਗਲੀ ਸੁਣਵਾਈ ਹੋਵੇਗੀ। ਐਡਵੋਕੇਟ ਨਵਨੀਤ ਕੌਰ ਵੜੈਚ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਣਜੀਤ ਸਿੰਘ ਢੱਡਰੀਆਂਵਾਲਾ ਦੇ ਪਟਿਆਲਾ ਆਸ਼ਰਮ ਵਿੱਚ 2012 ਵਿੱਚ ਇੱਕ ਕੁੜੀ ਨਾਲ ਬਲਾਤਕਾਰ ਅਤੇ ਕਤਲ ਦੇ ਦੋਸ਼ਾਂ ਦੇ ਮਾਮਲੇ ਵਿੱਚ ਪੰਜਾਬ ਪੁਲਿਸ ਦੀ ਕਲੋਜ਼ਰ ਰਿਪੋਰਟ ਤੋਂ ਅਸੰਤੁਸ਼ਟ, ਮੈਜਿਸਟ੍ਰੇਟ ਨੇ ਰਿਪੋਰਟ ਪੰਜਾਬ-ਹਰਿਆਣਾ ਹਾਈ ਕੋਰਟ ਨੂੰ ਭੇਜ ਦਿੱਤੀ ਹੈ। ਉਨ੍ਹਾਂ ਨੇ ਦੱਸਿਆ ਕਿ ਹਾਈ ਕੋਰਟ ਨੇ ਹੁਣ ਪਟੀਸ਼ਨਰ ਨੂੰ ਇਸਦਾ ਅਧਿਐਨ ਕਰਨ ਅਤੇ ਅਗਲੀ ਸੁਣਵਾਈ ਵਿੱਚ ਆਪਣਾ ਪੱਖ ਪੇਸ਼ ਕਰਨ ਦਾ ਹੁਕਮ ਦਿੱਤਾ ਹੈ। ਦੱਸ ਦਈਏ ਕਿ ਇਸ ਤੋਂ ਪਹਿਲਾਂ, ਹਾਈ ਕੋਰਟ ਨੇ ਸੀਬੀਆਈ ਜਾਂਚ ਤੋਂ ਇਨਕਾਰ ਕਰ ਦਿੱਤਾ ਸੀ। ਹਾਈ ਕੋਰਟ ਨੇ ਸਥਾਨਕ ਪੁਲਿਸ ਨੂੰ ਜਾਂਚ ਕਰਨ ਅਤੇ ਚੁੱਕੇ ਗਏ ਕਦਮਾਂ ਦੀ ਜਾਣਕਾਰੀ ਮੈਜਿਸਟ੍ਰੇਟ ਨੂੰ ਸੌਂਪਣ ਦੇ ਹੁਕਮ ਦਿੱਤੇ ਸਨ। ਨਾਲ ਹੀ, ਮੈਜਿਸਟ੍ਰੇਟ ਨੂੰ ਹੁਕਮ ਦਿੱਤਾ ਗਿਆ ਹੈ ਕਿ ਜੇਕਰ ਜਾਂਚ ਵਿੱਚ ਕੋਈ ਖਾਮੀ ਹੈ, ਤਾਂ ਕੇਸ ਹਾਈ ਕੋਰਟ ਨੂੰ ਭੇਜੋ, ਹਾਈ ਕੋਰਟ ਫਿਰ ਢੁਕਵੇਂ ਆਦੇਸ਼ ਜਾਰੀ ਕਰੇਗੀ। ਇਸ ਹੁਕਮ ਦੇ ਨਾਲ, ਹਾਈ ਕੋਰਟ ਨੇ ਪਟੀਸ਼ਨ ਦਾ ਨਿਪਟਾਰਾ ਕਰ ਦਿੱਤਾ। ਮ੍ਰਿਤਕ ਦੇ ਭਰਾ ਨੇ ਇੱਕ ਪਟੀਸ਼ਨ ਦਾਇਰ ਕੀਤੀ ਸੀ ਜਿਸ ਵਿੱਚ ਇਸ ਮਾਮਲੇ ਦੀ ਜਾਂਚ ਇੱਕ ਸੀਨੀਅਰ ਆਈਪੀਐਸ ਦੀ ਅਗਵਾਈ ਵਿੱਚ ਸੀਬੀਆਈ ਜਾਂ ਐਸਆਈਟੀ ਰਾਹੀਂ ਕਰਵਾਉਣ ਦੇ ਨਿਰਦੇਸ਼ਾਂ ਦੀ ਮੰਗ ਕੀਤੀ ਗਈ ਸੀ। ਪਟੀਸ਼ਨ ਵਿੱਚ ਰਣਜੀਤ ਸਿੰਘ ਢੱਡਰੀਆਂਵਾਲਾ ਵਿਰੁੱਧ ਗੰਭੀਰ ਦੋਸ਼ ਲਗਾਏ ਗਏ ਹਨ।



## ਦਿੱਲੀ ਤੋਂ ਵਾਸ਼ਿੰਗਟਨ ਜਾ ਰਹੀ ਏਅਰ ਇੰਡੀਆ ਦੀ ਫਲਾਈਟ 'ਚ ਤਕਨੀਕੀ ਖਰਾਬੀ, ਵਿਆਨਾ 'ਚ ਉਤਾਰੇ ਯਾਤਰੀ

**ਨਵੀਂ ਦਿੱਲੀ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਤੋਂ ਵਾਸ਼ਿੰਗਟਨ ਜਾ ਰਹੀ ਏਅਰ ਇੰਡੀਆ ਦੀ ਉਡਾਣ ਵਿੱਚ ਅਚਾਨਕ ਤਕਨੀਕੀ ਖਰਾਬੀ ਆ ਗਈ। ਵਿਆਨਾ ਵਿੱਚ ਰਿਫਿਊਲਿੰਗ ਲਈ ਫਲਾਈਟ ਰੁਕਣ ਤੋਂ ਬਾਅਦ ਇਸ ਖਰਾਬੀ ਦਾ ਪਤਾ ਲੱਗਿਆ। ਇਸ ਤੋਂ ਬਾਅਦ ਉਡਾਣ ਰੱਦ ਕਰ ਦਿੱਤੀ ਗਈ। ਏਅਰਲਾਈਨ ਨੇ ਹਵਾਈ ਜਹਾਜ਼ ਰਾਹੀਂ ਵਾਸ਼ਿੰਗਟਨ ਜਾਣ ਵਾਲੇ ਯਾਤਰੀਆਂ ਨੂੰ ਵਿਆਨਾ ਵਿੱਚ ਉਤਾਰ ਦਿੱਤਾ ਤੇ ਉਨ੍ਹਾਂ ਨੂੰ ਵਿਕਲਪਿਕ ਸਹੂਲਤ ਰਾਹੀਂ ਯਾਤਰਾ ਕਰਵਾਈ। ਇਸ ਦੇ ਨਾਲ ਹੀ ਪੂਰਾ ਰਿਫੰਡ ਵੀ ਦੇ ਦਿੱਤਾ ਗਿਆ। ਇਸ ਤੋਂ ਇਲਾਵਾ ਵਾਸ਼ਿੰਗਟਨ ਡੀਸੀ ਤੋਂ ਵਿਆਨਾ ਰਾਹੀਂ ਨਵੀਂ ਦਿੱਲੀ ਆਉਣ ਵਾਲੀ ਏਅਰ ਇੰਡੀਆ ਦੀ ਉਡਾਣ ਨੂੰ ਵੀ ਰੱਦ ਕਰ ਦਿੱਤਾ ਗਿਆ। ਏਅਰ ਇੰਡੀਆ ਦੇ ਬੁਲਾਰੇ ਨੇ ਕਿਹਾ ਕਿ 2 ਜੁਲਾਈ ਨੂੰ ਨਵੀਂ ਦਿੱਲੀ ਤੋਂ ਵਾਸ਼ਿੰਗਟਨ ਡੀਸੀ ਜਾ ਰਹੀ ਫਲਾਈਟ ਨੰਬਰ 19103 ਨੂੰ ਵਿਆਨਾ ਵਿੱਚ ਰਿਫਿਊਲਿੰਗ ਲਈ ਰੋਕਿਆ ਗਿਆ ਸੀ। ਰਿਫਿਊਲਿੰਗ ਦੌਰਾਨ ਨਿਯਮਤ ਜਾਂਚ ਦੌਰਾਨ, ਜਹਾਜ਼ ਵਿੱਚ ਤਕਨੀਕੀ ਖਰਾਬੀ ਦਾ ਪਤਾ ਲੱਗਿਆ। ਇਸ ਖਰਾਬੀ ਨੂੰ ਠੀਕ ਕਰਨ ਲਈ ਵਾਧੂ ਸਮਾਂ ਚਾਹੀਦਾ ਸੀ। ਇਸ ਕਾਰਨ ਵਿਆਨਾ ਤੋਂ ਵਾਸ਼ਿੰਗਟਨ ਡੀਸੀ ਤੱਕ ਜਹਾਜ਼ ਦੀ ਯਾਤਰਾ ਰੱਦ ਕਰ ਦਿੱਤੀ ਗਈ ਤੇ ਯਾਤਰੀਆਂ ਨੂੰ ਉਤਾਰ ਦਿੱਤਾ ਗਿਆ। ਉਨ੍ਹਾਂ ਦੱਸਿਆ ਕਿ ਵੀਜ਼ਾ-ਮੁਕਤ ਪ੍ਰਵੇਸ਼ ਲਈ ਯੋਗ ਜਾਂ ਵੈਧ ਸ਼ੈਂਗੇਨ ਵੀਜ਼ਾ ਵਾਲੇ ਯਾਤਰੀਆਂ ਨੂੰ ਅਗਲੀ ਉਪਲਬਧ ਉਡਾਣ ਤੱਕ ਵਿਆਨਾ ਵਿੱਚ ਹੋਟਲ ਰਿਹਾਇਸ਼ ਪ੍ਰਦਾਨ ਕੀਤੀ ਗਈ। ਜਦੋਂਕਿ ਪ੍ਰਵੇਸ਼ ਆਗਿਆ ਤੋਂ ਬਿਨਾਂ ਯਾਤਰੀਆਂ ਲਈ, ਆਸਟ੍ਰੀਆ ਦੇ ਅਧਿਕਾਰੀਆਂ ਤੋਂ ਇਮੀਗ੍ਰੇਸ਼ਨ ਤੇ ਸੁਰੱਖਿਆ ਪ੍ਰਵਾਨਗੀ ਪ੍ਰਾਪਤ ਹੋਣ ਤੱਕ ਰਿਹਾਇਸ਼ ਦਾ ਪ੍ਰਬੰਧ ਕੀਤਾ ਗਿਆ। ਇਸ ਤੋਂ ਬਾਅਦ ਵਾਸ਼ਿੰਗਟਨ ਡੀਸੀ ਤੋਂ ਵਿਆਨਾ ਰਾਹੀਂ ਦਿੱਲੀ ਜਾਣ ਵਾਲੀ ਉਡਾਣ 19104 ਨੂੰ ਵੀ ਰੱਦ ਕਰ ਦਿੱਤਾ ਗਿਆ ਤੇ ਪ੍ਰਭਾਵਿਤ ਯਾਤਰੀਆਂ ਨੂੰ ਦਿੱਲੀ ਲਈ ਵਿਕਲਪਿਕ ਉਡਾਣਾਂ 'ਤੇ ਬੁੱਕ ਕਰ ਦਿੱਤੀਆਂ। ਇਸ ਦੇ ਨਾਲ ਹੀ ਉਨ੍ਹਾਂ ਦੀ ਪਸੰਦ ਦੇ ਆਧਾਰ 'ਤੇ ਪੂਰਾ ਰਿਫੰਡ ਦਿੱਤਾ ਗਿਆ। ਏਅਰ ਇੰਡੀਆ ਦੇ ਬੁਲਾਰੇ ਨੇ ਕਿਹਾ ਕਿ ਅਸੁਵਿਧਾ 'ਤੇ ਬਹੁਤ ਦੁੱਖ ਹੈ ਤੇ ਇਹ ਸਾਰੇ ਯਾਤਰੀਆਂ ਤੇ ਚਾਲਕ ਦਲ ਦੀ ਸੁਰੱਖਿਆ ਨੂੰ ਤਰਜੀਹ ਦੇਣ ਲਈ ਵਚਨਬੱਧ ਹੈ। ਇਹ ਫੈਸਲਾ ਪ੍ਰੀ-ਫਲਾਈਟ ਸੁਰੱਖਿਆ ਜਾਂਚ ਪਹਿਲਕਦਮੀ ਤਹਿਤ ਲਿਆ ਗਿਆ। ਏਅਰ ਇੰਡੀਆ ਤੇ ਇਸ ਦੀ ਸਹਾਇਕ ਕੰਪਨੀ ਏਅਰ ਇੰਡੀਆ ਐਕਸਪ੍ਰੈਸ ਰੋਜ਼ਾਨਾ 1100 ਤੋਂ ਵੱਧ ਉਡਾਣਾਂ ਚਲਾਉਂਦੀ ਹੈ। ਇਹ 150,000 ਤੋਂ ਵੱਧ ਯਾਤਰੀਆਂ ਨੂੰ ਲੈ ਕੇ ਜਾਂਦੀ ਹੈ।



## ਪੰਜਾਬ ਵਾਸੀ ਅਗਲੇ 5 ਦਿਨ ਰਹੋ ਸਾਵਧਾਨ, ਭਾਰੀ ਮੀਂਹ ਦੀ ਲਪੇਟ 'ਚ ਆਇਆ ਸੂਬੇ ਦਾ ਅੱਧਾ ਹਿੱਸਾ

**ਜਲੰਧਰ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪੰਜਾਬ 'ਚ ਮੀਂਹ ਨੇ ਮੌਸਮ ਦਾ ਮਿਜਾਜ਼ ਬਦਲ ਦਿੱਤਾ ਹੈ। ਲਗਾਤਾਰ ਪੈ ਰਹੇ ਮੀਂਹ ਨੇ ਸੜਕਾਂ 'ਤੇ ਪਾਣੀ ਭਰ ਦਿੱਤਾ ਹੈ ਜਿਸ ਕਾਰਨ ਲੋਕਾਂ ਲਈ ਭਾਰੀ ਸਮੱਸਿਆਵਾਂ ਵੀ ਪੈਦਾ ਹੋ ਗਈਆਂ ਹਨ। ਮੌਸਮ ਵਿਭਾਗ ਮੁਤਾਬਕ ਅਸਮਾਨ 'ਚ ਚਾਰੋਂ ਪਾਸੇ ਕਾਲੀ ਘਟਾ ਛਾਈ ਰਹੇਗੀ ਅਤੇ ਠੰਡੀ ਹਵਾਵਾਂ ਚੱਲਣਗੀਆਂ। ਮੌਸਮ ਵਿਭਾਗ ਵਲੋਂ ਅਗਲੇ 5 ਦਿਨਾਂ ਲਈ ਹੋਰ ਮੀਂਹ ਪੈਣ ਦੀ ਸੰਭਾਵਨਾ ਜਤਾਈ ਗਈ ਹੈ। ਵਿਭਾਗ ਵੱਲੋਂ ਜਾਰੀ ਕੀਤੀ ਤਾਜ਼ਾ ਭਵਿੱਖਬਾਣੀ ਮੁਤਾਬਕ 4 ਤੇ 5 ਜੁਲਾਈ ਨੂੰ ਪਠਾਨਕੋਟ, ਗੁਰਦਾਸਪੁਰ ਅਤੇ ਹੁਸ਼ਿਆਰਪੁਰ ਵਿਚ ਭਾਰੀ ਮੀਂਹ ਪਵੇਗਾ। ਇਸ ਦੇ ਨਾਲ ਹੀ ਅੰਮ੍ਰਿਤਸਰ, ਕਪੂਰਥਲਾ, ਨਵਾਂਸ਼ਹਿਰ ਅਤੇ ਰੂਪਨਗਰ 'ਚ ਤੇਜ਼ ਹਵਾਵਾਂ ਅਤੇ ਹਲਕੀ ਬੂੰਦਾਬਾਂਦੀ ਹੋਵੇਗੀ। ਉੱਥੇ ਹੀ ਵਿਭਾਗ ਨੇ 6 ਤੇ 7 ਜੁਲਾਈ ਲਈ ਅਲਰਟ ਜਾਰੀ ਕੀਤਾ ਹੈ। ਵਿਭਾਗ ਨੇ 6 ਤੇ 7 ਜੁਲਾਈ ਨੂੰ ਸੂਬੇ ਦੇ ਅੱਧੇ ਹਿੱਸੇ 'ਚ ਭਾਰੀ ਮੀਂਹ ਦੀ ਸੰਭਾਵਨਾ ਜਤਾਈ ਗਈ ਹੈ। ਜਿਸ 'ਚ ਜ਼ਿਲ੍ਹਾ ਪਠਾਨਕੋਟ, ਗੁਰਦਾਸਪੁਰ, ਹੁਸ਼ਿਆਰਪੁਰ, ਰੂਪਨਗਰ, ਕਪੂਰਥਲਾ, ਅੰਮ੍ਰਿਤਸਰ, ਤਰਨਤਾਰਨ, ਜਲੰਧਰ, ਨਵਾਂ ਸ਼ਹਿਰ, ਐੱਸ.ਏ.ਐੱਸ ਨਗਰ ਅਤੇ ਫਤਿਹਗੜ੍ਹ ਸਾਹਿਬ 'ਚ ਭਾਰੀ ਮੀਂਹ ਪਵੇਗਾ ਅਤੇ ਨਾਲ ਹੀ ਨਾਲ ਤੇਜ਼ ਹਵਾਵਾਂ ਚੱਲਣਗੀਆਂ।

## ਪੰਜਾਬ 'ਚ ਮਿੰਨੀ ਗੋਆ 'ਤੇ ਮੱਚ ਗਈ ਹ.ਫੜਾ-ਦ.ਫੜੀ, ਅਚਾਨਕ ਕਿਸ਼ਤੀ ਨੂੰ ਲੱਗੀ ਅੱਗ

**ਪਠਾਨਕੋਟ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਚਮਰੋੜ ਬੰਦਰਗਾਹ ਮਿੰਨੀ ਗੋਆ 'ਤੇ ਖੜ੍ਹੀ ਇੱਕ ਕਿਸ਼ਤੀ ਨੂੰ ਅਚਾਨਕ ਅੱਗ ਲੱਗਣ ਕਾਰਨ ਹਫੜਾ-ਦਫੜੀ ਮੱਚ ਗਈ। ਜਾਣਕਾਰੀ ਅਨੁਸਾਰ ਧਾਰ ਬਲਾਕ ਦੇ ਮਸ਼ਹੂਰ ਮਿੰਨੀ ਗੋਆ ਚਮਰੋੜ ਬੰਦਰਗਾਹ 'ਤੇ ਇਹ ਹਾਦਸਾ ਵਾਪਰਿਆ ਹੈ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਕਰਮਚਾਰੀ ਸਾਹਿਲ ਨੇ ਦੱਸਿਆ ਕਿ ਉਸਨੇ ਝੀਲ ਦੇ ਇੱਕ ਪਾਸੇ ਕਿਸ਼ਤੀ ਖੜ੍ਹੀ ਕੀਤੀ ਸੀ ਅਤੇ ਅਚਾਨਕ ਕਿਸ਼ਤੀ ਨੂੰ ਅੱਗ ਲੱਗ ਗਈ, ਜਿਸ ਤੋਂ ਬਾਅਦ ਲੋਕਾਂ ਦਾ ਰੌਲਾ ਪੈ ਗਿਆ। ਇਸ ਦੌਰਾਨ ਫਾਇਰ ਬ੍ਰਿਗੇਡ ਦੇ ਕਰਮਚਾਰੀਆਂ ਨੇ ਬਹੁਤ ਮੁਸ਼ਕਿਲ ਨਾਲ ਅੱਗ ਬੁਝਾਈ। ਉਨ੍ਹਾਂ ਕਿਹਾ ਕਿ ਇਹ ਇੱਕ ਅਣਕਿਆਸਿਆ ਹਾਦਸਾ ਹੋ ਸਕਦਾ ਹੈ। ਪਰਮਾਤਮਾ ਦਾ ਸ਼ੁਕਰ ਰਿਹਾ ਕਿ ਉਸ ਸਮੇਂ ਕਿਸ਼ਤੀ ਖੜ੍ਹੀ ਸੀ ਅਤੇ ਕਿਸ਼ਤੀ ਵਿੱਚ ਕੋਈ ਸੈਲਾਨੀ ਨਹੀਂ ਸੀ। ਜਦੋਂ ਕਿ ਘੁੰਮਣ ਆਏ ਸੈਲਾਨੀਆਂ ਅਨੁਸਾਰ, ਉਨ੍ਹਾਂ ਨੇ ਕਿਹਾ ਕਿ ਠੇਕੇਦਾਰ ਨੂੰ ਸਮੇਂ-ਸਮੇਂ 'ਤੇ ਪਾਣੀ 'ਤੇ ਚੱਲਣ ਵਾਲੇ ਸਾਰੇ ਵਾਹਨਾਂ ਦੀ ਜਾਂਚ ਕਰਵਾਉਣੀ ਚਾਹੀਦੀ ਹੈ ਤਾਂ ਜੋ ਕੋਈ ਜਾਨੀ ਨੁਕਸਾਨ ਨਾ ਹੋਵੇ।



## 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹੋਏ ਹਮਲੇ ਦੀ ਯਾਦ 'ਚ ਭਲਕੇ 4 ਜੁਲਾਈ ਨੂੰ ਹੋਵੇਗਾ ਸਮਾਗਮ

**ਅੰਮ੍ਰਿਤਸਰ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਅਜ਼ਾਦ ਭਾਰਤ ਅੰਦਰ ਪੰਜਾਬੀ ਸੂਬਾ ਮੋਰਚਾ ਦੌਰਾਨ ਸਮੇਂ ਦੀ ਸਰਕਾਰ ਵੱਲੋਂ 4 ਜੁਲਾਈ 1955 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਕੀਤੇ ਹਮਲੇ ਦੀ ਯਾਦ ਵਿਚ ਭਲਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਗੁਰਮਤਿ ਸਮਾਗਮ ਸਜਾਇਆ ਜਾ ਰਿਹਾ ਹੈ। ਇਸ ਸਬੰਧ ਵਿਚ ਆਰੰਭ ਕੀਤੇ ਗਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸਜਾਏ ਧਾਰਮਿਕ ਦੀਵਾਨ 'ਚ ਢਾਡੀ ਜਥੇ ਸੰਗਤ ਨਾਲ ਇਤਿਹਾਸ ਦੀ ਸਾਂਝ ਪਾਉਣਗੇ। ਇਸ ਸਬੰਧੀ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਦੇਸ਼ ਦੀ ਗੁਲਾਮੀ ਸਮੇਂ ਤਾਂ ਸਰਕਾਰਾਂ ਵੱਲੋਂ ਤਸ਼ੱਦਦ ਹੁੰਦਾ ਸੀ, ਪ੍ਰੰਤੂ ਸਿੱਖਾਂ ਵੱਲੋਂ ਵੱਡੀਆਂ ਕੁਰਬਾਨੀਆਂ ਨਾਲ ਅਜ਼ਾਦ ਕਰਵਾਏ ਦੇਸ਼ ਅੰਦਰ ਵੀ ਸਰਕਾਰਾਂ ਨੇ ਸਿੱਖਾਂ ਨੂੰ ਵੱਡੇ ਜ਼ਖ਼ਮ ਦਿੱਤੇ ਹਨ। 4 ਜੁਲਾਈ 1955 ਨੂੰ ਸਮੇਂ ਦੀ ਕਾਂਗਰਸ ਸਰਕਾਰ ਵੱਲੋਂ ਪੰਜਾਬੀ ਸੂਬਾ ਮੋਰਚੇ ਦੌਰਾਨ ਸਿੱਖਾਂ ਦੀ ਅਵਾਜ਼ ਨੂੰ ਦਬਾਉਣ ਲਈ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ 'ਤੇ ਹਮਲਾ ਕੀਤਾ, ਜੋ ਸਰਕਾਰ ਦੀ ਧੱਕੇਸ਼ਾਹੀ ਦਾ ਪ੍ਰਤੱਖ ਪ੍ਰਗਟਾਵਾ ਸੀ। ਇਸ ਨੂੰ ਕੌਮ ਕਦੇ ਵੀ ਭੁੱਲ ਨਹੀਂ ਸਕਦੀ। ਇਸੇ ਤਹਿਤ ਹੀ ਸ਼੍ਰੋਮਣੀ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਹਰ ਸਾਲ ਗੁਰਮਤਿ ਸਮਾਗਮ ਕਰਵਾਇਆ ਜਾਂਦਾ ਹੈ।



ਆਵਾਜ਼ਿ ਕੌਮ
AWAZE QAUM
International Newspaper & WEB TV




# Pakistan Gurdwara Yatra

**28th October to 7th November 2025**

**Yatra Includes 25+ Gurudwara Sahib Darshan.**

**Accommodation in hotels and travel within Pakistan and Yatra Start to Finish Point in AC Coaches**

ਪਾਕਿਸਤਾਨ
ਵਿਖੇ ਸ੍ਰੀ ਨਨਕਾਣਾ ਸਾਹਿਬ
ਤੋਂ ਇਲਾਵਾ 25 ਹੋਰ
ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

Important Note: The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

★-- ਗੁਰੂ ਪੰਥ ਦੇ ਸੇਵਾਦਾਰ --★

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death

Sant Jarnail Singh Ji Khalsa Bhindranwale

www.damdamitaksal.net


ਦਮਦਮੀ ਟਕਸਾਲ

ਨਾਮ ਜਪੋ / ਕਿਰਤ ਕਰੋ / ਵੰਡ ਛੱਕੋ — Naam Japo / Kirat Karo / Vand Shako

ਜਥਾ ਭਿੰਡਰਾਂ (ਮਹਿਤਾ)

www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi

ਗਤਕਾ ਸਿੱਖੋ Learn Gatka

www.damdamitaksal.net



ਆਵਾਜ਼ਿ ਕੌਮ

Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ - ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਅਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

29ਵਾਂ ਸਲਾਨਾ ਜੋੜ ਮੇਲਾ

ਗੁਰਮਤਿ ਸਮਾਗਮ

1 ਨਵੰਬਰ 2025, ਦਿਨ ਸ਼ਨੀਵਾਰ ਨੂੰ

ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ

ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਸੋਮਵਾਰ, ਸਵੇਰੇ 10 ਵਜੇ

ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਸ਼ਨੀਵਾਰ, ਸਵੇਰੇ 9 ਵਜੇ

ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ।

ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।



ਬੇਨਤੀ ਕਰਤਾ

ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ

ਦਮਦਮੀ ਟਕਸਾਲ ਭਿੰਡਰਾਂ ਵਾਲੇ

ਜਾਰੀ ਕਰਤਾ : ਭਾਈ ਜਰਨੈਲ ਸਿੰਘ ਢਿੱਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404

ਸੰਪਰਕ ਨੰਬਰ
98141-27470
84278-66404
73408-35137

ੴ ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 28 ਅਕਤੂਬਰ 2025 ਤੋਂ 7 ਨਵੰਬਰ 2025 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1050**

**Important Note:** The Jatha will depart from Jalandhar Punjab from 28th October to 7th November 2025 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1050 pounds including visa, transport, hotel stay and break fast and Dinner.

**Note: It does not include flight ticket and insurance, it has to be done by the passenger himself.**

**ਜਰੂਰੀ ਨੋਟ :** ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 28 ਅਕਤੂਬਰ ਜਲੰਧਰ ਤੋਂ 7 ਨਵੰਬਰ 2025 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਅਤੇ ਰਾਤ ਦੇ ਖਾਣੇ ਸਮੇਤ 1050 ਪੌਂਡ ਹੋਵੇਗਾ।

**ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।**

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਲਗਜ਼ਰੀ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

- ☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।
- ☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

**ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।**

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

Website : www.nsycuk.com
E-mail : gnstuk@hotmail.com

ਆਵਾਜ਼ਿ ਕੌਮ AWAZE QAUM International Newspaper & WEB TV


DAMDAMI TAKSAL
AMRIT SANCHAARS
JUNE/JULY 2025
ਆਵਾਜ਼ਿ ਕੌਮ AWAZE QAUM
International Newspaper & WEB TV
EAST LONDON
SATURDAY 5TH JULY | 1PM
SRI GURU SINGH SABHA, 2-8 PARK AVE, SOUTHALL, UB1 3AG
SOUTHALL
SUNDAY 20TH JULY | 1PM
SRI GURU SINGH SABHA, 2-8 PARK AVE, SOUTHALL, UB1 3AG
CONTACT 07940 270 120 FOR MORE DETAILS


DAMDAMI TAKSAL
JATHA (UK & EUROPE)
ਅੰਮ੍ਰਿਤ ਸੰਚਾਰ
AMRIT SANCHAR
SOUTHALL
ਆਵਾਜ਼ਿ ਕੌਮ
AWAZE QAUM
International Newspaper & WEB TV
SUNDAY 20TH JULY | 1PM
SRI GURU SINGH SABHA SOUTHALL
2-8 PARK AVE | SOUTHALL | UB1 3AG
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS


DAMDAMI TAKSAL
ਅੰਮ੍ਰਿਤ ਸੰਚਾਰ
AMRIT SANCHAR
EAST LONDON
ਆਵਾਜ਼ਿ ਕੌਮ
AWAZE QAUM
International Newspaper & WEB TV
SATURDAY 5TH JULY | 1PM
ATAM ACADEMY
LITTLE HEATH | BARLEY LN | ROMFORD | RM6 4XX
ਕੇਸੀ ਇਸ਼ਨਾਨ ਕਰਕੇ ਪਹੁੰਚੋ । ਕੱਕਾਰ ਉਪਲਬਧ ਹੋਣਗੇ
ARRIVE AFTER DOING FULL KESI ISHNAAN (BODY & HAIR WASH)
KAKKARS WILL BE AVAILABLE
CONTACT 07940 270 120 FOR MORE DETAILS

ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇਹੇਤ
ਪੁਰਜਾਪੁਰਜਾਕਟਿਮਰੈਕਬਹੂਨ ਛਾਡੈ ਖੇਤੁ ॥੨॥੨॥'



Dhan Dhan Shaheed Baba Banda Singh Ji Bahadur De Shaheedi Yaad.
Vich Annual Akhand Path Sahib

**Akhand Path Aram Friday 4th July – 10.00am**

**Akhand Path Bhog**
**Sunday 6th July 10.00am**

ਆਵਾਜ਼ਿ ਕੌਮ AWAZE QAUM International Newspaper & WEB TV

**After Bhog; Kirtan, and**
**Guru Ka Langar.**
**Please join us with your family and friends.**

Guru Nanak Gurudwara, Wednesfield 96 Well Lane, Wednesfield
WV1 1XT Contact: J Singh 07401259555 P Singh 7764707028






--✶ ਗੁਰੂ ਪੰਥ ਦਾ ਸੇਵਾਦਾਰ ✶--

# ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ

## ਮੁਖੀ ਦਮਦਮੀ ਟਕਸਾਲ, ਜਥਾ ਭਿੰਡਰਾਂ, ਮਹਿਤਾ

## ਅਤੇ ਪ੍ਰਧਾਨ ਸੰਤ ਸਮਾਜ




## ਸ੍ਰੀ ਅਖੰਡ ਪਾਠ ਸਾਹਿਬ

# SRI AKHAND PAATH SAHIB

## 18-20TH JULY 2025

**SRI GURU SINGH SABHA SOUTHALL, PARK AVENUE I UB13AG**

**ਸ਼ਹੀਦ ਜਨਰਲ ਲਾਭ ਸਿੰਘ ਮੁਖੀ ਖਾਲਿਸਤਾਨ ਕਮਾਂਡੋ ਫੋਰਸ : ਸ਼ਹੀਦ ਜਨਰਲ ਅਵਤਾਰ ਸਿੰਘ ਬ੍ਰਹਮਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਜਨਰਲ ਗੁਰਜੰਟ ਸਿੰਘ ਬੁਧਸਿੰਘ ਵਾਲਾ ਮੁਖੀ ਖਾਲਿਸਤਾਨ ਲਿਬਰੇਸ਼ਨ ਫੋਰਸ : ਸ਼ਹੀਦ ਭਾਈ ਮਹਿੰਦਰ ਸਿੰਘ ਟੋਰਂਟੋ (ਕੈਨੇਡਾ)**

**ਸਿੱਖ ਫੈਡਰੇਸ਼ਨ ਯੂ. ਕੇ.**

ਪਰਮਿੰਦਰ ਸਿੰਘ ਬੱਲ ਪ੍ਰਧਾਨ, ਅਜੀਤਪਾਲ ਸਿੰਘ ਸਹੋਤਾ ਜਨਰਲ ਸਕੱਤਰ, ਹਰਮੇਲ ਸਿੰਘ ਖ਼ਾਲਸਾ ਆਰਗੇਨਾਈਜ਼ਰ ਟੈਲੀਫ਼ੋਨ : 07771 608 363, ਈ-ਮੇਲ : PSBAL46@gmail.com

## ★ ਸ਼ਹੀਦੀ ਸਮਾਗਮ ★

ਸ੍ਰੀ ਆਖੰਡ ਪਾਠ ਦੇ ਭੋਗ ਉਪਰੰਤ - 11 ਵਜੇ ਤੋਂ ਇਕ ਵਜੇ ਤੱਕ ਦੀਵਾਨ ਸਜੇਗਾ। ਪੰਥਕ ਬੁਲਾਰੇ ਸ਼ਹੀਦ ਸਿੰਘਾਂ ਦੀਆਂ ਜੀਵਨੀਆਂ ਤੇ ਵਿਚਾਰ ਰੱਖਣਗੇ। ਸਮੂੰਹ ਪੰਥਕ ਆਗੂਆਂ ਨੂੰ ਖੁੱਲ੍ਹਾ ਸੱਦਾ ਦਿੱਤਾ ਜਾਂਦਾ ਹੈ। ਸੰਗਤਾਂ ਨੂੰ ਹੁੰਮ-ਹੁਮਾ ਕੇ ਪੁੱਜਣ ਦੀ ਅਪੀਲ ਕੀਤੀ ਜਾਂਦੀ ਹੈ।

# ਸ਼ਰਧਾਂਜਲੀ ਸਮਾਗਮ




ਅਕਾਲ ਤਖ਼ਤ ਸਾਹਿਬ ਦੀ ਮਰਯਾਦਾ,
ਪ੍ਰਭੁਸੱਤਾ ਸੰਪੰਨ ਸਿੱਖ ਰਾਜ ਦੇ ਸੰਕਲਪ
ਅਤੇ ਸਿੱਖ ਸਿਧਾਂਤਾਂ ਦੀ ਪਹਿਰੇਦਾਰੀ
ਕਰਦੀਆਂ ਰਹੀਆਂ ਸੰਘਰਸ਼ੀਲ ਸ਼ਖਸ਼ੀਅਤਾਂ

**ਭਾਈ ਗਜਿੰਦਰ ਸਿੰਘ**

**ਅਤੇ**

**ਸ਼ਹੀਦ ਭਾਈ ਨਿੱਝਰ**

ਦੀ ਮਿੱਠੀ, ਨਿੱਘੀ ਅਤੇ
ਪਿਆਰ-ਭਰੀ ਯਾਦ ਵਿੱਚ

ਭੋਗ ਅਖੰਡ ਪਾਠ ਸਾਹਿਬ,
ਕੀਰਤਨ, ਅਰਦਾਸ,

## 5 ਜੁਲਾਈ
## ਅੰਮ੍ਰਿਤਸਰ

ਸਥਾਨ:
ਗੁ: ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ
ਅਕਾਲ ਤਖ਼ਤ ਸਾਹਿਬ
ਸਮਾਂ - ਸਵੇਰੇ 7.30 ਵਜੇ

## ਦਲ ਖ਼ਾਲਸਾ

**ਦਲ ਖਾਲਸਾ ਦੇ ਬਾਨੀ ਭਾਈ ਗਜਿੰਦਰ ਸਿੰਘ ਅਤੇ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ ਦੀ ਮਿੱਠੀ, ਨਿੱਘੀ ਅਤੇ ਪਿਆਰੀ ਯਾਦ ਵਿੱਚ ਪੰਜਾਬ, ਪਾਕਿਸਤਾਨ, ਜਰਮਨੀ ਅਤੇ ਕੈਨੇਡਾ ਵਿੱਚ ਸ਼ਰਧਾਂਜਲੀ ਸਮਾਗਮ ਆਯੋਜਿਤ ਕੀਤੇ ਜਾ ਰਹੇ ਹਨ।**

4 ਜੁਲਾਈ ਨੂੰ ਗੁਰਦਵਾਰਾ ਸਿੱਖ ਸੰਗਤ ਬਰੈਂਪਟਨ, ਕੈਨੇਡਾ
5 ਜੁਲਾਈ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ, ਅੰਮ੍ਰਿਤਸਰ
5 ਜੁਲਾਈ ਨੂੰ ਗੁ: ਸ੍ਰੀ ਕਰਤਾਰਪੁਰ ਸਾਹਿਬ, ਪਾਕਿਸਤਾਨ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਸਰੀ ਡੇਲਟਾ ਕੈਨੇਡਾ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਮੌਂਟੀਰੀਅਲ ਕੈਨੇਡਾ
6 ਜੁਲਾਈ ਨੂੰ ਗੁਰਦਵਾਰਾ ਨਾਨਕ ਦਰਬਾਰ ਪਾਰਕ ਮੌਂਟੀਰੀਅਲ
13 ਜੁਲਾਈ ਨੂੰ ਫਰੈਂਕਫਰਟ, ਜਰਮਨੀ

ਆਵਾਜ਼ਿ ਕੌਮ AWAZE QAUM International Newspaper & WEB TV





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243





# ਜੂਨ 1984 ਦੇ ਘੱਲੂਘਾਰੇ ਸਮੇਂ ਸਰਕਾਰ ਦੇ ਜ਼ੁਲਮਾਂ ਨੂੰ ਉਜਾਗਰ ਕਰਦੀ ਸਚਿੱਤਰ ਪੁਸਤਕ ਐਡਵੋਕੇਟ ਧਾਮੀ ਵੱਲੋਂ ਜਾਰੀ

**ਅੰਮ੍ਰਿਤਸਰ**, 3 **ਜੁਲਾਈ** (**ਆਵਾਜ਼ਿ ਕੌਮ ਬਿਊਰੋ**)-ਜੂਨ 1984 ’ਚ ਤਤਕਾਲੀ ਕਾਂਗਰਸ ਸਰਕਾਰ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਕੀਤੇ ਫ਼ੌਜੀ ਹਮਲੇ ਸਮੇਂ ਸਿੱਖਾਂ ਦੇ ਹੋਏ ਭਾਰੀ ਨੁਕਸਾਨ ਨੂੰ ਬਿਆਨ ਕਰਦੀਆਂ ਤਸਵੀਰਾਂ ਨੂੰ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਇਕ ਵੱਡਅਕਾਰੀ ਕਿਤਾਬ ਦੇ ਰੂਪ ਵਿਚ ਜਾਰੀ ਕੀਤਾ। ਇਸ ਮੌਕੇ ਗੱਲ ਕਰਦਿਆਂ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਜੂਨ 1984 ਦਾ ਇਹ ਘੱਲੂਘਾਰਾ ਸਿੱਖ ਇਤਿਹਾਸ ਦਾ ਇਕ ਦੁਖਦਾਈ ਅਧਿਆਇ ਹੈ। ਉਨ੍ਹਾਂ ਕਿਹਾ ਕਿ ਸਮੇਂ ਦੀ ਕਾਂਗਰਸ

ਆਵਾਜ਼ਿ ਕੌਮ
AWAZE QAUM
International Newspaper & WEB TV

ਸਰਕਾਰ ਨੇ ਸਿੱਖਾਂ ਦੇ ਪਵਿੱਤਰ ਗੁਰਧਾਮਾਂ ’ਤੇ ਫ਼ੌਜੀ ਹਮਲਾ ਕਰਕੇ ਸਿੱਖ ਮਨਾਂ ਨੂੰ ਅਜਿਹਾ ਜ਼ਖ਼ਮ ਦਿੱਤਾ, ਜੋ ਨਾ ਭਰਨਯੋਗ ਹੈ। ਉਨ੍ਹਾਂ ਕਿਹਾ ਕਿ ਸਰਕਾਰ ਨੇ ਸਿੱਖਾਂ ਦੇ ਧਾਰਮਿਕ ਖ਼ਜ਼ਾਨੇ ਨੂੰ ਸਾਂਭੀ ਬੈਠੀ ਸਿੱਖ ਰੈਂਫਰੈਂਸ ਲਾਇਬ੍ਰੇਰੀ ਦੇ ਕੀਮਤੀ ਦਸਤਾਵੇਜ਼ ਤੇ ਇਤਿਹਾਸਕ ਵਸਤੂਆਂ ਨੂੰ ਵੀ ਵੱਡਾ ਨੁਕਸਾਨ ਪਹੁੰਚਾਇਆ। ਐਡਵੋਕੇਟ ਧਾਮੀ ਨੇ ਕਿਹਾ ਕਿ ਹਮਲੇ ਤੋਂ ਕਈ ਦਿਨ ਬਾਅਦ ਤੱਕ ਸਰਕਾਰ ਨੇ ਕਰਫਿਊ ਲਗਾ ਕੇ ਸੰਗਤਾਂ ਨੂੰ ਸ੍ਰੀ ਦਰਬਾਰ ਸਾਹਿਬ ਤੋਂ ਆਉਣ ਤੋਂ ਰੋਕੀ ਰੱਖਿਆ, ਤਾਂ ਜੋ ਸਰਕਾਰ ਵੱਲੋਂ ਕੀਤੇ ਜ਼ੁਲਮਾਂ ਦੇ ਨਿਸ਼ਾਨ ਮਿਟਾਏ ਜਾ ਸਕਣ। ਸਰਕਾਰ ਦੇ ਇਨ੍ਹਾਂ ਜ਼ੁਲਮਾਂ ਦੀਆਂ ਕੁਝ ਤਸਵੀਰਾਂ ਫੋਟੋਗ੍ਰਾਫਰ ਸ. ਸਤਪਾਲ ਸਿੰਘ ਦਾਨਸ਼ ਨੇ ਸਾਂਭੀਆਂ ਸਨ, ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਨੇ ਇਕ ਸਚਿੱਤਰ ਪੁਸਤਕ ਦੇ ਰੂਪ ਵਿਚ ਤਿਆਰ ਕਰਕੇ ਅੱਜ ਜਾਰੀ ਕੀਤਾ ਹੈ। ਇਸ ਵਿਚ ਦਰਜ ਤਸਵੀਰਾਂ ਸਮੇਂ ਦੇ ਹਾਲਾਤ ਅਤੇ ਸਰਕਾਰ ਵੱਲੋਂ ਕੀਤੇ ਵਹਿਸ਼ੀਆਣਾ ਜ਼ੁਲਮਾਂ ਨੂੰ ਦਰਸਾਉਂਦੀਆਂ





ਹਨ। ਉਨ੍ਹਾਂ ਕਿਹਾ ਕਿ ਇਹ ਕਿਤਾਬ ਸ਼੍ਰੋਮਣੀ ਕਮੇਟੀ ਦਫ਼ਤਰ, ਸਿੱਖ ਰੈਂਫਰੈਂਸ ਲਾਇਬ੍ਰੇਰੀ, ਸ੍ਰੀ ਦਰਬਾਰ ਸਾਹਿਬ ਦੇ ਸੂਚਨਾ ਕੇਂਦਰ ਅਤੇ ਸਿੱਖ ਅਜਾਇਬ ਘਰ ਵਿਚ ਰੱਖੀ ਜਾਵੇਗੀ, ਤਾਂ ਜੋ ਸੰਗਤਾਂ ਸਰਕਾਰ ਵੱਲੋਂ ਸਿੱਖਾਂ ’ਤੇ ਕੀਤੇ ਜ਼ੁਲਮ ਤੋਂ ਜਾਣੂ ਹੋ ਸਕਣ। ਇਸ ਤੋਂ ਇਲਾਵਾ ਇਸ ਦਾ ਡਿਜੀਟਾਈਜੇਸ਼ਨ ਕਰਕੇ ਵੀ ਵੱਖ-ਵੱਖ ਮਾਧਿਅਮਾਂ ਰਾਹੀਂ ਸੰਗਤਾਂ ਤੀਕ ਪਹੁੰਚਾਇਆ ਜਾਵੇਗਾ।

ਕਿਤਾਬ ਜਾਰੀ ਮੌਕੇ ਸ਼੍ਰੋਮਣੀ ਕਮੇਟੀ ਦੇ ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਤੁਗਲਵਾਲ, ਸ. ਪਰਮਜੀਤ ਸਿੰਘ ਖ਼ਾਲਸਾ, ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਸ. ਸੁਰਜੀਤ ਸਿੰਘ ਭਿੱਟੇਵੱਡ, ਭਾਈ ਅਜੈਬ ਸਿੰਘ ਅਭਿਆਸੀ, ਸ. ਅੰਮ੍ਰਿਤਪਾਲ ਸਿੰਘ ਕੁਲਾਰ, ਓਐਸਡੀ ਸ. ਸਤਬੀਰ ਸਿੰਘ ਧਾਮੀ, ਨਿੱਜੀ ਸਕੱਤਰ ਸ. ਸ਼ਾਹਬਜ਼ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਜੋਗੇਸ਼ਵਰ ਸਿੰਘ, ਮੈਨੇਜਰ ਸ. ਜਤਿੰਦਰਪਾਲ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁਖੀ ਆਦਿ ਮੌਜੂਦ ਸਨ।





ਆਵਾਜ਼ਿ ਕੌਮ AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਿਆਹ ਪੁਰਬ 'ਤੇ ਵਿਸ਼ੇਸ਼

# ਜਦੋਂ ਪਿੰਡ ਬਿਲਗਾ ਵਿਖੇ ਪੰਚਮ ਪਾਤਸ਼ਾਹ ਬਰਾਤ ਸਮੇਤ ਠਹਿਰੇ



**ਦੁਆਬੇ** ਦੀ ਧਰਤੀ ਦਾ ਇਤਿਹਾਸਕ ਪਿੰਡ ਬਿਲਗਾ (ਜਲੰਧਰ) ਸ਼ਹੀਦਾਂ ਦੇ ਸਿਰਤਾਜ, ਬਾਣੀ ਦੇ ਬੋਹਿਥ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਚਰਨ ਛੋਹ ਪ੍ਰਾਪਤ ਇਤਿਹਾਸਕ ਪਿੰਡ ਹੈ। ਇਹ ਪਿੰਡ ਪੰਜਾਬ ਦੇ ਵੱਡੇ ਪਿੰਡਾਂ ਵਿੱਚੋਂ ਪ੍ਰਸਿੱਧੀ ਪ੍ਰਾਪਤ ਨਗਰ ਹੈ। ਇਸ ਧਰਤੀ ਨੇ ਸਮੇਂ-ਸਮੇਂ ਅਨੇਕਾਂ ਧਾਰਮਿਕ, ਰਾਜਨੀਤਿਕ ਅਤੇ ਉੱਘੀਆਂ ਸਮਾਜ ਸੇਵਕ ਸ਼ਖ਼ਸੀਅਤਾਂ ਨੂੰ ਜਨਮ ਦਿੱਤਾ। ਇਹ ਪਿੰਡ ਜ਼ਿਲ੍ਹਾ ਜਲੰਧਰ ਦੀ ਤਹਿਸੀਲ ਫਿਲੌਰ ਵਿਖੇ ਸਥਿਤ ਹੈ। ਇਤਿਹਾਸਕ ਤੱਥਾਂ ਮੁਤਾਬਕ ਇਹ ਪਿੰਡ ਗੁਰੂ-ਕਾਲ ਸਮੇਂ ਝੌਂਪੜੀਆਂ ਵਿੱਚ ਵੱਸਦਾ ਸੀ। ਇਹ ਝੌਂਪੜੀਆਂ ਹਰ ਸਾਲ ਕੁਦਰਤ ਦੀ ਕਰੋਪੀ ਦਾ ਸ਼ਿਕਾਰ ਹੋ ਜਾਂਦੀਆਂ ਸਨ। ਗੁਰੂ ਨਾਨਕ ਸਾਹਿਬ ਦੇ ਪੰਜਵੇਂ ਸਰੂਪ ਸ੍ਰੀ ਗੁਰੂ ਅਰਜਨ ਦੇਵ ਜੀ ਜਦੋਂ ਮਾਤਾ ਗੰਗਾ ਜੀ ਨੂੰ ਵਿਆਹੁਣ ਲਈ ਇਥੋਂ ਨੇੜੇ ਵੱਸੇ ਪਿੰਡ ਮੌ-ਸਾਹਿਬ ਬਰਾਤ ਸਮੇਤ ਪਿੰਡ ਬਿਲਗਾ ਤੋਂ ਗੁਜ਼ਰ ਰਹੇ ਸਨ। ਇਸ ਸਮੇਂ ਪਿੰਡ ਬਿਲਗਾ ਵਿੱਚ ਵੱਸਣ ਵਾਲੇ ਸ਼ਰਧਾਵਾਨ ਗੁਰੂ ਨਾਨਕ ਨਾਮ ਲੇਵਾ ਗੁਰਸਿੱਖਾਂ ਦੇ ਬੇਨਤੀ ਕਰਨ 'ਤੇ ਕੁਝ ਅਰਸੇ ਲਈ ਗੁਰੂ ਸਾਹਿਬ ਨੇ ਪੜਾਅ ਕੀਤਾ ਸੀ। ਸਮੁੱਚੇ ਪਿੰਡ ਵਾਸੀਆਂ ਨੇ ਗੁਰੂ ਸਾਹਿਬ ਅਤੇ ਬਰਾਤ ਦੀ ਆਉ ਭਗਤ ਅਤੇ ਸੇਵਾ ਬੜੀ ਸ਼ਰਧਾ ਤੇ ਪ੍ਰੇਮ ਨਾਲ ਕੀਤੀ। ਇਤਿਹਾਸਕ ਹਵਾਲਿਆਂ ਮੁਤਾਬਕ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਇਸ ਪੜਾਅ ਦੌਰਾਨ ਇਸ਼ਨਾਨ ਤੋਂ ਬਾਅਦ ਪਹਿਨਣ ਵਾਲੇ ਬਸਤਰ ਬਦਲੇ ਸਨ। ਇਸ ਸਮੇਂ ਗੁਰੂ ਸਾਹਿਬ ਦੇ ਨਾਲ ਆਏ ਸੰਗੀ ਬਰਾਤੀਆਂ ਵਿੱਚ ਆਏ ਭਾਈ ਸੱਤਾ ਜੀ ਅਤੇ ਭਾਈ ਬਲਵੰਤ ਜੀ ਨੇ ਧੁਰ ਕੀ ਬਾਣੀ ਦਾ ਕੀਰਤਨ ਵੀ ਕੀਤਾ।



-ਭਗਵਾਨ ਸਿੰਘ ਜੌਹਲ
bhagwansinghjohal@gmail.com
ਮੋਬਾਈਲ :
98143-24040


ਪਿੰਡ ਵਾਸੀਆਂ ਨੇ ਗੁਰੂ ਸਾਹਿਬ ਅੱਗੇ ਫਰਿਆਦ ਕੀਤੀ ਕਿ ਸਾਡੀਆਂ ਕੱਚੀਆਂ ਕੱਖਾਂ ਕਾਨਿਆਂ ਦੀਆਂ ਕੁੱਲੀਆਂ ਹਰ ਸਾਲ ਅੱਗ ਨਾਲ ਸੜ ਕੇ ਤਬਾਹ ਹੋ ਜਾਂਦੀਆਂ ਹਨ। ਕਈ ਵਾਰ ਕੁਦਰਤ ਦੇ ਕਹਿਰ ਦਾ ਸ਼ਿਕਾਰ ਹੋ ਜਾਂਦੀਆਂ ਹਨ। ਤੁਸੀਂ ਗੁਰੂ ਨਾਨਕ ਸਾਹਿਬ ਦੇ ਪੰਜਵੇਂ ਸਰੂਪ ਹੋ ਸਾਡੇ 'ਤੇ ਕ੍ਰਿਪਾ ਕਰੋ। ਸ੍ਰੀ ਗੁਰੂ ਅਰਜਨ ਦੇਵ ਜੀ ਨੇ ਆਪਣੇ ਜੀਵਨ ਕਾਲ ਵਿੱਚ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੀ ਉਸਾਰੀ, ਸ੍ਰੀ ਤਰਨਤਾਰਨ ਸਾਹਿਬ ਦੇ ਸਰੋਵਰ ਤੇ ਸ਼ਹਿਰ ਤੋਂ ਇਲਾਵਾ, ਛੇਹਰਟਾ ਸਾਹਿਬ, ਸ੍ਰੀ ਕਰਤਾਰਪੁਰ ਸਾਹਿਬ (ਜਲੰਧਰ), ਸ੍ਰੀ ਹਰਗੋਬਿੰਦਪੁਰ ਆਦਿ ਸ਼ਹਿਰਾਂ ਤੇ ਨਗਰਾਂ ਦੀ ਉਸਾਰੀ ਕਰਵਾਈ, ਨੇ ਬਚਨ ਕੀਤਾ ਸਮਾਂ ਆਉਣ 'ਤੇ ਸ੍ਰੀ ਅਕਾਲ ਪੁਰਖ ਦੇ ਹੁਕਮ ਮੁਤਾਬਕ ਵੱਡਾ ਪਿੰਡ/ਨਗਰ ਵੱਸੇਗਾ। ਅੱਜ ਪਿੰਡ ਬਿਲਗਾ ਦੀਆਂ ਸਤ ਪੱਤੀਆਂ ਹਨ। ਪੰਜਾਬ ਦਾ ਵੱਡਾ ਪਿੰਡ ਹੋਣ ਕਰਕੇ ਹਜ਼ਾਰਾਂ ਲੋਕ ਦੇਸ਼-ਵਿਦੇਸ਼ ਵਿੱਚ ਚੰਗਾ ਕਾਰੋਬਾਰ ਕਰ ਰਹੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

ਗੁਰੂ ਸਾਹਿਬ ਦਾ ਵਿਆਹ ਮਾਤਾ ਗੰਗਾ ਜੀ ਨਾਲ 1589 ਈ: ਵਿੱਚ ਹੋਇਆ, ਪਿੰਡ ਬਿਲਗਾ ਜਿਥੇ ਗੁਰੂ ਸਾਹਿਬ ਬਰਾਤ ਸਮੇਤ ਠਹਿਰੇ, ਉਸੇ ਪਵਿੱਤਰ ਅਸਥਾਨ 'ਤੇ ਸਿੱਖ ਸੰਗਤ ਨੇ ਸ਼ਰਧਾ ਸਹਿਤ ਗੁਰਦੁਆਰਾ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਉਸਾਰੀ ਕੀਤੀ। ਜਿਥੇ ਗੁਰੂ ਅਰਜਨ ਦੇਵ ਜੀ ਦੇ ਵਿਆਹ ਦੀਆਂ ਰਸਮਾਂ ਮਾਤਾ ਗੰਗਾ ਜੀ ਨਾਲ ਸੰਪੂਰਨ ਹੋਈਆਂ, ਉਥੇ ਵੀ ਗੁਰਦੁਆਰਾ ਸਾਹਿਬ ਦੀ ਸ਼ਾਨਦਾਰ ਇਮਾਰਤ ਤੇ ਪਿੰਡ ਮੌ-ਸਾਹਿਬ ਵਿੱਚ ਵੀ ਸੁਸ਼ੋਭਿਤ ਹੈ। ਬਿਲਗਾ ਪਿੰਡ ਦੇ ਵਿੱਚਕਾਰ ਗੁਰਦੁਆਰਾ ਸਾਹਿਬ ਦੀ ਇਮਾਰਤ ਸੁਭਾਇਮਾਨ ਹੈ। ਦੱਸਿਆ ਜਾਂਦਾ ਹੈ ਕਿ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨੇ ਆਪਣੇ ਰਾਜ-ਕਾਲ ਦੌਰਾਨ ਇਸ ਪਵਿੱਤਰ ਅਸਥਾਨ ਦੇ ਨਾਂਅ ਜਗੀਰ ਵੀ ਲੱਗਵਾਈ। ਅੱਜ ਕੱਲ੍ਹ ਇਸ ਬਿਲਗਾ ਦੇ ਇਸ ਗੁਰਦੁਆਰਾ ਸਾਹਿਬ ਅਤੇ ਮੌ-ਸਾਹਿਬ (ਮਾਉ-ਸਾਹਿਬ) ਦਾ ਸਿੱਧਾ ਪ੍ਰਬੰਧ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅਧੀਨ ਹੈ। ਗੁ: ਸ੍ਰੀ ਗੁਰੂ ਅਰਜਨ ਦੇਵ ਜੀ ਬਿਲਗਾ ਵਿਖੇ ਗੁਰੂ ਸਾਹਿਬ ਜੀ ਦੀਆਂ ਸਰੀਰਕ ਛੋਹ ਪ੍ਰਾਪਤ ਪਵਿੱਤਰ ਬਸਤਰ, ਕੁੜਤਾ, ਪਜਾਮਾ, ਸਿਮਰਨਾ, ਸੇਲੀ-ਟੋਪੀ, ਚੰਦਨ ਦੀ ਚੌਂਕੀ ਆਦਿ ਸੁਸ਼ੋਭਿਤ ਹਨ। ਇਨ੍ਹਾਂ ਦੇ ਦਰਸ਼ਨ ਸਮੇਂ-ਸਮੇਂ ਕਰਵਾਏ ਜਾਂਦੇ ਹਨ। ਪ੍ਰਵਾਸੀ ਭਾਰਤੀ ਇਲਾਕੇ ਦੀ ਸੰਗਤ ਦੇ ਉੱਦਮ ਨਾਲ ਮਾਹਿਰਾਂ ਦੇ ਸਹਿਯੋਗ ਨਾਲ ਇਨ੍ਹਾਂ ਵਸਤੂਆਂ ਦੀ ਸਾਂਭ ਸੰਭਾਲ ਵਿਗਿਆਨਕ ਢੰਗ ਨਾਲ ਸੁਚੱਜੀ ਤਰ੍ਹਾਂ ਕੀਤੀ ਜਾਂਦੀ ਹੈ। ਗੁਰੂ ਸਾਹਿਬ ਦੀ ਬਰਾਤ ਵਿੱਚ ਬਾਬਾ ਬੁੱਢਾ ਸਾਹਿਬ, ਭਾਈ ਗੁਰਦਾਸ ਜੀ, ਭਾਈ ਸੰਗ ਜੀ, ਸਾਂਈ ਮੀਆਂ ਮੀਰ ਜੀ, ਭਾਈ ਮੰਝ ਜੀ, ਭਾਈ ਸਾਹਲੋ ਆਦਿ ਵਰਗੀਆਂ ਅਨੇਕਾਂ ਆਤਮ-ਰਸੀ ਪਵਿੱਤਰ ਰੂਹਾਂ ਦੇ ਮਾਲਕ ਗੁਰਸਿੱਖ ਵੀ ਸ਼ਾਮਿਲ ਸਨ।

ਇਸ ਪਵਿੱਤਰ ਅਸਥਾਨ 'ਤੇ ਹਰ ਸਾਲ ਵਿਆਹ ਪੁਰਬ ਦੇ ਸਬੰਧ ਵਿੱਚ 18 ਤੋਂ 20 ਹਾੜ ਨੂੰ ਤਿੰਨ ਦਿਨਾਂ ਸਲਾਨਾ ਜੋੜ-ਮੇਲਾ ਹੁੰਦਾ ਹੈ। ਇਸ ਤੋਂ ਅਗਲੇ ਤਿੰਨ ਦਿਨ ਮੌ-ਸਾਹਿਬ ਵਿਖੇ ਵੀ ਵਿਆਹ ਪੁਰਬ ਦੇ ਸਮਾਗਮ ਹੁੰਦੇ ਹਨ। ਲਗਾਤਾਰ ਧਾਰਮਿਕ ਦੀਵਾਨ ਸਜਦੇ ਹਨ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਇਸ ਵਾਰ ਵੀ ਤਿੰਨ ਜੁਲਾਈ ਦੀ ਰਾਤ ਨੂੰ ਸੋਦਰ ਰਹਿਰਾਸ ਜੀ ਦੇ ਪਾਠ ਤੋਂ ਉਪਰੰਤ ਮਹਾਨ ਗੁਰਮਤਿ ਸਮਾਗਮ ਹੋ ਰਿਹਾ ਹੈ। ਇਸੇ ਰਾਤ ਅੰਮ੍ਰਿਤ ਵੇਲੇ ਪੰਜ ਲੋੜਵੰਦ ਪਰਿਵਾਰਾਂ ਦੀਆਂ ਲੜਕੀਆਂ ਦੇ ਅਨੰਦ ਕਾਰਜ ਵੀ ਕਰਵਾਏ ਜਾਂਦੇ ਹਨ। ਇਸ ਤੋਂ ਇਲਾਵਾ ਰਾਤ ਭਰ ਪੰਥ ਪ੍ਰਸਿੱਧ ਜਥੇ ਪਾਵਨ ਬਾਣੀ ਦੇ ਕੀਰਤਨ ਨਾਲ ਸੰਗਤ ਨੂੰ ਸਰਸ਼ਾਰ ਕਰਦੇ ਹਨ। ਇਹ ਕਾਰਜ ਪਿੰਡ ਵਾਸੀਆਂ, ਇਲਾਕਾ ਵਾਸੀਆਂ ਅਤੇ ਗੁਰਦੁਆਰਾ ਪ੍ਰਬੰਧਕਾਂ ਦੇ ਸਹਿਯੋਗ ਨਾਲ ਪ੍ਰਸਿੱਧ ਕੀਰਤਨੀਏ ਭਾਈ ਦਵਿੰਦਰ ਸਿੰਘ ਸੋਢੀ (ਜੋ ਇਸੇ ਪਿੰਡ ਦੇ ਜੰਮਪਲ ਹਨ) ਦੁਆਰਾ ਕਰਵਾਏ ਜਾਂਦੇ ਹਨ। ਇਸ ਤੋਂ ਇਲਾਵਾ ਹੋਰ ਸਮਾਜ ਸੇਵੀ ਕਾਰਜਾਂ ਵਿੱਚ ਲੋੜ-ਵੰਦ ਪਰਿਵਾਰਾਂ ਵਿੱਚ ਮੁਫ਼ਤ ਰਾਸ਼ਨ, ਲੋੜ-ਵੰਦ ਬੱਚਿਆਂ ਦੀ ਪੜ੍ਹਾਈ ਆਦਿ ਕਾਰਜ ਵੀ ਕੀਤੇ ਜਾਂਦੇ ਹਨ। ਅੰਮ੍ਰਿਤ ਵੇਲੇ ਸ੍ਰੀ ਅਖੰਡ ਪਾਠਾਂ ਦੇ ਭੋਗਾਂ ਤੋਂ ਉਪਰੰਤ ਲਗਾਤਾਰ ਦੀਵਾਨ ਸਜਦਾ ਹੈ। ਲੰਗਰਾਂ ਵਿੱਚ ਵੱਖ-ਵੱਖ ਤਰ੍ਹਾਂ ਦੇ ਪਕਵਾਨ ਵਿਆਹ ਪੁਰਬ ਜਾਣ ਕੇ ਸੰਗਤ ਦੀ ਸੇਵਾ ਲਈ ਤਿਆਰ ਕਰਕੇ ਵਰਤਾਏ ਜਾਂਦੇ ਹਨ। ਪਿੰਡ ਬਿਲਗਾ ਅਤੇ ਮੌ-ਸਾਹਿਬ ਵਿਖੇ ਲਗਾਤਾਰ ਜੋੜ ਮੇਲੇ ਦੌਰਾਨ ਵੱਡੀ ਗਿਣਤੀ ਵਿੱਚ ਗੁਰੂ-ਘਰਾਂ ਵਿੱਚ ਸੰਗਤ ਹਾਜ਼ਰੀ ਭਰਦੀ ਹੈ। ਹਰ ਸਾਲ ਇਹ ਸਮਾਗਮ ਯਾਦਗਾਰੀ ਹੋ ਨਿਬੜਦਾ ਹੈ। ••

ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ (ਰਜਿ.) ਵੱਲੋਂ

# ਖਾਲਸਾ ਕਾਲਜ 'ਚ 400 ਖਿਡਾਰੀਆਂ ਨੂੰ ਵੰਡੀਆਂ ਕਿੱਟਾਂ

**ਚੌਕ ਮਹਿਤਾ**,3 **ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਡਾ: ਅਵਤਾਰ ਸਿੰਘ (ਅਮਨਦੀਪ ਹਸਪਤਾਲ) ਵਾਈਸ ਚੇਅਰਮੈਨ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ (ਰਜਿ)ਅੰਮ੍ਰਿਤਸਰ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਆਪਣੇ ਵੱਲੋਂ ਖਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਗਰਾਊਂਡ ਵਿੱਚ ਹਾਕੀ, ਹੈਂਡਬਾਲ, ਵਾਲੀਬਾਲ, ਬਾਕਸਿੰਗ, ਅਥਲੈਟਿਕਸ ਫੁੱਟਬਾਲ ਦੇ ਤਕਰੀਬਨ 400 ਲੜਕੇ ਅਤੇ ਲੜਕੀਆਂ ਨੂੰ ਡਾਕਟਰ ਸਾਹਿਬ ਵੱਲੋਂ ਕਿੱਟਾਂ ਵੰਡੀਆਂ ਗਈਆਂ ਡਾਕਟਰ ਅਵਤਾਰ ਸਿੰਘ ਨੇ ਸਾਰੇ ਖਿਡਾਰੀਆਂ ਨੂੰ ਚੰਗੀ ਖੇਡ ਭਾਵਨਾ ਨਾਲ ਖੇਡਣ ਅਤੇ ਇੰਟਰਨੈਸ਼ਨਲ ਲੈਵਲ ਤੱਕ ਖੇਡਣ ਦੀ ਪ੍ਰੇਰਨਾ ਦਿੱਤੀ। ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਨੇ ਦੱਸਿਆ ਕਿ ਡਾ: ਅਵਤਾਰ ਸਿੰਘ ਅਮਨਦੀਪ ਹਸਪਤਾਲ ਦੇ ਸਰਪ੍ਰਸਤ ਹਨ ਅਤੇ ਮਹਾਰਾਜਾ ਰਣਜੀਤ ਸਿੰਘ ਹਾਕੀ ਅਕੈਡਮੀ ਨੂੰ 25 ਸਾਲ ਤੋਂ ਹਰ ਤਰ੍ਹਾਂ ਦੀ ਮਦਦ ਕਰ ਰਹੇ ਹਨ ਇਹਨਾਂ ਦੀ ਦੇਖਰੇਖ ਵਿੱਚ ਅਕੈਡਮੀ ਦੇ ਹਾਕੀ ਖਿਡਾਰੀਆਂ ਨੇ ਬਹੁਤ ਹੀ ਪ੍ਰਾਪਤੀਆਂ ਕੀਤੀਆਂ ਹਨ ਰਮਨਦੀਪ ਸਿੰਘ, ਸ਼ਮਸ਼ੇਰ ਸਿੰਘ, ਦਿਲਪ੍ਰੀਤ ਸਿੰਘ ਓਲੰਪਿਕਸ ਵਿੱਚ ਖੇਡ ਕੇ ਆਏ ਅਤੇ ਕਾਂਸੀ ਦਾ ਤਗਮਾ ਜਿੱਤਿਆ ਇਸ ਦੇ ਨਾਲ ਨਾਲ ਅਰਾਏਜੀਤ ਸਿੰਘ ਹੁੰਦਲ, ਗੁਰਜੰਟ ਸਿੰਘ ,ਲਵਦੀਪ ਸਿੰਘ ,ਹਰਸਾਹਿਬ ਸਿੰਘ ਰਵੀਸ਼ੇਰ ਸਿੰਘ ,ਬਿਕਰਮਜੀਤ ਸਿੰਘ ਅਤੇ ਕਈ ਇੰਟਰਨੈਸ਼ਨਲ ਖਿਡਾਰੀ ਅਕੈਡਮੀ ਵੱਲੋਂ ਹੋਏ ਹਨ ਉਹਨਾਂ ਨੇ ਦੱਸਿਆ ਕਿ ਡਾ: ਅਵਤਾਰ ਸਿੰਘ ਜੀ ਦਾ ਖੇਡ ਦੇ ਖੇਤਰ ਵਿੱਚ ਬਹੁਤ ਹੀ ਯੋਗਦਾਨ ਹੈ ਅਤੇ ਉਹਨਾਂ ਨੇ ਇਹ ਵੀ ਕਿਹਾ ਕਿ ਆਉਣ ਵਾਲੇ ਭਵਿੱਖ ਵਿੱਚ ਇਹ ਹਮੇਸ਼ਾ ਹੀ ਸਾਰੇ ਉਭਰਦੇ ਖਿਡਾਰੀਆਂ ਦੇ ਲਈ ਹਮੇਸ਼ਾ ਹੀ ਤਤਪਰ ਹਾਜ਼ਰ ਹਨ। ਇਸ ਮੌਕੇ ਅਕੈਡਮੀ ਦੇ ਚੇਅਰਮੈਨ ਸੁਖਮਿੰਦਰ ਸਿੰਘ ਮਾਨ (ਆਈਪੀਐਸ) ਜਸਵੰਤ ਸਿੰਘ ਕਾਲਰਾ, ਸੁਖਜੀਤ ਕੌਰ, ਨਿਰਮਲ ਸਿੰਘ, ਕੋਚ ਅਮਰਜੀਤ ਸਿੰਘ, ਜਗਰੂਪ ਸਿੰਘ, ਕੁਲਜੀਤ ਸਿੰਘ ,ਮਨਮਿੰਦਰ ਸਿੰਘ ਜਸਵੰਤ ਸਿੰਘ, ਬਲਜਿੰਦਰ ਸਿੰਘ, ਦਲਜੀਤ ਸਿੰਘ, ਰਾਜਵਿੰਦਰ ਕੌਰ, ਹਾਜ਼ਰ ਸਨ। ••



## ਸ਼੍ਰੋਮਣੀ ਕਮੇਟੀ ਵੱਲੋਂ 350 ਸਾਲਾ ਸ਼ਤਾਬਦੀ ਨੂੰ ਸਮਰਪਿਤ 5 ਅਤੇ 6 ਹੋਣ ਵਾਲੇ ਗੁਰਮਤਿ ਸਮਾਗਮਾਂ ਸਬੰਧੀ ਇਕੱਤਰਤਾ, ਪ੍ਰੋ. ਕਿਰਪਾਲ ਸਿੰਘ ਬਡੂੰਗਰ, ਸ. ਸੁਰਜੀਤ ਸਿੰਘ ਗੜ੍ਹੀ ਤੇ ਸ. ਪ੍ਰਤਾਪ ਸਿੰਘ ਨੇ ਪ੍ਰਬੰਧਾਂ ਦਾ ਲਿਆ ਜਾਇਜ਼ਾ







**ਪਟਿਆਲਾ**, 3 **ਜੁਲਾਈ (ਆਵਾਜ਼ਿ ਕੌਮ ਬਿਊਰੋ)**-ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ, ਭਾਈ ਮਤੀ ਦਾਸ ਜੀ, ਭਾਈ ਸਤੀ ਦਾਸ ਜੀ ਤੇ ਭਾਈ ਦਿਆਲਾ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਅਤੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ 350 ਸਾਲਾ ਗੁਰਤਾਗੱਦੀ ਦਿਵਸ ਨੂੰ ਸਮਰਪਿਤ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 5 ਤੇ 6 ਜੁਲਾਈ ਨੂੰ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ, ਪਾਤਸ਼ਾਹੀ ਨੌਵੀਂ, ਪਟਿਆਲਾ ਵਿਖੇ ਕਰਵਾਏ ਜਾਣ ਵਾਲੇ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਸਬੰਧੀ ਅੱਜ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਦੀ ਅਗਵਾਈ ਵਿਚ ਸਥਾਨਕ ਸਿੱਖ ਆਗੂਆਂ ਨਾਲ ਇਕੱਤਰਤਾ ਹੋਈ, ਜਿਸ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸਕੱਤਰ ਸ. ਪ੍ਰਤਾਪ ਸਿੰਘ ਅਤੇ ਹੋਰ ਸ਼ਖ਼ਸੀਅਤਾਂ ਮੌਜੂਦ ਸਨ। ਇਕੱਤਰਤਾ ਮਗਰੋਂ ਸਮਾਗਮਾਂ ਸਬੰਧੀ ਕੀਤੇ ਗਏ ਪ੍ਰਬੰਧਾਂ ਦਾ ਜਾਇਜ਼ਾ ਵੀ ਲਿਆ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਬੰਧੀ ਗੱਲ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਦਿਹਾੜੇ ਦੇ ਸ਼ਤਾਬਦੀ ਸਮਾਗਮ ਗੁਰੂ ਸਾਹਿਬ ਨਾਲ ਸਬੰਧਤ ਅਸਥਾਨਾਂ 'ਤੇ ਕੀਤੇ ਜਾਣ ਤਹਿਤ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਪਾਤਸ਼ਾਹ ਨੌਵੀਂ ਵਿਖੇ ਸਮਾਗਮ ਉਲੀਕੇ ਗਏ ਹਨ। ਇਸ ਸਬੰਧ ਵਿਚ ਭਲਕੇ 4 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਅਤੇ 5 ਜੁਲਾਈ ਨੂੰ ਵੱਖ-ਵੱਖ ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਸ਼ਬਦ ਕੀਰਤਨ, ਭਾਸ਼ਣ, ਕਵੀਸ਼ਰੀ ਅਤੇ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਇਤਿਹਾਸ ਨਾਲ ਜੋੜਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਵਿਦਿਆਰਥੀਆਂ ਵੱਲੋਂ ਇਤਿਹਾਸ ਨੂੰ ਰੂਪਮਾਨ ਕਰਦੀ ਵਿਸ਼ੇਸ਼ ਤੌਰ 'ਤੇ ਪ੍ਰਦਰਸ਼ਨੀ ਵੀ ਲਗਾਈ ਜਾਵੇਗੀ ਅਤੇ ਅੰਮ੍ਰਿਤ ਸੰਚਾਰ ਸਮਾਗਮ ਵੀ ਹੋਵੇਗਾ।

ਪ੍ਰੋ. ਬਡੂੰਗਰ ਨੇ ਕਿਹਾ ਕਿ 6 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਵਿਸ਼ਾਲ ਗੁਰਮਤਿ ਸਮਾਗਮ ਹੋਵੇਗਾ, ਜਿਸ ਵਿਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬਾਨ ਅਤੇ ਸਿੱਖ ਪੰਥ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੀਆਂ। ਉਨ੍ਹਾਂ ਕਿਹਾ ਕਿ ਇਹ ਸਮਾਗਮ ਯਾਦਗਾਰੀ ਤੇ ਪ੍ਰਭਾਵਸ਼ਾਲੀ ਬਨਾਉਣ ਲਈ ਇਲਾਕੇ ਭਰ ਵਿਚ ਧਰਮ ਪ੍ਰਚਾਰ ਕਮੇਟੀ ਦੇ ਪ੍ਰਚਾਰਕਾਂ ਵੱਲੋਂ ਸੰਗਤਾਂ ਅਤੇ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਨਾਲ ਰਾਬਤਾ ਕੀਤਾ ਜਾ ਰਿਹਾ ਹੈ ਅਤੇ ਪਿੰਡਾਂ ਅੰਦਰ ਧਾਰਮਿਕ ਦੀਵਾਨ ਸਜਾਏ ਜਾ ਰਹੇ ਹਨ। ਉਨ੍ਹਾਂ ਸੰਗਤਾਂ ਨੂੰ ਸ਼ਤਾਬਦੀ ਨੂੰ ਸਮਰਪਿਤ ਸਮਾਗਮਾਂ 'ਚ ਪਰਿਵਾਰਾਂ ਸਮੇਤ ਸ਼ਮੂਲੀਅਤ ਕਰਨ ਦੀ ਅਪੀਲ ਵੀ ਕੀਤੀ।

ਇਸ ਮੌਕੇ ਪ੍ਰੋ. ਕਿਰਪਾਲ ਸਿੰਘ ਬਡੂੰਗਰ ਤੋਂ ਇਲਾਵਾ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸਕੱਤਰ ਸ. ਪ੍ਰਤਾਪ ਸਿੰਘ, ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਪ੍ਰਣਾਮ ਸਿੰਘ, ਮੈਨੇਜਰ ਸ. ਭਾਗ ਸਿੰਘ, ਅਕਾਲੀ ਆਗੂ ਸ. ਇੰਦਰਮੋਹਨ ਸਿੰਘ ਬਜਾਜ, ਸ. ਗੁਰਪ੍ਰੀਤ ਸਿੰਘ ਰਾਜੂ ਖੰਨਾ, ਮੀਤ ਮੈਨੇਜਰ ਸ. ਗੁਰਬਚਨ ਸਿੰਘ, ਸ. ਅਮਿਤ ਸਿੰਘ ਰਾਠੀ ਸਮੇਤ ਹੋਰ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਬਿਜਲੀ ਦੇ ਕੀਤੇ ਜਾ ਰਹੇ ਪੂਰਨ ਨਿੱਜੀਕਰਨ ਖਿਲਾਫ 14 ਜੁਲਾਈ ਦੇ ਪੰਜਾਬ ਪੱਧਰੀ ਧਰਨਿਆਂ ਸੰਬੰਧੀ

# ਪੰਜਾਬ ਭਰ ਦੇ ਬਿਜਲੀ ਚੀਫ ਅਤੇ ਐਸ. ਈ. ਦਫਤਰਾਂ ਤੇ ਦਿੱਤੇ ਮੰਗ ਪੱਤਰ
















**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਸਭਰਾ ਅਤੇ ਸੂਬਾ ਜਨਰਲ ਸਕੱਤਰ ਰਾਣਾ ਰਣਬੀਰ ਸਿੰਘ ਨੇ ਪ੍ਰੈਸ ਬਿਆਨ ਰਾਹੀਂ ਜਾਣਕਾਰੀ ਦਿੱਤੀ ਕਿ 14 ਜੁਲਾਈ ਨੂੰ ਬਿਜਲੀ ਬੋਰਡ ਦੇ ਨਿਜੀਕਰਨ ਖਿਲਾਫ ਪੰਜਾਬ ਭਰ ਦੇ ਬਿਜਲੀ ਚੀਫ , ਐਸ. ਈ . ਅਤੇ ਬਿਜਲੀ ਵਿਭਾਗ ਹੋਰ ਅਧਿਕਾਰੀਆਂ ਦੇ ਦਫਤਰਾਂ ਅੱਗੇ ਲੱਗਣ ਜਾ ਰਹੇ ਧਰਨਿਆਂ ਦੇ ਐਲਾਨ ਦੇ ਚਲਦੇ 3 ਜੁਲਾਈ ਨੂੰ ਜਿਲ੍ਹਾ ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ, ਜਲੰਧਰ, ਕਪੂਰਥਲਾ, ਮੋਗਾ, ਫਿਰੋਜ਼ਪੁਰ, ਫਾਜ਼ਿਲਕਾ, ਮੁਕਤਸਰ, ਬਠਿੰਡਾ, ਲੁਧਿਆਣਾ, ਪਠਾਨਕੋਟ, ਰੋਪੜ ਵਿੱਚ ਵਿੱਚ ਚੀਫ, ਐਸ ਈ, ਡੀਸੀ ਦਫਤਰਾਂ ਅਤੇ ਪੁਲਿਸ ਦੇ ਆਹਲਾ ਅਧਿਕਾਰੀਆਂ ਨੂੰ ਮੰਗ ਪੱਤਰ ਦਿੱਤੇ ਗਏ ।ਉਹਨਾਂ ਕਿਹਾ ਕਿ ਕਿਉਕਿ 1948 ਦਾ ਬਿਜਲੀ ਐਕਟ ਆਮ ਖਪਤਕਾਰਾਂ ਕੋਲ ਸਿਰਫ ਤਿੰਨ ਪ੍ਰਸੈਂਟ ਮੁਨਾਫਾ ਕਮਾਉਣ ਦੀ ਗੱਲ ਕਰਦਾ ਸੀ ਫਿਰ ਬਿਜਲੀ ਐਕਟ 2003, ਜੋ ਕਿ ਸਾਰੀਆਂ ਪਾਰਟੀਆਂ ਨੇ ਸਾਂਝੀ ਨੀਤੀ ਨਾਲ ਲਿਆਂਦਾ ਗਿਆ, ਤਹਿਤ ਪ੍ਰਾਈਵੇਟ ਕੰਪਨੀਆਂ ਨੂੰ ਘੱਟੋ ਘੱਟ 16% ਮੁਨਾਫਾ ਕਮਾਉਣ ਦੀ ਇਜਾਜ਼ਤ ਦਿੱਤੀ ਗਈ ਤੇ ਬਿਜਲੀ ਪੈਦਾ ਕਰਨ ਦੇ ਅਧਿਕਾਰ ਵੀ ਪ੍ਰਾਈਵੇਟ ਕੰਪਨੀਆਂ ਨੂੰ ਦਿੱਤੇ ਗਏ, ਜਿਸ ਨੀਤੀ ਤਹਿਤ ਪੰਜਾਬ ਦੇ ਅੰਦਰ ਪ੍ਰਾਈਵੇਟ ਕੰਪਨੀਆਂ ਦੇ ਥਰਮਲ ਪਲਾਂਟ ਲੱਗੇ ਹੋਏ ਹਨ ਅਤੇ ਮਹਿੰਗੇ ਰੇਟ ਤੇ ਬਿਜਲੀ ਸਰਕਾਰ ਦੁਆਰਾ ਖਰੀਦ ਕੇ ਲੋਕਾਂ ਦੇ ਟੈਕਸ ਦੇ ਪੈਸੇ ਦੀ ਅਸਿੱਧੇ ਰੂਪ ਵਿੱਚ ਲੁੱਟ ਕਰਵਾਈ ਜਾ ਰਹੀ ਹੈ। ਉਹਨਾਂ ਕਿਹਾ ਕਿ ਭਗਵੰਤ ਮਾਨ ਸਰਕਾਰ ਕਹਿ ਕੇ ਆਈ ਸੀ ਬਿਜਲੀ ਖਰੀਦ ਸਮਝੌਤੇ ਰੱਦ ਕੀਤੇ ਜਾਣਗੇ, ਪਰ ਸਮਝੌਤੇ ਰੱਦ ਕਰਨਾ ਤਾਂ ਦੂਰ ਦੀ ਗੱਲ ਹੈ ਸਗੋਂ, 2020 ਤੋਂ ਲਗਾਤਾਰ ਬਿਜਲੀ ਬੋਰਡ ਨੂੰ ਪ੍ਰਾਈਵੇਟ ਕੰਪਨੀਆਂ ਨੂੰ ਪੂਰੀ ਤਰ੍ਹਾਂ ਵੇਚਣ ਲਈ ਲਿਆਂਦੇ ਜਾ ਰਹੇ ਕਾਨੂੰਨਾਂ ਨੂੰ ਲਾਗੂ ਕਰਨ ਦੀ ਪੁਰਜ਼ੋਰ ਕੋਸ਼ਿਸ਼ ਵਿਚ ਸਰਕਾਰ ਲੱਗੀ ਹੋਈ ਹੈ। ਉਹਨਾਂ ਕਿਹਾ ਕਿ ਪੂਰੇ ਦੇਸ਼ ਅਤੇ ਪੰਜਾਬ ਦੇ ਕਿਸਾਨ ਮਜ਼ਦੂਰ ਦੁਕਾਨਦਾਰ ਆਮ ਜਨਤਾ ਲਗਾਤਾਰ ਇਸ ਨੀਤੀ ਦਾ ਵਿਰੋਧ ਕਰ ਰਹੇ। ਉਹਨਾਂ ਕਿਹਾ ਕਿ ਜ਼ੋ ਬਿਜਲੀ ਸੋਧ ਬਿੱਲ ਪਿਛਲੀ ਵਾਰ ਦੀ ਮੋਦੀ ਸਰਕਾਰ ਲਿਆਈ ਸੀ ਉਸ ਪਾਰਲੀਮੈਂਟਰੀ ਸਟੈਂਡਿੰਗ ਕਮੇਟੀ ਨੂੰ ਚਲਾ ਗਿਆ ਸੀ, 2019-24 ਵਾਲੀ ਟਰਮ ਖਤਮ ਹੋਣ ਤੇ ਇਹ 2023 ਦਾ ਬਿੱਲ ਹੁਣ ਮਾਨਸੂਨ ਸਤਰ ਦੇ ਵਿੱਚ ਬਿਜਲੀ ਸੋਧ ਬਿਲ 2025 ਵਜੋਂ ਆ ਰਿਹਾ ਹੈ, ਜਿਸਦੇ ਤਹਿਤ ਪ੍ਰਾਈਵੇਟ ਕੰਪਨੀਆਂ ਨੂੰ ਬਿਜਲੀ ਦੇ ਰੇਟ ਤੈਅ ਕਰਨ ਤੇ ਸਪਲਾਈ ਦੇ ਅਧਿਕਾਰ ਵੀ ਪ੍ਰਾਈਵੇਟ ਕੰਪਨੀਆਂ ਨੂੰ ਦਿੱਤੇ ਜਾਣ ਵਾਲੇ ਹਨ। ਉਹਨਾਂ ਕਿਹਾ ਪ੍ਰੀਪੇਡ ਮੀਟਰ ਇਸੇ ਨੀਤੀ ਤਹਿਤ ਲਿਆਂਦੇ ਗਏ ਹਨ ਅਤੇ ਕੇਂਦਰੀ ਬਿਜਲੀ ਮੰਤਰੀ ਮਨੋਹਰ ਲਾਲ ਖੱਟਰ ਦਾ ਬਿਆਨ ਹੈ ਕਿ "ਪਹਿਲਾਂ ਪੈਸੇ ਪਾਓਗੇ ਤੇ ਫਿਰ ਬਿਜਲੀ ਆਵੇਗੀ" ਅਤੇ 31 ਅਗਸਤ ਤੱਕ ਸਾਰੇ ਮੁਲਾਜ਼ਮਾਂ ਦੇ ਘਰਾਂ ਅਤੇ ਸਰਕਾਰੀ ਅਦਾਰਿਆਂ ਅੰਦਰ ਚਿੱਪ ਵਾਲੇ ਮੀਟਰ ਲਾਉਣ ਦਾ ਐਲਾਨ ਕੀਤਾ ਜਾ ਚੁੱਕਾ ਹੈ। ਉਹਨਾਂ ਕਿਹਾ ਕਿ 10 ਤੋਂ 2 ਵਜੇ ਤੱਕ ਸਾਰੇ ਪੰਜਾਬ ਵਿੱਚ ਮੰਗ ਪੱਤਰ ਦਿੱਤੇ ਜਾਣਗੇ ਅਤੇ 14 ਜੁਲਾਈ 2025 ਨੂੰ ਸਾਰੇ ਪੰਜਾਬ ਦੇ ਅੰਦਰ ਬਿਜਲੀ ਵੱਡੇ ਅਫਸਰਾਂ ਦੇ ਦਫਤਰਾਂ ਮੂਹਰੇ ਵਿਸ਼ਾਲ ਇਕੱਠ ਕੀਤੇ ਜਾਣਗੇ।ਉਹਨਾਂ ਨੇ ਮੁਲਾਜ਼ਮਾਂ, ਦੁਕਾਨਦਾਰਾਂ, ਸ਼ਹਿਰੀਆਂ, ਵਿਦਿਆਰਥੀਆਂ, ਮਜ਼ਦੂਰਾਂ ਤੇ ਕਿਸਾਨਾਂ ਨੂੰ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਤਾਂ ਜੋ ਪੰਜਾਬ ਤੇ ਕੇਂਦਰ ਸਰਕਾਰ ਨੂੰ ਬਿਜਲੀ ਬੋਰਡ ਵੇਚਣ ਤੋਂ ਰੋਕਿਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਬਰਤਾਨਵੀ ਸੰਸਦ ’ਚ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ ਫਾਰ ਸਿੱਖਸ ਦੀ 20ਵੀਂ ਵਰ੍ਹੇਗੰਢ ਮਨਾਈ

















**ਲੰਡਨ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)-** ਬਰਤਾਨਵੀ ਸੰਸਦ ਵਿਚ ਆਲ ਪਾਰਟੀ ਪਾਰਲੀਮੈਂਟਰੀ ਗਰੁੱਪ ਫਾਰ ਦੇ ਮੰਤਰੀ ਰਾਮੇਸ਼ ਸਿੰਘ ਅਰੋੜਾ, ਭਾਈ ਸਾਹਿਬ ਭਾਈ ਮਹਿੰਦਰ ਸਿੰਘ ਨਿਸ਼ਕਾਮ ਸੇਵਕ ਜੱਥਾ ਯੂ.ਕੇ., ਭਾਈ ਦਬਿੰਦਰਜੀਤ ਸਿੱਖਸ (ਏ.ਪੀ.ਪੀ.ਪੀ.ਐਫ.ਐਸ.) ਦੀ 20ਵੀਂ ਵਰ੍ਹੇਗੰਢ ਮਨਾਈ ਗਈ। ਇਸ ਮੌਕੇ ਯੂ.ਕੇ. ਗੁਰਦੁਆਰਾ ਅਲਾਇੰਸ ਦੀ ਅਧਿਕਾਰਤ ਤੌਰ ’ਤੇ ਸਥਾਪਨਾ ਵੀ ਕੀਤੀ ਗਈ। ਇਸ ਮੌਕੇ ਗਰੁੱਪ ਦੇ ਚੇਅਰਮੈਨ ਐਮ.ਪੀ. ਜਸਬੀਰ ਸਿੰਘ ਅਠਵਾਲ ਤੋਂ ਇਲਾਵਾ ਆਲ ਪਾਰਟੀ ਫਾਰ ਸਿੱਖਸ ਦੇ ਪਹਿਲੇ ਚੇਅਰਮੈਨ ਰੌਬ ਮੌਰਿਸ, ਬਰਤਾਨੀਆਂ ਦੇ ਧਾਰਮਿਕ ਮਾਮਲਿਆਂ ਬਾਰੇ ਮੰਤਰੀ ਲਾਰਡ ਖਾਨ, ਐਮ.ਪੀ. ਪ੍ਰੀਤ ਕੌਰ ਗਿੱਲ, ਐਮ.ਪੀ. ਤਨਮਨਜੀਤ ਸਿੰਘ ਢੇਸੀ, ਪਾਕਿਸਤਾਨ ਦੇ ਘੱਟ ਗਿਣਤੀ ਮਾਮਲਿਆਂ ਸਿੰਘ ਓ.ਬੀ.ਈ., ਭਾਈ ਅਮਰੀਕ ਸਿੰਘ ਗਿੱਲ ਸਿੱਖ ਫੈਡਰੇਸ਼ਨ ਯੂ.ਕੇ., ਭਾਈ ਗੁਰਪ੍ਰੀਤ ਸਿੰਘ ਆਨੰਦ, ਭਾਈ ਕੁਲਦੀਪ ਸਿੰਘ ਦਿਓਲ, ਭਾਈ ਨਰਿੰਦਰਜੀਤ ਸਿੰਘ ਥਾਂਦੀ ਆਦਿ ਸਮੇਤ ਵੱਡੀ ਗਿਣਤੀ ਵਿਚ ਯੂ.ਕੇ. ਭਰ ਤੋਂ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਦੇ ਨੁਮਾਇੰਦੇ ਅਤੇ ਸਿੱਖ ਸੰਗਤਾਂ ਹਾਜ਼ਰ ਹੋਈਆਂ। ਇਸ ਮੌਕੇ ਜਸਬੀਰ ਸਿੰਘ ਅਠਵਾਲ ਨੇ ਗਰੁੱਪ ਦੇ 20 ਸਾਲਾ ਸਫ਼ਰ ਬਾਰੇ ਜਾਣਕਾਰੀ ਸਾਂਝੀ ਕੀਤੀ ਅਤੇ ਸੰਸਦ ਵਿਚ ਸਮੇਂ ਸਮੇਂ ਸਿੱਖ ਮੁੱਦਿਆਂ ਬਾਰੇ ਕੀਤੀ ਚਰਚਾ ਬਾਰੇ ਦੱਸਿਆ। ਇਸ ਮੌਕੇ ਗੁਰਦੁਆਰਿਆਂ ਅਤੇ ਸਿੱਖ ਭਾਈਚਾਰੇ ਨੂੰ ਆ ਰਹੀਆਂ ਚੁਣੌਤੀਆਂ ਦੇ ਹੱਲ ਲਈ ਸਰਕਾਰ ਅਤੇ ਭਾਈਚਾਰੇ ਵਿਚਕਾਰ ਇਕ ਪੁਲ ਦਾ ਕੰਮ ਕਰਨ ਲਈ ਯੂ. ਕੇ. ਗੁਰਦੁਆਰਾ ਅਲਾਇੰਸ ਯੂ.ਕੇ. ਦੀ ਸਥਾਪਨਾ ਕੀਤੀ ਗਈ, ਜਿਸ ਨਾਲ ਯੂ.ਕੇ. ਭਰ ਤੋਂ 200 ਤੋਂ ਵੱਧ ਗੁਰਦੁਆਰੇ ਜੁੜੇ ਹਨ। ਇਸ ਸਬੰਧੀ ਬੁਲਾਰਿਆਂ ਨੇ ਦੱਸਿਆ ਕਿ 12 ਖੇਤਰਾਂ ਦੇ 25 ਪ੍ਰਮੁੱਖ ਗੁਰਦੁਆਰੇ ਆਪਣੇ ਖੇਤਰ ਅਤੇ ਯੂ.ਕੇ. ਭਰ ਦੇ ਸਾਰੇ ਗੁਰਦੁਆਰਿਆਂ ਨਾਲ ਤਾਲਮੇਲ ਰੱਖਣਗੇ। ਇਸ ਸੰਸਥਾ ਵਲੋਂ ਯੂ.ਕੇ. ਸਰਕਾਰ ਤੋਂ ਇਲਾਵਾ ਸਿੱਖ ਮੁੱਦਿਆਂ ਨੂੰ ਹੱਲ ਕਰਨ ਲਈ ਸ੍ਰੀ ਅਕਾਲ ਤਖ਼ਤ ਸਾਹਿਬ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਪਾਕਿਸਤਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਆਦਿ ਨਾਲ ਤਾਲਮੇਲ ਰੱਖਿਆ ਜਾਵੇਗਾ। ਲਾਰਡ ਵਾਜਿਦ ਖਾਨ ਅਤੇ ਰਮੇਸ਼ ਸਿੰਘ ਅਰੋੜਾ ਨੇ ਗੁਰਦੁਆਰਾ ਅਲਾਇੰਸ ਦਾ ਸਵਾਗਤ ਕਰਦਿਆਂ ਭਵਿੱਖ ਵਿਚ ਮਿਲ ਕੇ ਸਿੱਖ ਮਾਮਲਿਆਂ ਬਾਰੇ ਕੰਮ ਕਰਨ ਦੀ ਵਚਨਬੱਧਤਾ ਪ੍ਰਗਟ ਕੀਤੀ। ••

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਵਾਹਿਗੁਰੂ ਜੀ ਕਾ ਖਾਲਸਾ।
ਵਾਹਿਗੁਰੂ ਜੀ ਕੀ ਫਤਿਹ ॥

# 5 ਜੁਲਾਈ ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ



ਇੰਟਰਨੈਸ਼ਨਲ ਪੰਥਕ ਦਲ ਦੇ ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੂੰ ਬੇਨਤੀ ਹੈ ਕਿ ਵੀਹਵੀਂ ਸਦੀ ਦੇ ਮਹਾਨ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੇ ਭਤੀਜੇ ਸਾਬਕਾ ਜੱਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਜੀਆਂ ਦੇ ਹੁਕਮ ਅਨੁਸਾਰ ਹਰੇਕ ਮਹੀਨੇ ਜੋ ਗੁਰੂ ਰਾਮਦਾਸ ਸਾਹਿਬ ਮਹਾਰਾਜ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਂਦੀ ਹੈ,ਇਸ ਵਾਰ 5 ਜੁਲਾਈ ਦਿਨ ਸ਼ਨੀਵਾਰ ਨੂੰ ਸਵੇਰੇ 9 ਵਜੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੇ ਲੰਗਰਾਂ ਵਿੱਚ ਸੇਵਾ ਕੀਤੀ ਜਾਵੇਗੀ।



ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ

ਇੰਟਰਨੈਸ਼ਨਲ ਪੰਥਕ ਦਲ
INTERNATIONAL PANTHIC DAL

**ਸਾਰੇ ਅਹੁਦੇਦਾਰ ਤੇ ਵਰਕਰ ਸਾਹਿਬਾਨਾਂ ਨੇ ਸਮੇਂ ਸਿਰ ਪਹੁੰਚ ਕੇ ਹੱਥੀਂ ਸੇਵਾ ਕਰਕੇ ਗੁਰੂ ਰਾਮਦਾਸ ਪਾਤਿਸ਼ਾਹ ਜੀਆਂ ਦੀਆਂ ਖੁਸ਼ੀਆਂ ਪ੍ਰਾਪਤ ਕਰਨੀਆਂ ਜੀ**



ਜੱਥੇਦਾਰ ਦਲੀਪ ਸਿੰਘ ਚਕਰ
ਆਲ ਇੰਡੀਆ ਕਨਵੀਨਰ
ਇੰਟਰਨੈਸ਼ਨਲ ਪੰਥਕ ਦਲ

★ ਬੇਨਤੀ ਕਰਤਾ ★

**ਜੱਥੇਦਾਰ ਦਲੀਪ ਸਿੰਘ ਚਕਰ**
**ਆਲ ਇੰਡੀਆ ਕਨਵੀਨਰ ਇੰਟਰਨੈਸ਼ਨਲ ਪੰਥਕ ਦਲ**

ਆਵਾਜ਼ਿ ਕੌਮ AWAZE QAUM International Newspaper & WEB TV

## ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਦਿੱਤੀ ਦੋ ਪਿੰਡਾਂ ਨੂੰ ਸੌਗਾਤ

# ਬੁਸ਼ਹਿਰਾ ਤੇ ਰਾਜਲਹੇੜ੍ਹੀ ਦੇ ਘਰ-ਘਰ ਤੱਕ ਪੁੱਜੇਗਾ ਸਾਫ਼ ਪਾਣੀ



ਲਹਿਰਾਗਾਗਾ/ਸੰਗਰੂਰ( ਰਣਜੀਤ ਸਿੰਘ ਪੇਧਨੀ ) ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਵਿਧਾਨ ਸਭਾ ਲਹਿਰਾ ਦੇ ਪਿੰਡ ਬੁਸ਼ਹਿਰਾ ਅਤੇ ਰਾਜਲਹੇੜ੍ਹੀ ਦੇ ਵਾਸੀਆਂ ਨੂੰ ਵੱਡੀ ਸੌਗਾਤ ਦਿੰਦਿਆਂ ਲਗਭਗ ਢਾਈ ਕਰੋੜ ਤੋਂ ਵੀ ਵਧੇਰੇ ਦੀ ਰਾਸ਼ੀ ਵਾਲੀਆਂ 2 ਜਲ ਸਪਲਾਈ ਸਕੀਮਾਂ ਦਾ ਨੀਂਹ ਪੱਥਰ ਰੱਖਿਆ। ਇਸ ਮੌਕੇ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਸ਼੍ਰੀ ਗੋਇਲ ਨੇ ਕਿਹਾ ਕਿ ਇਨ੍ਹਾਂ ਸਕੀਮਾਂ ਦਾ ਕੰਮ ਲਗਭਗ ਇੱਕ ਸਾਲ ਦੇ ਅੰਦਰ-ਅੰਦਰ ਪੂਰਨ ਤੌਰ ਉੱਤੇ ਕੰਮ ਮੁਕੰਮਲ ਹੋ ਜਾਵੇਗਾ, ਜਿਸ ਨਾਲ ਬੁਸ਼ਹਿਰਾ ਅਤੇ ਰਾਜਲਹੇੜ੍ਹੀ ਪਿੰਡਾਂ 'ਚ ਘਰ-ਘਰ ਸਾਫ਼ ਤੇ ਸ਼ੁੱਧ ਪਾਣੀ ਪਹੁੰਚੇਗਾ। ਉਨ੍ਹਾਂ ਦੱਸਿਆ ਕਿ ਇਨ੍ਹਾਂ 2 ਸਕੀਮਾਂ ਤੇ ਪਾਣੀ ਦੀਆਂ ਟੈਂਕੀਆਂ, ਟਿਊਬਵੈੱਲ, 14.08 ਕਿਲੋਮੀਟਰ ਨਵੀਂ ਪਾਈਪ ਲਾਈਨ ਅਤੇ ਸੋਲਰ ਸਿਸਟਮ ਆਦਿ ਲਗਾਇਆ ਜਾਣਾ ਹੈ, ਜਿਸ ਰਾਹੀਂ 4700 ਪਿੰਡ ਵਾਸੀਆਂ ਨੂੰ ਪੀਣ-ਯੋਗ ਸ਼ੁੱਧ ਪਾਣੀ ਦੀ ਸਪਲਾਈ ਨਿਰਵਿਘਨ ਦਿੱਤੀ ਜਾਵੇਗੀ ਅਤੇ ਇਨ੍ਹਾਂ ਸਕੀਮਾਂ ਦੀ ਸਾਂਭ-ਸੰਭਾਲ ਸਬੰਧਤ ਜੀ.ਪੀ.ਡਬਲਯੂ.ਐਸ.ਸੀ. ਵਲੋਂ ਵਿਭਾਗ ਦੀ ਸਹਾਇਤਾ ਨਾਲ ਕੀਤੀ ਜਾਵੇਗੀ। ਕੈਬਨਿਟ ਮੰਤਰੀ ਸ਼੍ਰੀ ਬਰਿੰਦਰ ਕੁਮਾਰ ਗੋਇਲ ਵਲੋਂ ਕਿਹਾ ਗਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ, ਪੰਜਾਬ ਦੇ ਪਿੰਡਾਂ ਵਿੱਚ ਪੀਣਯੋਗ ਸਾਫ਼ ਪਾਣੀ ਦੇਣ ਲਈ ਵਚਨਬੱਧ ਹੈ। ਇਸ ਮਿਸ਼ਨ ਅਧੀਨ ਪਿਛਲੇ ਇੱਕ ਸਾਲ ਦੌਰਾਨ ਜਿਲ੍ਹਾ ਸੰਗਰੂਰ ਦੇ 37 ਪਿੰਡਾਂ ਵਿਖੇ ਜਲ ਸਪਲਾਈ ਸਕੀਮਾਂ ਦੇ ਕੰਮ ਬਾਬਤ ਰਕਮ 25.61 ਕਰੋੜ ਰੁਪੈ ਦੇ ਪ੍ਰਵਾਨ ਕੀਤੇ ਜਾ ਚੁੱਕੇ ਹਨ, ਜਿਸ ਨਾਲ 87053 ਲੋਕਾਂ ਨੂੰ ਪੀਣ-ਯੋਗ ਸ਼ੁੱਧ ਪਾਣੀ ਦੀ ਸਪਲਾਈ ਦਿੱਤੀ ਜਾਵੇਗੀ।ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ ਵਲੋਂ ਇਸੇ ਕਾਰਜਕਾਲ ਦੌਰਾਨ ਲੋਕਾਂ ਨੂੰ ਸਾਫ਼ ਤੇ ਸ਼ੁੱਧ ਪਾਣੀ ਪਹੁੰਚਾਉਣ ਦੇ ਟੀਚੇ ਨੂੰ ਹਰ ਹੀਲੇ ਸਰ ਕਰ ਲਿਆ ਜਾਵੇਗਾ। ਵੱਖ ਵੱਖ ਸਮਾਗਮਾਂ ਦੌਰਾਨ ਮੰਤਰੀ ਜੀ ਦੇ ਪੀ ਏ ਰਾਕੇਸ਼ ਕੁਮਾਰ ਗੁਪਤਾ, ਰਾਮ ਚੰਦਰ ਬੁਸ਼ਹਿਰਾ, ਪਾਲਾ ਬੁਸ਼ਹਿਰਾ, ਕਰਮਵੀਰ ਸਿੰਘ, ਪਿਆਰਾ ਸਿੰਘ ਫੌਜੀ, ਨਫਾ ਸਿੰਘ, ਚਰਨਾ ਸਿੰਘ, ਮੋਹਨਾ ਸਿੰਘ, ਪੰਚਾਇਤ ਮੈਂਬਰ ਕ੍ਰਿਸ਼ਨ ਸਿੰਘ, ਫੁੱਲ ਸਿੰਘ, ਰੋਸ਼ਨ ਸਿੰਘ, ਲਾਲੀ ,ਸਤਵੰਤ ਸਿੰਘ, ਮਨੀ ਸਿੰਘ ਰਾਜਲਹੈੜੀ, ਕਰਮਜੀਤ ਸਿੰਘ ਰਾਜਲਹੈੜੀ, ਸਰਪੰਚ ਰਾਜਵੀਰ ਸਿੰਘ ਅਤੇ ਹੋਰ ਹਾਜ਼ਰ ਸਨ।

**ਢਾਈ ਕਰੋੜ ਤੋਂ ਵੀ ਵਧੇਰੇ ਦੀ ਰਾਸ਼ੀ ਵਾਲੀਆਂ ਜਲ ਸਪਲਾਈ ਸਕੀਮਾਂ ਦਾ ਰੱਖਿਆ ਨੀਂਹ ਪੱਥਰ**

## ਚੇਅਰਮੈਨ ਘੁੱਲੀ ਨੇ ਧੂਰੀ ਹਲਕੇ ਦੇ ਪਿੰਡ

# ਭੁੱਲਰਹੇੜੀ, ਚੀਮਾ, ਮੀਮਸਾ ਅਤੇ ਜੱਖਲਾ ਦੀਆਂ ਸੜਕਾਂ ਦੇ ਰੱਖੇ ਨੀਂਹ ਪੱਥਰ



**ਧੂਰੀ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਧੂਰੀ ਹਲਕੇ ਵਿੱਚ ਪੈਂਦੇ ਪਿੰਡ ਭੁੱਲਰਹੇੜੀ, ਚੀਮਾ, ਮੀਮਸਾ ਅਤੇ ਜੱਖਲਾ ਵਿਖੇ ਨਵੀਆਂ ਸੜਕਾਂ ਦਾ ਉਦਘਾਟਨ ਮੁੱਖ ਮੰਤਰੀ ਕੈਂਪਸ ਦਫ਼ਤਰ ਇੰਚਾਰਜ ਧੂਰੀ ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਨੇ ਕੀਤਾ।ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੇਅਰਮੈਨ ਘੁੱਲੀ ਨੇ ਕਿਹਾ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਧੂਰੀ ਹਲਕੇ ਦੇ ਵਿਕਾਸ ਕਾਰਜਾਂ ਦੇ ਲਈ ਹਰ ਵਕਤ ਚਿੰਤਿਤ ਰਹਿੰਦੇ ਹਨ। ਹਲਕੇ ਦੀ ਕੋਈ ਵੀ ਅਜਿਹੀ ਸੜਕ ਨਹੀਂ ਬਚੀ ਜੋ ਮਾਨ ਸਰਕਾਰ ਨਾ ਬਣਾਈ ਹੋਵੇ, ਧੂਰੀ ਹਲਕੇ ਵਿੱਚ ਸੜਕਾਂ ਦਾ ਜਾਲ ਵਿੱਸ ਚੁੱਕਿਆ ਹੈ ਰਹਿੰਦੀਆਂ ਸੜਕਾਂ ਆਉਣ ਵਾਲੇ ਸਮੇਂ ਵਿੱਚ ਬਣ ਕੇ ਤਿਆਰ ਹੋ ਜਾਣਗੀਆਂ। ਇਸ ਮੌਕੇ ਰਛਪਾਲ ਸਿੰਘ ਭੁੱਲਰ ਨਸਾ ਮੁਕਤੀ ਯਾਤਰਾ ਦੇ ਕੋਆਰਡੀਨੇਟਰ, ਸਰਪੰਚ ਜਸਵੀਰ ਕੌਰ ਪਤਨੀ ਕਰਮਜੀਤ ਸਿੰਘ, ਅਵਤਾਰ ਸਿੰਘ ਤਾਰੀ, ਮਹੰਤ ਸੁਖਦੇਵ ਦਾਸ, ਜਤਿੰਦਰ ਸਿੰਘ ਭੁੱਲਰ, ਸਰਪੰਚ ਸੁਖਦੀਪ ਸਿੰਘ ਸੁੱਖੀ ਚੀਮਾਂ ਮੈਂਬਰ ਕੇਵਲ ਸਿੰਘ, ਪ੍ਰਿਤਪਾਲ ਸਿੰਘ ਮੈਂਬਰ, ਬਲਵਿੰਦਰ ਸਿੰਘ ਮੈਂਬਰ, ਸਰਪੰਚ ਗੁਰਜੰਟ ਸਿੰਘ ਭੜੀਮਾਨਸਾ, ਸਰਪੰਚ ਗੁਰਪ੍ਰੀਤ ਸਿੰਘ ਗੋਪੀ ਮੀਮਾਸਾ, ਨਾਹਰ ਸਿੰਘ ਮੀਮਸਾ, ਸਰਬਜੀਤ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ ਚੀਮਾਂ, ਮਾਸਟਰ ਲਖਵਿੰਦਰ ਸਿੰਘ ਚੀਮਾਂ, ਚਮਕੌਰ ਸਿੰਘ ਚੀਮਾਂ, ਨਿਰਭੈ ਸਿੰਘ ਚੀਮਾਂ, ਡਾ ਜੈ ਕ੍ਰਿਸ਼ਨ ਕਾਲਾ ਚੀਮਾਂ, ਰਾਜੂ ਲੱਡਾ, ਭਿੰਦਾ ਵਿਰਕ, ਮਾਣਾ ਗਰੇਵਾਲ, ਨੰਬਰਦਾਰ ਬਹਾਦਰ ਸਿੰਘ, ਸਾਬਕਾ ਸਰਪੰਚ ਸੁਖਦੀਪ ਸਿੰਘ ਚੀਮਾ ਆਦਿ ਆਗੂ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਕਵਿਤਾ ( ਮਿਹਨਤ )



ਗੱਡੀਆਂ ਵਾਲੇ ਕੋਈ ਹੋਰ ਹੋਣਗੇ,
ਆਪਣਾ ਤਾਂ ਸਾਇਕਲ ਨਾਲ ਸਰਦਾ ਸੀ।
ਤਾਂਹੀਂ ਚੁੱਕ ਕੇ ਘਰੋਂ ਬਾਹਰ ਆ ਗਿਆ,
ਜਿਹੜੀ ਸਾਇਕਲ 'ਤੇ ਬਾਪੂ ਦਿਹਾੜੀ ਕਰਦਾ ਸੀ।
ਸਕੂਲ ਜਾ ਕੇ ਵੀ ਘਰ ਦੀ ਛੱਤ ਨੂੰ ਯਾਦ ਕਰ ਰੋ ਪੈਣਾ,
ਤੁਸੀਂ ਦੱਸੋ ਮੈਂ ਕਿੱਥੇ ਪੜ੍ਹਦਾ ਸੀ।
ਘਰੋਂ ਬਾਹਰ ਨਿਕਲ ਕੇ ਕਿਸਮਤ ਨਾਲ ਲੜਨਾ ਸਿੱਖ ਲਿਆ,
ਘਰੇ ਮੈਂ ਮਾੜੇ ਹਾਲਾਤਾਂ ਨਾਲ ਲੜਦਾ ਸੀ।
ਸੁਣ ਸੁਣ ਗੱਲਾਂ ਲੋਕਾਂ ਦੀਆਂ ਦਿਲ 'ਚ ਵਸਾ ਲੈਂਦਾ,
ਪਰ ਜਵਾਬ ਦੇਣ ਤੋਂ ਮੈਂ ਡਰਦਾ ਸੀ।
ਮੈਂ ਆਪਣੇ ਘਰ ਨੂੰ ਅਮੀਰੀ ਦਿਖਾਉਣੀ ਐ,
ਸਾਰੀ ਦੁਨੀਆਂ ਸਾਇਕਲ 'ਤੇ ਗਾਹ ਦੂੰਗਾ।
ਜਿਸ ਦਿਨ ਸਮਾਂ "ਹਰਪਾਲ" ਦਾ ਆ ਗਿਆ,
ਗੱਲਾਂ ਕਰਨ ਵਾਲਿਆਂ ਨੂੰ ਲਾਈਨ 'ਚ ਲਾ ਦੂੰਗਾ।

-ਹਰਪਾਲ ਸਿੰਘ "ਲਿਖਾਰੀ", ਸੇਮਾਂ ਕਲਾਂ (ਬਠਿੰਡਾ)
ਪੇਸ਼ਕਸ਼ : ਗੁਰਜੰਟ ਸਿੰਘ ਨਥੇਹਾ

# ਕਾਰਗਿਲ ਸ਼ਹੀਦ ਦੇ ਨਾਂ ਤੇ ਬਣਿਆ ਸੀਨੀਅਰ ਸੈਕੰਡਰੀ ਸਕੂਲ ਪਾਣੀ ਨਾਲ ਹੋਇਆ ਜਲ ਥਲ, ਪਾਣੀ ਰੁਕਣ ਕਾਰਨ ਨਹੀਂ ਪਹੁੰਚਿਆ ਕੋਈ ਵੀ ਬੱਚਾ ਸਕੂਲ ਪ੍ਰਿੰਸੀਪਲ

## ਜਲਦ ਹੀ ਦੋਹਾਂ ਸਕੂਲਾਂ ਦਾ ਮਸਲਾ ਕੈਬਨਿਟ ਮੰਤਰੀ ਸ੍ਰ ਈ.ਟੀ.ਓ ਦੇ ਨੋਟਿਸ ਵਿੱਚ ਲਿਆਂਦਾ ਜਾਵੇਗਾ ਮੱਲ੍ਹੀ




**ਜੰਡਿਆਲਾ ਗੁਰੂ ,3 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਸਿੱਖਿਆ ਸਾਡੇ ਸਰੀਰ ਦਾ ਇੱਕ ਅਣਮੁੱਲਾ ਅੰਗ ਹੈ, ਜੋ ਸਾਨੂੰ ਸਮਾਜਿਕ ਬੁਰਾਈਆਂ ਨਾਲ ਲੜਨ ਦੀ ਸਮਰੱਥਾ ਰੱਖਦਾ ਹੈ। ਅੱਜ-ਕੱਲ੍ਹ ਦੇ ਅਜੋਕੇ ਸਮੇਂ ਵਿੱਚ, ਸਿੱਖਿਆ ਦਾ ਸਾਡੇ ਅੰਦਰ ਗਿਆਨ ਹੋਣਾ ਬਹੁਤ ਹੀ ਜਰੂਰੀ ਹੈ ਪਰ ਇਸ ਦੇ ਨਾਲ ਨਾਲ ਹੀ ਸਿੱਖਿਆ ਪ੍ਰਦਾਨ ਕਰਾਉਣ ਵਾਲੇ ਅਦਾਰੇ ਦਾ ਸਾਫ ਸੁਥਰਾ ਅਤੇ ਸਹੂਲਤਾਂ ਨਾਲ ਲੈਸ ਹੋਣਾ ਉਸ ਤੋਂ ਵੀ ਜਰੂਰੀ ਹੈ। ਸਿੱਖਿਆ ਦੇ ਅਦਾਰੇ ਬਾਬਤ ਗੱਲ ਕੀਤੀ ਜਾਵੇ ਤਾਂ ਅੱਜ ਅਚਾਨਕ ਹੀ ਸਵੇਰ ਦੇ ਸਮੇਂ ਬਾਰਿਸ਼ ਸ਼ੁਰੂ ਹੋ ਗਈ ਸੀ ਅਤੇ ਬਾਰਿਸ਼ ਪੈਣ ਤੋਂ ਕੁਝ ਹੀ ਮਿੰਟ ਬਾਅਦ ਜਦੋਂ ਪੱਤਰਕਾਰ ਵੱਲੋਂ ਪਿੰਡ ਮੱਲੀਆਂ ਦੇ ਪ੍ਰਾਇਮਰੀ ਅਤੇ ਸਰਕਾਰੀ ਸਕੂਲ ਦਾ ਦੌਰਾ ਕੀਤਾ ਗਿਆ,, ਤਾਂ ਬਹੁਤ ਹੀ ਹੈਰਾਨੀ ਹੋਈ ਕਿ ਦੋਵੇਂ ਹੀ ਸਕੂਲ ਬਾਰਿਸ਼ ਦੇ ਪਾਣੀ ਨਾਲ ਜਲਥਲ ਹੋਏ ਵੇਖਣ ਨੂੰ ਮਿਲੇ, ਸਕੂਲਾਂ ਅੰਦਰ ਪਾਣੀ ਦਾ ਦ੍ਰਿਸ਼ ਵੇਖ ਕੇ ਇਸ ਤਰ੍ਹਾਂ ਲੱਗ ਰਿਹਾ ਸੀ ਕਿ ਇਹ ਕੋਈ ਝੀਲ ਜਾਂ ਛੱਪੜ ਹੈ। ਇਥੋਂ ਤੱਕ ਕਿ ਪ੍ਰਾਇਮਰੀ ਸਕੂਲ ਦੀ ਗੱਲ ਕੀਤੀ ਜਾਵੇ ਤਾਂ ਉੱਥੇ ਪਾਣੀ ਇਨਾ ਕੁ ਜਿਆਦਾ ਸੀ ਕਿ ਸਟਾਫ ਦਾ ਸਕੂਲ ਦੇ ਅੰਦਰ ਦਾਖਲ ਹੋਣਾ ਵੀ ਮੁਸ਼ਿਕਲ ਹੋ ਗਿਆ ਸੀ।। ਅਤੇ ਫਿਰ ਸਕੂਲ ਨੂੰ ਜਾਣ ਵਾਲਾ ਰਸਤਾ ਵੀ ਕੱਚਾ ਹੈ। ਜੋ ਕਿ ਥੋੜੇ ਜਿਹੇ ਮੀਂਹ ਦੇ ਪਾਣੀ ਨਾਲ ਭਰ ਜਾਂਦਾ ਹੈ।। ਇਸ ਬਾਬਤ ਜਦੋਂ ਪ੍ਰਾਇਮਰੀ ਸਕੂਲ ਦੀ ਪ੍ਰਿੰਸੀਪਲ ਮੈਡਮ ਨਾਲ ਗੱਲ ਕੀਤੀ ਗਈ ਤਾਂ ਉਹਨਾਂ ਨੇ ਕਿਹਾ ਕਿ ਸਕੂਲ ਵਿੱਚ ਟੋਟਲ 183 ਬੱਚੇ ਹਨ ਅਤੇ ਬਾਰਿਸ਼ ਦੀ ਵਜਹਾ ਨਾਲ ਕੁਝ ਕੁ ਬੱਚੇ ਆਏ ਸਨ ਉਹ ਵੀ ਉਹਨਾਂ ਦੇ ਮਾਤਾ ਪਿਤਾ ਉਹਨਾਂ ਨੂੰ ਵਾਪਸ ਲੈ ਗਏ।। ਇਸ ਤੋਂ ਬਾਅਦ ਕਾਰਗਲ ਸ਼ਹੀਦ ਦੇ ਨਾਂ ਤੇ ਬਣੇ ਸੀਨੀਅਰ ਸੈਕੈਂਡਰੀ ਸਕੂਲ ਮੱਲੀਆਂ ਵਿਖੇ ਦੌਰਾ ਕੀਤਾ ਗਿਆ ਤਾਂ ਉੱਥੇ ਵੀ ਇਹੀ ਦ੍ਰਿਸ਼ ਵੇਖਣ ਨੂੰ ਮਿਲਿਆ। ਕਿ ਪੂਰੇ ਸਕੂਲ ਦਾ ਕੰਪਾਉਡ ਏਰੀਆ ਪਾਣੀ ਨਾਲ ਜਲ ਥਲ ਹੋਇਆ ਪਿਆ ਸੀ । ਜਿਸ ਨਾਲ ਬੱਚਿਆਂ ਦਾ ਸਕੂਲ ਦੇ ਅੰਦਰ ਦਾਖਲ ਹੋਣਾ ਬਹੁਤ ਹੀ ਮੁਸ਼ਿਕਲ ਸੀ। ਇਸ ਸੰਬੰਧੀ ਜਦੋਂ ਸਕੂਲ ਦੇ ਪ੍ਰਿੰਸੀਪਲ ਕਮਲ ਕੁਮਾਰ ਨੂੰ ਮਿਲਿਆ ਗਿਆ ਤਾਂ। ਉਹਨਾਂ ਕਿਹਾ ਕਿ ਕੰਪਾਉਡ ਏਰੀਆ ਕੱਚਾ ਹੋਣ ਕਰਕੇ ਸਾਨੂੰ ਥੋੜੀ ਜਿਹੀ ਬਾਰਿਸ਼ ਦੇ ਵਿੱਚ ਵੀ ਭਾਰੀ ਮੁਸ਼ਿਕਲ ਦਾ ਸਾਹਮਣਾ ਕਰਨਾ ਪੈਂਦਾ ਹੈ।। ਇਸ ਸਬੰਧੀ ਜਦੋਂ ਉਹਨਾਂ ਨੂੰ ਬੱਚਿਆਂ ਬਾਰੇ ਪੁੱਛਿਆ ਗਿਆ ਤਾਂ ਉਹਨਾਂ ਕਿਹਾ ਕਿ, ਸਕੂਲ ਵਿੱਚ ਲਗਭਗ 370 ਬੱਚੇ ਪੜ੍ਹਦੇ ਹਨ ਜਿਨਾਂ ਵਿੱਚੋਂ ਬਾਰਿਸ਼ ਦਾ ਪਾਣੀ ਸਕੂਲ ਵਿੱਚ ਰੁਕਣ ਦਾ ਕਰਕੇ ਇੱਕ ਵੀ ਬੱਚਾ ਸਕੂਲ ਵਿੱਚ ਹਾਜ਼ਰ ਨਹੀਂ ਹੋਇਆ। ਉਹਨਾਂ ਕਿਹਾ ਹੈ ਕਿ ਬੱਚੇ ਸਕੂਲ ਆਏ ਜਰੂਰ ਸਨ ਪਰ ਸਕੂਲ ਦੇ ਮੇਨ ਗੇਟ ਵਿੱਚ ਪਾਣੀ ਜਿਆਦਾ ਰੁਕਣ ਦਾ ਕਰਕੇ ਬੱਚੇ ਪਿੱਛੋਂ ਹੀ ਵਾਪਸ ਚਲੇ ਗਏ।। ਇਸ ਸਬੰਧੀ ਜਦੋਂ ਪਿੰਡ ਮੱਲੀਆਂ ਦੀ ਸਰਪੰਚ ਬੀਬੀ ਵਰਿੰਦਰ ਕੌਰ ਦੇ ਪਤੀ ਨਵਕਰਨ ਸਿੰਘ ਮੱਲੀ ਨਾਲ ਰਾਬਤਾ ਕਾਇਮ ਕੀਤਾ ਗਿਆ ਤਾਂ ਉਹਨਾਂ ਨੇ ਆਣ ਕੇ ਮੌਕੇ ਤੇ ਸਕੂਲ ਦਾ ਮੌਕਾ ਵੇਖਿਆ। ਅਤੇ ਉਨਾਂ ਨੇ ਵੀ ਬਹੁਤ ਅਫਸੋਸ ਪ੍ਰਗਟਾਇਆ ਕਿ ਇੱਕ ਵਿਦਿਅਕ ਅਦਾਰਾ ਹੋਣ ਦੇ ਨਾਂ ਤੇ ਸਕੂਲ ਦੀ ਅਜਿਹੀ ਹਾਲਤ ਨੂੰ ਵੇਖ ਕੇ ਸ਼ਰਮਿੰਦਗੀ ਮਹਿਸੂਸ ਕਰਨੀ ਪੈਂਦੀ ਹੈ।। ਇੱਥੇ ਦੱਸਣ ਯੋਗ ਹੈ ਕਿ ਇਸ ਤੋਂ ਥੋੜਾ ਟਾਈਮ ਹੀ ਪਹਿਲਾਂ ਸਿੱਖਿਆ ਕ੍ਰਾਂਤੀ ਤਹਿਤ ਸਰਕਾਰ ਵੱਲੋਂ ਇੱਕ ਮੁਹਿਮ ਚਲਾਈ ਗਈ ਸੀ ਜਿਸ ਵਿੱਚ ਸਕੂਲਾਂ ਦੀ ਚਾਰ ਦੁਆਰੀ ਗੇਟ ਦੀਵਾਰਾਂ ਨੂੰ ਰੰਗ ਰੋਗਨ ਕਰਕੇ ਨਵੀਂ ਦਿੱਖ ਦਾ ਰੂਪ ਦਿੱਤਾ ਗਿਆ ਸੀ ਪਰ ਇਸ ਦੇ ਨਾਲ ਨਾਲ ਹੀ ਸਕੂਲਾਂ ਦੇ ਕੰਪਾਉਂਡ ਏਰੀਏ ਨੂੰ ਪੱਕਾ ਕਰਨ ਵੱਲ ਵੀ ਸਰਕਾਰ ਨੂੰ ਧਿਆਨ ਦੇਣਾ ਚਾਹੀਦਾ ਹੈ।। ਇਸ ਸਬੰਧੀ ਨਵਕਰਨ ਸਿੰਘ ਮੱਲੀ ਨੇ ਭਰੋਸਾ ਦਵਾਇਆ ਕਿ ਇਸ ਸਬੰਧੀ ਜਲਦੀ ਹੀ ਹਲਕੇ ਦੇ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨਾਲ ਗੱਲਬਾਤ ਕੀਤੀ ਜਾਵੇਗੀ ਤਾਂ ਜੋ ਟੀਚਰਾਂ ਤੇ ਬੱਚਿਆਂ ਨੂੰ ਇਸ ਸਮੱਸਿਆ ਤੋਂ ਨਿਜਾਤ ਦਿਵਾਈ ਜਾ ਸਕੇ । ਇੱਥੇ ਇਹ ਵਿਸਥਾਰ ਸਹਿਤ ਦੱਸਣਾ ਜਰੂਰੀ ਹੈ ਕਿ ਇਹ ਸੀਨੀਅਰ ਸਕੈਂਡਰੀ ਸਕੂਲ ਪਿੰਡ ਮੱਲੀਆਂ ਦੇ ਕਾਰਗਿਲ ਸ਼ਹੀਦ ਅਜਮੇਰ ਸਿੰਘ ਦੇ ਨਾਂ ਨਾਲ ਦਰਸਾਇਆ ਜਾਂਦਾ ਹੈ । ਅਤੇ ਸ਼ਹੀਦਾਂ ਦੇ ਨਾਂ ਤੇ ਬਣੀਆਂ ਯਾਦਗਾਰਾਂ ਸੰਸਥਾਵਾਂ ਵੱਲ ਸਰਕਾਰ ਨੂੰ ਵੱਧ ਤੋਂ ਵੱਧ ਧਿਆਨ ਦੇਣ ਦੀ ਲੋੜ ਹੈ। ਹੁਣ ਇਹ ਵੇਖਣਾ ਹੋਵੇਗਾ ਕਿ ਹਲਕਾ ਜੰਡਿਆਲਾ ਗੁਰੂ ਦੇ ਕੈਬਿਨਟ ਮੰਤਰੀ ਹਰਭਜਨ ਸਿੰਘ ਈਟੀਓ ਮੱਲੀਆਂ ਪਿੰਡ ਦੇ ਇਹਨਾਂ ਦੋਹਾਂ ਸਕੂਲਾਂ ਵੱਲ ਦੀ ਸਮੱਸਿਆ ਦਾ ਕਦੋਂ ਹੱਲ ਕੱਢਣਗੇ।

ਯੁੱਧ ਨਸ਼ਿਆਂ ਵਿਰੁੱਧ ਤੇ ਵਿਕਾਸ ਕ੍ਰਾਂਤੀ ਤੋਂ ਪ੍ਰਭਾਵਿਤ ਹੋ ਕੇ

# ਰਵਾਇਤੀ ਪਾਰਟੀਆਂ ਦੇ ਆਗੂ ਤੇ ਕਾਰਕੁੰਨ 'ਆਪ' 'ਚ ਹੋ ਰਹੇ ਸ਼ਾਮਲ : ਮੰਤਰੀ ਈ. ਟੀ. ਓ



**ਜੰਡਿਆਲਾ ਗੁਰੂ 3 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕਾਂ ਨੂੰ ਸਹੂਲਤਾਂ ਦੇਣ ਲਈ ਵਚਨਬੱਧ ਹੈ ਅਤੇ ਕੋਸ਼ਿਸ਼ ਕੀਤੀ ਜਾਂਦੀ ਹੈ ਕਿ ਉਨ੍ਹਾਂ ਦੇ ਘਰਾਂ ਦੇ ਨਜਦੀਕ ਉਨ੍ਹਾਂ ਨੂੰ ਸਰਕਾਰੀ ਸਹੂਲਤਾਂ ਦਾ ਲਾਭ ਮਿਲ ਸਕੇ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਦਫਤਰਾਂ ਦੇ ਚੱਕਰ ਨਾ ਮਾਰਨੇ ਪੈਣ। ਇਨ੍ਹਾਂ ਸ਼ਬਦਾ ਦਾ ਪ੍ਰਗਟਾਵਾ ਬਿਜਲੀ ਮੰਤਰੀ ਸ੍ਰ ਹਰਭਜਨ ਸਿੰਘ ਈ:ਟੀ:ਓ ਨੇ ਅੱਜ ਜੰਡਿਆਲਾ ਗੁਰੂ ਦੇ ਨਿਵਾਸੀਆਂ ਲਈ ਬਿਜਲੀ ਨਾਲ ਸਬੰਧਤ ਸਮੱਸਿਆਵਾਂ ਦਾ ਹੱਲ ਕਰਨ ਲਈ ਇਕ ਵਿਸ਼ੇਸ਼ ਕੈਂਪ ਦੌਰਾਨ ਲੋਕਾਂ ਨੂੰ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸ ਕੈਂਪ ਦਾ ਮੁੱਖ ਉਦੇਸ਼ ਲੋਕਾਂ ਦੀਆਂ ਬਿਜਲੀ ਨਾਲ ਸਬੰਧਤ ਸਮੱਸਿਆਵਾਂ ਦਾ ਮੌਕੇ ਤੇ ਹੀ ਨਿਪਟਾਰਾ ਕਰਨਾ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਨੂੰ ਬਿਜਲੀ ਨਾਲ ਸਬੰਧਤ ਸਮੱਸਿਆਵਾਂ ਲਈ ਵੱਖ ਵੱਖ ਦਫਤਰਾਂ ਦੇ ਚੱਕਰ ਮਾਰਨੇ ਪੈਂਦੇ ਸੀ ਜਿਸ ਕਰਕੇ ਉਨ੍ਹਾਂ ਦੀਆਂ ਮੁਸ਼ਕਲਾਂ ਦੇ ਨਿਪਟਾਰੇ ਘਰਾਂ ਦੇ ਨਜਦੀਕ ਇਹ ਕੈਂਪ ਲਗਾਇਆ ਗਿਆ ਹੈ, ਜਿਥੇ ਬਿਜਲੀ ਦੇ ਮੀਟਰ ਆਪਣੇ ਨਾਮ ਕਰਾਉਣਾ, ਬਿੱਲਾਂ ਵਿੱਚ ਸੋਧ, ਨਵੇਂ ਮੀਟਰ ਲਈ ਅਪਲਾਈ ਅਤੇ ਹੋਰ ਸਮੱਸਿਆਵਾਂ ਦਾ ਮੌਕੇ ਤੇ ਹੀ ਹੱਲ ਕੀਤਾ ਗਿਆ ਹੈ। ਇਸ ਮੌਕੇ ਜੰਡਿਆਲਾ ਗੁਰੂ ਵਾਸੀਆਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕਰਦੇ ਕਿਹਾ ਕਿ ਇਸ ਕੈਂਪ ਨਾਲ ਉਨ੍ਹਾਂ ਦੀਆਂ ਕਾਫੀ ਮੁਸ਼ਕਲਾਂ ਦਾ ਹੱਲ ਹੋ ਗਿਆ ਹੈ ਅਤੇ ਉਹ ਸ੍ਰ ਈ:ਟੀ:ਓ ਦੇ ਧੰਨਵਾਦੀ ਹਨ ਆਮ ਆਦਮੀ ਪਾਰਟੀ ਨੂੰ ਉਦੋਂ ਵੱਡਾ ਹੁਲਾਰਾ ਮਿਲਿਆ ਜਦੋਂ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਅਮਰਕੋਟ ਦੇ ਮੌਜੂਦਾ ਸਰਪੰਚ ਮੇਜਰ ਸਿੰਘ ਸਮੇਤ ਮੈਂਬਰ ਪੰਚਾਇਤ ਸਰਬਜੀਤ ਕੌਰ, ਮੈਂਬਰ ਪ੍ਰਤਾਪ ਸਿੰਘ, ਮੈਂਬਰ ਰਮਨ ਕੁਮਾਰ ਕਾਂਗਰਸ ਪਾਰਟੀ ਛੱਡ ਕੇ ਦਰਜਨਾ ਪਰਿਵਾਰਾਂ ਸਮੇਤ ਸਰਗਰਮ ਕਾਰਕੁੰਨ ਆਪਣੀਆਂ ਪਾਰਟੀਆਂ ਨੂੰ ਅਲਵਿਦਾ ਕਹਿ ਕੇ ਹਲਕਾ ਜੰਡਿਆਲਾ ਗੁਰੂ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਪੰਜਾਬ ਸ੍ਰ ਹਰਭਜਨ ਸਿੰਘ ਈ:ਟੀ:ਓ ਦੀ ਰਹਿਨੁਮਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਸ੍ਰ ਈ:ਟੀ:ਓ ਦੀ ਅਗਵਾਈ ਵਿੱਚ ਸ਼ਾਮਲ ਹੋਣ ਵਾਲਿਆਂ ਨੇ ਐਲਾਨ ਕੀਤਾ ਕਿ ਉਹ ਕੈਬਨਿਟ ਮੰਤਰੀ ਸ: ਈ:ਟੀ:ਓ ਵਲੋਂ ਜੰਡਿਆਲਾ ਗੁਰੂ ਹਲਕੇ 'ਚ ਸੜਕਾਂ , ਸਕੂਲਾਂ, ਤੇ ਹੋਰ ਬੁਨਿਆਦੀ ਢਾਂਚੇ ਦੇ ਵਿਕਾਸ ਸਮੇਤ ਨਸ਼ਿਆਂ ਦੇ ਖਤਾਮੇ ਲਈ ਲਿਆਂਦੀ ਗਈ ਕ੍ਰਾਂਤੀ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ ਹਨ। ਕੈਬਨਿਟ ਮੰਤਰੀ ਸ: ਈ:ਟੀ:ਓ ਨੇ ਪਾਰਟੀ 'ਚ ਸ਼ਾਮਲ ਹੋਏ ਵਰਕਰਾਂ ਨੂੰ ਸਨਮਾਨਿਤ ਕਰਦਿਆਂ ਭਰੋਸਾ ਦਿੱਤਾ ਕਿ ਪਾਰਟੀ 'ਚ ਆਉਣ ਵਾਲੇ ਹਰੇਕ ਵਿਅਕਤੀ ਨੂੰ ਸਰਕਾਰੇ ਦਰਬਾਰੇ ਮਾਨ ਸਨਮਾਨ ਦਿੱਤਾ ਜਾਵੇਗਾ।

**ਕਾਂਗਰਸ ਪਾਰਟੀ ਨੂੰ ਵੱਡਾ ਝਟਕਾ- ਮੌਜੂਦਾ ਸਰਪੰਚ ਸਮੇਤ ਮੈਂਬਰ ਆਪ ਵਿੱਚ ਹੋਏ ਸ਼ਾਮਲ**

ਆਵਾਜ਼ਿ ਕੌਮ AWAZE QAUM International Newspaper & WEB TV

ਈ ਟੀ ਓ ਵੱਲੋਂ ਜੰਡਿਆਲਾ ਗੁਰੂ ਵਿਖੇ ਕਰੀਬ 1 ਕਰੋੜ 16 ਲੱਖ ਰੁਪਏ ਦੀ ਲਾਗਤ ਨਾਲ

# ਤਿੰਨ ਸਕੂਲਾਂ ਵਿੱਚ ਕੀਤੇ ਜਾਣ ਵਾਲੇ ਕਾਰਜਾਂ ਦੇ ਰੱਖੇ ਨੀਂਹ ਪੱਥਰ




**ਜੰਡਿਆਲਾ ਗੁਰੂ, 3 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਅੱਜ ਆਪਣੇ ਹਲਕੇ ਜੰਡਿਆਲਾ ਗੁਰੂ ਵਿੱਚ ਤਿੰਨ ਸਕੂਲਾਂ ਵਿੱਚ 1 ਕਰੋੜ 16 ਲੱਖ ਰੁਪਏ ਦੀ ਲਾਗਤ ਨਾਲ ਕੀਤੇ ਜਾਣ ਵਾਲੇ ਵਿਕਾਸ ਕਾਰਜਾਂ ਦੇ ਨੀਂਹ ਪੱਥਰ ਰੱਖੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਬੱਚਿਆਂ ਨੂੰ ਮਿਆਰੀ ਸਿਖਿਆ ਪ੍ਰਦਾਨ ਕਰਵਾਉਣ ਲਈ ਵਚਨਬੱਧ ਹੈ ਅਤੇ ਉਸੇ ਹੀ ਲੜੀ ਤਹਿਤ ਸਰਕਾਰੀ ਸਕੂਲਾਂ ਵਿੱਚ ਵਿਕਾਸ ਕਰਜਾ ਆਰੰਭੇ ਜਾ ਰਹੇ ਹਨ। ਸ੍ਰ ਈ:ਟੀ:ਓ ਨੇ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਬੰਡਾਲਾ ਹਲਕਾ ਜੰਡਿਆਲਾ ਗੁਰੂ ਵਿਖੇ ਮਿਡ ਡੇ ਮੀਲ ਸੈਡ ਦੀ ਨਵੀਂ ਉਸਾਰੀ ਦਾ ਨੀਂਹ ਪੱਥਰ ਰੱਖਦਿਆਂ ਦੱਸਿਆ ਕਿ ਇਸ ਸ਼ੈਡ ਤੇ 27.32 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਸ ਕੰਮ ਆਉਦੇ ਚਾਰ ਮਹੀਨਿਆਂ ਵਿੱਚ ਪੂਰਾ ਕੀਤਾ ਜਾਵੇਗਾ। ਉਨ੍ਹਾਂ ਨੇ ਇਸ ਉਪਰੰਤ ਸਰਕਾਰੀ ਐਲੀਮੈਂਟਰੀ ਸਕੂਲ ਅਮਰਕੋਟ ਦੀ ਮੇਜਰ ਰਿਪੇਅਰ ਦੇ ਕੰਮਾਂ ਦਾ ਉਦਘਾਟਨ ਕੀਤਾ। ਇਸ ਸਕੂਲ ਵਿੱਚ 2 ਨਵੇਂ ਕਲਾਸ ਰੂਮ, ਬਰਾਂਡੇ ਦੀ ਉਸਾਰੀ ਅਤੇ ਵਾਸ਼ਰੂਮਾਂ ਦੀ ਰਿਪੇਅਰ ਵੀ ਕੀਤੀ ਜਾਵੇਗੀ ਜਿਸ ਤੇ 27.76 ਲੱਖ ਰੁਪਏ ਖਰਚ ਹੋਣਗੇ। ਲੋਕ ਨਿਰਮਾਣ ਮੰਤਰੀ ਵੱਲੋਂ ਜੰਡਿਆਲਾ ਗੁਰੂ ਦੇ ਸਰਕਾਰੀ ਐਲੀਮੈਂਟਰੀ ਸਕੂਲ ਲੜਕੇ, ਬਲਾਕ ਜੰਡਿਆਲਾ ਗੁਰੂ ਦੀ ਮੁਰੰਮਤ ਦਾ ਨੀਂਹ ਪੱਥਰ ਵੀ ਰੱਖਿਆ ਗਿਆ। ਉਨ੍ਹਾਂ ਦੱਸਿਆ ਕਿ ਇਸ ਸਕੂਲ ਵਿੱਚ ਕਲਾਸ ਰੂਮਾਂ ਤੇ ਵਾਸ਼ਰੂਮਾਂ ਦੀ ਮੇਜਰ ਮੁਰੰਮਤ ਤੋਂ ਇਲਾਵਾ ਇੰਟਰਲਾਕ ਟਾਇਲਾਂ ਦਾ ਕੰਮ ਵੀ ਕੀਤਾ ਜਾਵੇਗਾ ਜਿਸ ਤੇ 60.80 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਸ ਕੰਮ ਨੂੰ ਵੀ ਆਉਂਦੇ ਚਾਰ ਮਹੀਨਿਆਂ ਵਿੱਚ ਪੂਰਾ ਕੀਤਾ ਜਾਵੇਗਾ। ਸ੍ਰ ਈ:ਟੀ:ਓ ਨੇ ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕਰਦਿਆਂ ਕਿਹਾ ਕਿ ਸਾਰੇ ਵਿਕਾਸ ਕਾਰਜ ਗੁਣਵੱਤਾ ਭਰਪੂਰ ਹੋਣੇ ਚਾਹੀਦੇ ਹਨ ਅਤੇ ਗੁਣਵੱਤਾ ਨਾਲ ਕਿਸੇ ਤਰ੍ਹਾਂ ਦਾ ਸਮਝੌਤਾ ਨਹੀਂ ਕੀਤਾ ਜਾਵੇਗਾ। ਉਹਨਾਂ ਨੇ ਕਿਹਾ ਕਿ ਸਕੂਲ ਬੱਚਿਆਂ ਦੇ ਭਵਿੱਖ ਨਾਲ ਜੁੜੇ ਹੋਏ ਹਨ ਅਤੇ ਇਹਨਾਂ ਸਕੂਲਾਂ ਨੂੰ ਬਿਹਤਰ ਬਣਾਉਣਾ ਸਾਡੀ ਸਰਕਾਰ ਦੀ ਪਹਿਲੀ ਤਰਜੀਹ ਹੈ, ਤਾਂ ਜੋ ਇੱਥੇ ਪੜਨ ਆਉਣ ਵਾਲੇ ਬੱਚੇ ਸੋਹਣੇ ਮਾਹੌਲ ਵਿੱਚ ਚੰਗੀ ਵਿਦਿਆ ਹਾਸਿਲ ਕਰਨ। ਉਹਨਾਂ ਕਿਹਾ ਕਿ ਸਕੂਲਾਂ ਵਿੱਚ ਇਮਾਰਤਾਂ ਦੇ ਨਾਲ ਨਾਲ ਬਿਹਤਰ ਸਟਾਫ ਵੀ ਭਰਤੀ ਕੀਤਾ ਗਿਆ ਹੈ ਤਾਂ ਜੋ ਸਾਡੇ ਬੱਚੇ ਚੰਗੇ ਨਾਗਰਿਕ ਬਣ ਸਕਣ। ਉਹਨਾਂ ਇਸ ਮੌਕੇ ਪਿੰਡ ਦੇ ਮੋਹਤਬਾਰਾਂ, ਸਰਪੰਚਾਂ, ਅਹੁਦੇਦਾਰਾਂ, ਬੱਚਿਆਂ ਦੇ ਮਾਤਾ ਪਿਤਾ ਨੂੰ ਸਿੱਖਿਆ ਉੱਤੇ ਵੱਧ ਤੋਂ ਵੱਧ ਧਿਆਨ ਦੇਣ ਲਈ ਅਪੀਲ ਕੀਤੀ।

ਆਵਾਜ਼ਿ ਕੌਮ AWAZE QAUM International Newspaper & WEB TV

# ਸਪੀਕਰ ਸੰਧਵਾਂ ਨੇ ਕਿਸਾਨ ਖੁਦਕੁਸ਼ੀਆਂ ਦੇ ਮੱਦੇ ਉੱਤੇ ਕੇਂਦਰ ਸਰਕਾਰ ਨੂੰ ਆੜੇ ਹੱਥੀ ਲਿਆ

☛ ਕਿਹਾ, ਕੇਂਦਰ ਸਰਕਾਰ ਦੀ ਨੀਤੀਆਂ ਕਾਰਨ ਕਿਸਾਨ ਖੁਦਕੁਸ਼ੀਆਂ ਕਰਨ ਲਈ ਹੋ ਰਹੇ ਮਜਬੂਰ ☛ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਸਵਰਗੀ ਪਿਤਾ ਬਾਬੂ ਭਗਵਾਨ ਦਾਸ ਅਰੋੜਾ ਦੀ 25ਵੀ ਬਰਸੀ ਸਮਾਗਮ ਵਿੱਚ ਸ਼ਿਰਕਤ



**ਸੁਨਾਮ ਊਧਮ ਸਿੰਘ ਵਾਲਾ/ਸੰਗਰੂਰ ( ਰਣਜੀਤ ਸਿੰਘ ਪੇਧਨੀ )**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਦੇਸ਼ ਵਿੱਚ ਕਿਸਾਨਾਂ ਦੇ ਖੁਦਕੁਸ਼ੀਆਂ ਕਰਨ ਦੇ ਮੁੱਦੇ ਤੇ ਕੇਂਦਰ ਦੀ ਸਰਕਾਰ ਨੂੰ ਆੜੇ ਹੱਥੀ ਲੈਂਦਿਆ ਕਿਹਾ ਕਿ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਵਲੋਂ ਕਿਸਾਨ ਵਿਰੋਧੀ ਨੀਤੀਆਂ ਕਾਰਨ ਦੇਸ਼ ਦੇ ਵੱਖ-ਵੱਖ ਹਿੱਸਿਆਂ ਵਿੱਚ ਖਾਸ ਕਰਕੇ ਮਹਾਰਾਸ਼ਟਰਾਂ ਵਿੱਚ ਕਿਸਾਨ ਹਰ ਰੋਜ ਖੁਦਖੁਸ਼ੀਆਂ ਕਰਨ ਲਈ ਮਜਬੂਰ ਹੋਏ ਹਨ । ਉਨ੍ਹਾਂ ਇਹ ਵਿਚਾਰ ਆਮ ਆਦਮੀ ਪਾਰਟੀ ਪੰਜਾਬ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਪਿਤਾ ਸਵ: ਬਾਬੂ ਭਗਵਾਨ ਦਾਸ ਅਰੋੜਾ (ਸਾਬਕਾ ਮੰਤਰੀ ਪੰਜਾਬ) ਦੀ 25ਵੀਂ ਬਰਸੀ ਸਮਾਗਮ ਮੌਕੇ ਪੱਤਰਕਾਰਾਂ ਨਾਲ ਗੈਰ ਰਸਮੀ ਗੱਲਬਾਤ ਕਰਦਿਆ ਪ੍ਰਗਟ ਕੀਤੇ । ਉਨ੍ਹਾਂ ਮਹਾਰਾਸ਼ਟਰਾ 'ਚ ਹੋ ਰਹੀਆਂ ਕਿਸਾਨ ਆਤਮਹਤਿਆਵਾਂ ਦੇ ਆਂਕੜੇ ਪੇਸ਼ ਕਰਦਿਆਂ ਕੇਂਦਰ ਦੀ ਕਿਸਾਨ ਨੀਤੀ ਤੇ ਸਵਾਲ ਉਠਾਏ। ਸ. ਸੰਧਵਾ ਨੇ ਕਿਹਾ ਕਿ ਕੇਂਦਰ ਸਰਕਾਰ ਵਲੋਂ ਖੇਤੀਬਾੜੀ ਇਨਪੁਟ ਦੀਆਂ ਉੱਚੀਆਂ ਕੀਮਤਾਂ, ਝੂਠੇ ਵਾਅਦੇ ਤੇ ਮੰਦੀ ਦੀ ਮਾਰੀ ਕਾਰਨ ਕਿਸਾਨ ਚਿੰਤਾਜਨਕ ਹਾਲਤ 'ਚ ਪਹੁੰਚ ਚੁੱਕੇ ਹਨ। ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਹਮੇਸ਼ਾ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕੀਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਦੇ ਹਰ ਖੇਤਰ ਵਿਚ ਵਿਕਾਸ ਦੀਆਂ ਨਵੀਆਂ ਪਿਰਤਾਂ ਪਾਈਆਂ ਹਨ। ਪੰਜਾਬ ਦੀ ਆਰਥਿਕਤਾ ਦਾ ਧੁਰਾ ਕਿਸਾਨੀ ਨੂੰ ਪ੍ਰਫੁੱਲਿਤ ਕਰਨ ਲਈ ਪੰਜਾਬ ਦੇ ਹਿੱਸੇ ਦੇ ਪਾਣੀਆਂ ਦੀ ਵੱਡੀ ਲੜਾਈ ਜਿੱਤ ਕੇ ਦਹਾਕਿਆਂ ਤੋਂ ਪੰਜਾਬ ਦਾ ਪਾਣੀ ਹੋਰ ਸੂਬਿਆ ਨੂੰ ਜਾਣ ਤੋ ਰੋਕ ਕੇ ਪੰਜਾਬ ਦੇ ਕਿਸਾਨਾ ਦੇ ਖੇਤਾਂ ਤੱਕ ਪਹੁੰਚਾਇਆ ਹੈ ਜਿਸ ਨਾਲ ਮੋਟਰਾਂ, ਬੋਰਾਂ ਤੇ ਰੱਖ ਰਖਾਓ ਦਾ ਖਰਚਾ ਘਟਿਆ ਹੈ। ਸਰਕਾਰ ਵਲੋਂ ਫਸਲੀ ਵਿਭਿੰਨਤਾ ਨੂੰ ਉਤਸ਼ਾਹਿਤ ਕਰਨ ਲਈ ਕਿਸਾਨਾਂ ਨੂੰ ਮੱਕੀ ਲਗਾਉਣ ਲਈ ਉਤਸਾਹਿਤ ਕੀਤਾ ਜਾ ਰਿਹਾ ਹੈ। ਇਸੇ ਤਰ੍ਹਾਂ ਝੋਨੇ ਦੀ ਸਿੱਧੀ ਬਿਜਾਈ ਵੱਲ ਪ੍ਰੇਰਿਤ ਕਰਨ ਲਈ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਦੀ ਆਰਥਿਕ ਮਦਦ ਵੀ ਦਿੱਤੀ ਜਾ ਰਹੀ ਹੈ ਤਾਂ ਜੋ ਖੇਤੀ ਲਾਗਤ ਵਿੱਚ ਕਮੀ ਆਵੇ । ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਹਰੇਕ ਪੱਧਰ 'ਤੇ ਕਿਸਾਨਾਂ ਦੀ ਆਵਾਜ਼ ਨੂੰ ਉੱਭਾਰਿਆ, ਮੁਆਵਜ਼ਾ, ਸਹਾਇਤਾ ਤੇ ਵਿਕਾਸ ਲਈ ਹਮੇਸ਼ਾ ਕਿਸਾਨਾਂ ਦੇ ਨਾਲ ਖੜੀ ਰਹੀ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਨੂੰ ਚਾਹੀਦਾ ਹੈ ਕਿ ਕਿਸਾਨਾਂ ਲਈ ਵਧੇਰੇ ਸਹੂਲਤਾਂ ਤੇ ਹਮਦਰਦੀ ਦੀ ਨੀਤੀ ਲਾਗੂ ਕਰੇ ਨਾ ਕਿ ਉਨ੍ਹਾਂ ਨੂੰ ਕਰਜ਼ਿਆਂ ਹੇਠ ਪੀਸਣ ਦੇ ਲਈ ਮਜਬੂਰ ਕਰੇ।

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਭੱਟੀਵਾਲ ਕਲਾਂ ਵਿਖੇ ਪਾਣੀ ਦੀ ਨਿਕਾਸੀ ਦੀ 20 ਸਾਲ ਪੁਰਾਣੀ ਦਿੱਕਤ 80 ਲੱਖ ਰੁਪਏ ਦੇ ਪ੍ਰੋਜੈਕਟ ਨਾਲ ਕੀਤੀ ਦੂਰ: ਨਰਿੰਦਰ ਕੌਰ ਭਰਾਜ

☛ ਪਿੰਡ ਵਿੱਚ ਪੁੱਟੇ 02 ਨਵੇਂ ਛੱਪੜ ਅਤੇ ਪਾਈਆਂ ਨਵੀਆਂ ਪਾਈਪਲਾਈਨਾਂ ☛ ਪਿੰਡ ਖਿਲਰੀਆਂ ਤੇ ਚੰਗਾਲ ਵਿਖੇ ਨਹਿਰੀ ਪਾਣੀ ਦੀਆਂ ਦਿਕਤਾਂ ਦੂਰ ਕਰਨ ਹਿਤ ਅਧਿਕਾਰੀਆਂ ਨੂੰ ਨਿਰਦੇਸ਼ ਜਾਰੀ



**ਭਵਾਨੀਗੜ੍ਹ/ਸੰਗਰੂਰ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਪਿੰਡ ਭੱਟੀਵਾਲ ਕਲਾਂ ਵਿਖੇ ਪਾਣੀ ਦੀ ਨਿਕਾਸੀ ਦੀ 20 ਸਾਲ ਪੁਰਾਣੀ ਦਿੱਕਤ ਕਰੀਬ 80 ਲੱਖ ਰੁਪਏ ਦੇ ਪ੍ਰੋਜੈਕਟ ਤਹਿਤ 02 ਨਵੇਂ ਛੱਪੜ ਪੁੱਟ ਕੇ ਅਤੇ ਨਵੀਆਂ ਪਾਈਪ ਲਾਈਨਾਂ ਪਾ ਕੇ ਦੂਰ ਕੀਤੀ ਗਈ ਹੈ। ਇਹ ਜਾਣਕਾਰੀ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਹਲਕੇ ਦੇ ਪਿੰਡ ਭੱਟੀਵਾਲ ਕਲਾਂ, ਖਿਲਰੀਆਂ ਤੇ ਚੰਗਾਲ ਦਾ ਦੌਰਾ ਕਰਨ ਮੌਕੇ ਸਾਂਝੀ ਕੀਤੀ। ਹਲਕਾ ਵਿਧਾਇਕ ਨੇ ਦੱਸਿਆ ਕਿ ਭੱਟੀਵਾਲ ਕਲਾਂ ਵਿਖੇ ਪੁਰਾਣੇ ਛੱਪੜਾਂ ਤੋਂ ਪਾਣੀ ਨੂੰ 02 ਨਵੇਂ ਛੱਪੜਾਂ ਵਿੱਚ ਪਾਇਆ ਗਿਆ ਹੈ ਅਤੇ ਸੀਚੇਵਾਲ ਮਾਡਲ ਪ੍ਰੋਜੈਕਟ ਤਹਿਤ ਸਾਫ ਕੀਤਾ ਪਾਣੀ ਪਾਈਪ ਲਾਈਨ ਰਾਹੀਂ ਖੇਤਾਂ ਨੂੰ ਦੇਣ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਨਾਲ ਜਿੱਥੇ ਪਾਣੀ ਦੀ ਨਿਕਾਸੀ ਦੀ ਦਿੱਕਤ ਦੂਰ ਹੋਈ ਹੈ, ਉੱਥੇ ਸਿੰਜਾਈ ਲਈ ਧਰਤੀ ਹੇਠਲੇ ਪਾਣੀ ਉੱਤੇ ਨਿਰਭਰਤਾ ਘਟੀ ਹੈ। ਪਿੰਡ ਖਿਲਰੀਆਂ ਤੇ ਚੰਗਾਲ ਦੇ ਰਕਬੇ ਨੂੰ ਨਹਿਰੀ ਪਾਣੀ ਘੱਟ ਲੱਗਣ ਦੀ ਮੁਸ਼ਕਲ ਦਾ ਜਾਇਜ਼ਾ ਲੈਂਦੇ ਹੋਏ ਹਲਕਾ ਵਿਧਾਇਕ ਨੇ ਦੱਸਿਆ ਕਿ ਇਸ ਮਾਈਨਰ ਦੀ ਕਾਇਆ ਕਲਪ ਕਰਨ ਦਾ ਪ੍ਰੋਜੈਕਟ ਪਾਸ ਹੋ ਚੁੱਕਿਆ ਹੈ ਤੇ ਝੋਨੇ ਦੇ ਸੀਜ਼ਨ ਤੋਂ ਬਾਅਦ ਇਸ ਪ੍ਰੋਜੈਕਟ ਪੂਰਾ ਕਰ ਦਿੱਤਾ ਜਾਵੇਗਾ, ਜਿਸ ਨਾਲ ਲੋੜ ਮੁਤਾਬਕ ਪੂਰਾ ਪਾਣੀ ਮਿਲੇਗਾ। ਇਸ ਦੇ ਨਾਲ-ਨਾਲ ਸਿੰਜਾਈ ਲਈ ਟਿਊਬਵੈੱਲ ਕਾਰਪੋਰੇਸ਼ਨ ਵੱਲੋਂ ਪਾਈ ਪਾਈਪ ਲਾਈਨ ਸਬੰਧੀ ਦਿੱਕਤਾਂ ਦੂਰ ਕਰਨ ਲਈ ਕਾਰਪੋਰੇਸ਼ਨ ਦੇ ਅਧਿਕਾਰੀਆਂ ਨੂੰ ਹਦਾਇਤਾਂ ਦਿੱਤੀਆਂ ਗਈਆਂ। ਹਲਕਾ ਵਿਧਾਇਕ ਨੇ ਕਿਹਾ ਕਿ ਹਲਕੇ ਦੇ ਲੋਕਾਂ ਦੀਆਂ ਮੁਸ਼ਕਲਾਂ ਦੂਰ ਕਰਨ ਵਿੱਚ ਕੋਈ ਕਸਰ ਬਾਕੀ ਨਹੀਂ ਛੱਡੀ ਜਾ ਰਹੀ। ਪੰਜਾਬ ਸਰਕਾਰ ਦਿਨ-ਰਾਤ ਇੱਕ ਕਰ ਕੇ ਸੂਬੇ ਦੇ ਵਿਕਾਸ ਲਈ ਕੰਮ ਕਰ ਰਹੀ ਹੈ। ਇਸ ਮੌਕੇ ਬੀ.ਡੀ.ਪੀ.ਓ. ਸ਼੍ਰੀ ਲੈਨਿਨ ਗਰਗ, ਐੱਸ.ਡੀ.ਓ. ਸ਼੍ਰੀ ਕਰਨ ਬਾਂਸਲ, ਐੱਸ.ਡੀ.ਓ. ਸ਼੍ਰੀ ਹਰਸ਼ ਸਮੇਤ ਵੱਖੋ-ਵੱਖ ਵਿਭਾਗਾਂ ਦੇ ਅਧਿਕਾਰੀ, ਵੱਖੋ-ਵੱਖ ਅਹੁਦੇਦਾਰ, ਪਤਵੰਤੇ ਅਤੇ ਵੱਡੀ ਗਿਣਤੀ ਪਿੰਡ ਵਾਸੀ ਹਾਜ਼ਰ ਸਨ।



ਆਵਾਜ਼ਿ ਕੌਮ AWAZE QAUM International Newspaper & WEB TV

### ਐਡਵੋਕੇਟ ਲਖਵਿੰਦਰ ਸਿੰਘ ਦੀ ਮਾਤਾ ਸਲਵੰਤ ਕੌਰ ਜੀ ਦੇ ਸਰਧਾਂਜਲੀ ਸਮਾਰੋਹ ਚ ਵੱਖ ਵੱਖ ਰਾਜਨੀਤਕ ਧਾਰਮਿਕ ਸਖ਼ਸ਼ੀਅਤਾਂ ਨੇ

# ਸ਼ਰਧਾ ਦੇ ਫੁੱਲ ਭੇਟ ਤੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ



**ਜੰਡਿਆਲਾ ਗੁਰੂ, 3 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਜੰਡਿਆਲਾ ਗੁਰੂ ਤੋਂ ਥੋੜ੍ਹੀ ਦੂਰੀ ਤੇ ਪੈਂਦੇ ਪਿੰਡ ਤਾਰਾਗੜ੍ਹ ਤੋਂ ਸ੍ਰੋਮਣੀ ਅਕਾਲੀ ਦਲ ਦੇ ਸਾਬਕਾ ਸਰਪੰਚ ਐਡਵੋਕੇਟ ਲਖਵਿੰਦਰ ਸਿੰਘ ਝੰਡ, ਤੇ ਐਨ ਆਰ ਆਈ ਅਮਨਪ੍ਰੀਤ ਸਿੰਘ ਕਨੇਡਾ ਦੇ ਮਾਤਾ ਅਤੇ ਨੰਬਰਦਾਰ ਸ੍ਰ: ਪਿਆਰਾ ਸਿੰਘ ਦੀ ਧਰਮਪਤਨੀ ਸਰਦਾਰਨੀ ਸਲਵੰਤ ਕੌਰ ਉਮਰ ਕਰੀਬ 80 ਸਾਲ ਜੋ ਸੰਖੇਪ ਬਿਮਾਰੀ ਦੇ ਚੱਲਦਿਆਂ ਆਕਾਲ ਪੁਰਖ ਵੱਲੋਂ ਮਿਲੀ ਸਵਾਸਾਂ ਦੀ ਪੂੰਜੀ ਨੂੰ ਭੋਗਦਿਆਂ ਹੋਇਆ 24 ਜੂਨ ਨੂੰ ਇਸ ਸੰਸਾਰ ਨੂੰ ਛੱਡ ਕਿ ਸਦਾ ਲਈ ਪ੍ਰਮਾਤਮਾ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ ! ਮਾਤਾ ਸਲਵੰਤ ਕੌਰ ਜੀ ਦੀ ਆਤਮਿਕ ਸਾਂਤੀ ਲਈ ਉਨਾਂ ਦੇ ਗ੍ਰਹਿ ਵਿਖੇ ਤਿੰਨ ਰੋਜ ਤੋਂ ਆਰੰਭ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਅੱਜ 3 ਜੁਲਾਈ ਨੂੰ ਪਾਏ ਗਏ ਅਤੇ ਭੋਗ ਤੋਂ ਉਪਰੰਤ ਗੁਰਦੁਆਰਾ ਸਿੰਘ ਸਭਾ ਤਾਰਾਗੜ੍ਹ ਵਿਖੇ ਅੰਤਿਮ ਅਰਦਾਸ ਅਤੇ ਸਰਧਾਂਜਲੀ ਸਮਾਰੋਹ 12 ਤੋਂ 2 ਵਜੇ ਤੱਕ ਕਰਵਾਇਆ ਗਿਆ ਜਿਸ ਵਿੱਚ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਤੋਂ ਪਹੁੰਚੇ ਹਜੂਰੀ ਕੀਰਤਨੀ ਜਥੇ ਵੱਲੋਂ ਧੁਰ ਕੀ ਬਾਣੀ ਇਲਾਹੀ ਬਾਣੀ ਜੀ ਦੇ ਵੈਰਾਗਮਈ ਸ਼ਬਦ ਗਾਇਨ ਕਰਕੇ ਸੰਗਤਾਂ ਨੂੰ ਨਾਮ ਸਿਮਰਨ ਜਪ ਕਿ ਨਾਮ ਦੀ ਪੂੰਜੀ ਇਕੱਠੀ ਕਰਨ ਲਈ ਪ੍ਰੇਰਿਤ ਕੀਤਾ ਅਤੇ ਕੀਰਤਨ ਦੀ ਸਮਾਪਤੀ ਤੋਂ ਉਪਰੰਤ ਬਾਬਾ ਸੁੱਖਾ ਸਿੰਘ ਜੀ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਵਿਛੜੀ ਰੂਹ ਦੇ ਪ੍ਰਥਾਏ ਅਤੇ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ! ਇਸ ਸਰਧਾਂਜਲੀ ਸਮਾਰੋਹ ਵਿੱਚ ਇਲਾਕਾ ਵਾਸੀਆਂ ਤੇ ਵੱਖ ਵੱਖ ਧਾਰਮਿਕ , ਰਾਜਨੀਤਿਕ, ਐਡਵੋਕੇਟ ਸਖਸ਼ੀਅਤਾਂ ਨੇ ਹਾਜ਼ਰੀ ਭਰੀ ਜਿਸ ਵਿੱਚ ਕਾਂਗਰਸ ਪਾਰਟੀ ਤੋਂ ਅੰਮ੍ਰਿਤਸਰ ਦੇ ਦਿਹਾਤੀ ਪ੍ਰਧਾਨ ਅਵਤਾਰ ਸਿੰਘ ਟੱਕਰ ਜਾਣੀਆਂ ਨੇ ਮਾਤਾ ਸਲਵੰਤ ਕੌਰ ਜੀ ਨੂੰ ਸਰਧਾਂਜਲੀ ਭੇਟ ਕਰਦਿਆਂ ਹੋਇਆ ਧੀਆਂ ਪੁੱਤਾਂ ਲਈ ਸਭ ਤੋਂ ਨਿੱਘਾ ਤੇ ਵੱਡਾ ਰਿਸਤਾ ਮਾਂ ਦਾ ਹੋਣ ਬਾਰੇ ਦੱਸਿਆ ਅਤੇ ਕਿਹਾ ਕਿ ਅੱਜ ਮਾਤਾ ਸਲਵੰਤ ਕੌਰ ਦਾ ਬਖਸਿਸਾਂ ਭਰਿਆ ਹੱਥ ਸਦਾ ਲਈ ਸਾਡੇ ਸਿਰਾਂ ਤੋਂ ਚੁੱਕਿਆ ਗਿਆ ਜਿਸ ਮਾਂ ਦੇ ਹੱਥ ਨਾਲ ਅਸੀਂ ਵੱਡੀਆਂ ਵੱਡੀਆਂ ਮੰਜਲਾਂ ਹਾਸਲ ਕੀਤੀਆਂ ਮਾਤਾ ਜੀ ਦਾ ਸੰਸਾਰ ਵਿੱਚੋ ਚਲੇ ਜਾਣ ਦਾ ਬਹੁਤ ਦੁੱਖ ਲੱਗਾ ਜਿਸ ਨੂੰ ਪ੍ਰਗਟ ਨਹੀਂ ਕੀਤਾ ਜਾ ਸਕਦਾ ! ਅੱਗੇ ਸ੍ਰੋਮਣੀ ਕਮੇਟੀ ਮੈਂਬਰ ਜਥੇਦਾਰ ਅਮਰਜੀਤ ਸਿੰਘ ਬੰਡਾਲਾ ਜੀ ਨੇ ਸਰਧਾਂਜਲੀ ਭੇਟ ਕਰਦਿਆ ਹੋਇਆ ਕਿਹਾ ਕਿ ਮਾਤਾ ਸਲਵੰਤ ਕੌਰ ਜੀ ਨੇ ਆਪਣਾ ਮਾਂ ਦਾ ਫਰਜ਼ ਨਿਭਾਉਦਿਆਂ ਹੋਇਆਂ ਬੱਚਿਆਂ ਨੂੰ ਪੜਾਇਆ ਅਤੇ ਇਕ ਬੇਟਾ ਲਖਵਿੰਦਰ ਸਿੰਘ ਐਡਵੋਕੇਟ ਦੂਜੇ ਬੇਟੇ ਅਮਨਪ੍ਰੀਤ ਸਿੰਘ ਨੂੰ ਪੜ੍ਹਾ ਕਿ ਵਿਦੇਸ਼ ਵਿੱਚ ਭੇਜਿਆ ਇਹ ਸਭ ਕੁਝ ਮਾਤਾ ਸਲਵੰਤ ਕੌਰ ਜੀ ਦੀ ਦੇਣ ਹੈ ਅੱਗੇ ਉਨਾਂ ਅੱਜ ਦੀਆਂ ਮਾਵਾਂ ਨੂੰ ਬੇਨਤੀ ਕਰਦਿਆਂ ਹੋਇਆ ਕਿਹਾ ਕਿ ਆਪਣੇ ਬੱਚਿਆਂ ਨੂੰ ਪੜਾਓ ਅਤੇ ਗੁਰੂ ਸਾਹਿਬ ਜੀ ਦੇ ਇਤਿਹਾਸ ਤੋਂ ਜਾਣੂੰ ਵੀ ਕਰਵਾਓ ਸਾਡੇ ਬੱਚੇ ਅੱਜ ਗੁਰੂ ਨਾਲੋਂ ਟੁੱਟਦੇ ਜਾ ਰਹੇ ਹਨ ਇਸ ਲਈ ਮਾਂ ਬੱਚੇ ਦਾ ਪਹਿਲਾ ਗੁਰੂ ਹੁੰਦਾ ਮਾਂ ਬੱਚੇ ਨੂੰ ਜੋ ਮਰਜੀ ਬਣਾ ਦੇਵੇ ! ਆਖਿਰ ਵਿੱਚ ਸ੍ਰੋਮਣੀ ਅਕਾਲੀ ਜਥੇਦਾਰ ਗੁਲਜਾਰ ਸਿੰਘ ਧੀਰੇਕੋਟ ਜੀ ਨੇ ਸਰਧਾਂਜਲੀ ਭੇਟ ਕਰਦਿਆ ਕਿਹਾ ਕਿ ਮਾਤਾ ਸਲਵੰਤ ਕੌਰ ਜੀ ਦੀ ਘਾਟ ਸਮੂਹ ਪ੍ਰੀਵਾਰ ਨੂੰ ਹਮੇਸਾਂ ਮਹਿਸੂਸ ਹੁੰਦੀ ਰਹੇਗੀ ਇਸ ਘਾਟ ਨੂੰ ਪੂਰਾ ਨਹੀਂ ਕੀਤਾ ਜਾ ਸਕਦਾ ਪਰ ਅਸੀਂ ਸ੍ਰੋਮਣੀ ਅਕਾਲੀ ਦਲ ਦੇ ਆਗੂ ਹੋਣ ਦੇ ਨਾਤੇ ਜਿਨੇ ਜੋਗੇ ਹੋਵਾਂਗੇ ਲਖਵਿੰਦਰ ਸਿੰਘ ਐਡਵੋਕੇਟ ਤੇ ਸਮੂਹ ਪ੍ਰੀਵਾਰ ਨਾਲ ਹਮੇਸ਼ਾ ਖੜੇ ਰਹਾਂਗੇ ! ਇਸ ਮੌਕੇ ਸਰਧਾਂਜਲੀ ਸਮਾਰੋਹ ਚ ਪਹੁੰਚੇ ਸਾਕ ਸੰਬੰਧੀਆਂ ਇਲਾਕਾ ਨਿਵਾਸੀ ਤੇ ਸਖਸੀਅਤਾਂ ਵੱਲੋਂ ਸਰਧਾ ਦੇ ਫੁੱਲ ਭੇਟ ਕਰਦਿਆ ਸਰਧਾਂਜਲੀ ਭੇਟ ਕੀਤੀ ਗਈ ਤੇ ਪ੍ਰੀਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ!

**ਮਾਵਾਂ ਆਪਣੇ ਬੱਚਿਆਂ ਨੂੰ ਗੁਰ ਇਤਿਹਾਸ ਤੋਂ ਜਾਣੂੰ ਕਰਵਾਉਣ ਸਾਡੇ ਬੱਚੇ ਗੁਰੂ ਨਾਲੋਂ ਟੁੱਟਦੇ ਜਾਂਦੇ : ਜਥੇਦਾਰ ਅਮਰਜੀਤ ਸਿੰਘ ਬੰਡਾਲਾ**

ਆਵਾਜ਼ਿ ਕੌਮ AWAZE QAUM International Newspaper & WEB TV

### ਸਰਕਾਰੀ ਹਸਪਤਾਲ ਸੰਗਰੂਰ ਅਤੇ ਦੰਦਾ ਦਾ ਹਸਪਤਾਲ ਮਹਿਲ ਕਲਾਂ ਵਿਖੇ

# ਲੋੜੀਦੇ ਸਟਾਫ ਅਤੇ ਇੰਸਟਰੂਮੈਂਟ ਦੀ ਵੱਡੀ ਕਮੀ ਫੌਰੀ ਦੂਰ ਕੀਤੀ ਜਾਵੇ : ਮਾਨ



**ਸੰਗਰੂਰ ( ਰਣਜੀਤ ਸਿੰਘ ਪੇਧਨੀ )**-"ਸੰਗਰੂਰ ਐਮ.ਪੀ ਹਲਕੇ ਦੇ ਨਿਵਾਸੀਆਂ ਦੀ ਸਿਹਤ ਤੰਦਰੁਸਤੀ ਨੂੰ ਮੁੱਖ ਰੱਖਕੇ ਜੋ ਸੰਗਰੂਰ ਵਿਚ ਸਰਕਾਰੀ ਹਸਪਤਾਲ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਹਿੱਤ ਜੋਰਦਾਰ ਆਵਾਜ ਉੱਠੀ ਸੀ, ਬੇਸ਼ੱਕ ਉਸ ਹਸਪਤਾਲ ਵਿਚ ਕਾਫੀ ਚੰਗੇਰਾ ਹੋਇਆ ਹੈ, ਲੇਕਿਨ ਦੁੱਖ ਅਤੇ ਅਫਸੋਸ ਹੈ ਕਿ ਅਜੇ ਤੱਕ ਇਸ ਸਰਕਾਰੀ ਹਸਪਤਾਲ ਵਿਚ ਡਾਕਟਰਾਂ, ਸਟਾਫ ਨਰਸਾਂ, ਹੈਲਪਰਾਂ, ਸਫਾਈ ਸੇਵਕਾ ਅਤੇ ਹੋਰ ਤਕਨੀਕੀ ਸਟਾਫ ਦੀ ਅੱਜ ਵੀ ਬਹੁਤ ਵੱਡੀ ਘਾਰ ਹੈ । ਜਿਸ ਕਾਰਨ ਸੰਗਰੂਰ ਜ਼ਿਲ੍ਹੇ ਦੇ ਆਲੇ ਦੁਆਲੇ ਦੇ ਦੂਜੇ ਜ਼ਿਿਲ੍ਹਆਂ ਦੇ ਨਿਵਾਸੀ ਜੋ ਸਿਹਤ ਪੱਖੋ ਡੂੰਘੇ ਪੀੜ੍ਹਤ ਹਨ ਅਤੇ ਇਸ ਇਲਾਕੇ ਵਿਚ ਪਾਣੀ ਵਿਚ ਕਈ ਤਰ੍ਹਾਂ ਦੀ ਘਾਟ ਹੋਣ ਕਾਰਨ ਗਲਘੋਟੂ, ਕੈਂਸਰ, ਅੰਤੜੀਆਂ ਦੀ ਬਹੁਤਾਤ ਹੈ ਉਨ੍ਹਾਂ ਦੇ ਸਹੀ ਇਲਾਜ ਲਈ ਇਹ ਜਰੂਰੀ ਹੈ ਕਿ ਇਸ ਹਸਪਤਾਲ ਵਿਚ ਉਪਰੋਕਤ ਲੋੜੀਦੇ ਸਟਾਫ ਅਤੇ ਤਕਨੀਕੀ ਇੰਸਟਰੂਮੈਟ ਦੀ ਪੂਰਤੀ ਕੀਤੀ ਜਾਵੇ । ਇਹ ਹੋਰ ਵੀ ਦੁੱਖਦਾਇਕ ਗੱਲ ਹੈ ਕਿ ਇਹ ਇਲਾਕਾ ਮੌਜੂਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਆਪਣਾ ਇਲਾਕਾ ਹੈ । ਦੂਜਾ ਸ. ਹਰਪਾਲ ਸਿੰਘ ਚੀਮਾਂ ਜੋ ਵਿੱਤ ਵਜੀਰ ਹਨ ਉਹ ਵੀ ਇਸ ਇਲਾਕੇ ਦੇ ਹਨ । 2 ਅਹਿਮ ਕੈਬਨਿਟ ਦੀਆਂ ਸਖਸ਼ੀਅਤਾਂ ਦੇ ਹੁੰਦੇ ਹੋਏ ਜੇਕਰ ਇਥੋ ਦੇ ਨਿਵਾਸੀਆ ਨੂੰ ਲੋੜੀਦੇ ਸਟਾਫ, ਤਕਨੀਕੀ ਕਰਮਚਾਰੀਆਂ ਤੇ ਦਵਾਈ ਆਦਿ ਦੀ ਘਾਟ ਹੋਣ ਕਾਰਨ ਵੱਡੀ ਮੁਸਕਿਲ ਦਾ ਸਾਹਮਣਾ ਕਰਨਾ ਪੈ ਰਿਹਾ ਹੈ । ਫਿਰ ਉਹ ਬਾਕੀ ਪੰਜਾਬ ਦੇ ਸੂਬਿਆਂ ਵਿਚ ਪ੍ਰਦਾਨ ਕੀਤੀਆ ਜਾਣ ਵਾਲੀਆ ਸਿਹਤ ਸੇਵਾਵਾਂ ਦੀ ਹਾਲਤ ਤਾਂ ਹੋਰ ਵੀ ਬਦਤਰ ਹੋਵੇਗੀ ।" ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਸਾਬਕਾ ਐਮ.ਪੀ ਸੰਗਰੂਰ ਨੇ ਬੀਤੇ 2-3 ਦਿਨਾਂ ਤੋ ਇਸ ਇਲਾਕੇ ਦਾ ਦੌਰਾ ਕਰਦੇ ਹੋਏ ਅਤੇ ਇਥੋ ਦੇ ਨਿਵਾਸੀਆ ਦੀਆਂ ਮੁਸਕਿਲਾਂ ਨੂੰ ਸੁਣਨ ਉਪਰੰਤ ਜੋ ਸੰਗਰੂਰ ਦੇ ਸਰਕਾਰੀ ਹਸਪਤਾਲ ਵਿਚ ਵੱਡੀਆ ਘਾਟਾ ਹਨ ਉਸ ਤੋ ਮੌਜੂਦਾ ਸਰਕਾਰ ਨੂੰ ਜਾਣੂ ਕਰਵਾਉਦੇ ਹੋਏ ਅਤੇ ਫੌਰੀ ਇਨ੍ਹਾਂ ਘਾਟਾ ਨੂੰ ਪੂਰਾ ਕਰਨ ਦੀ ਮੰਗ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਮਹਿਲ ਕਲਾਂ ਦੰਦਾ ਦੇ ਹਸਪਤਾਲ ਦੀ ਗੱਲ ਕਰਦੇ ਹੋਏ ਕਿਹਾ ਕਿ ਉਥੇ ਵੀ ਜੋ ਦੰਦਾ ਦੇ ਇਲਾਜ ਲਈ ਲੋੜੀਦਾ ਸਮਾਨ, ਮਸੀਨਰੀ ਅਤੇ ਡਾਕਟਰ ਹਨ, ਉਨ੍ਹਾਂ ਦੀ ਵੱਡੀ ਘਾਟ ਹੈ । ਉਹ ਵੀ ਤੁਰੰਤ ਪੂਰੀ ਕਰਕੇ ਇਲਾਕਾ ਨਿਵਾਸੀਆ ਦੀਆਂ ਦੰਦਾ ਦੀਆਂ ਬਿਮਾਰੀਆ ਦਾ ਸਹੀ ਢੰਗ ਨਾਲ ਹੱਲ ਕਰਨ ਦਾ ਪ੍ਰਬੰਧ ਕੀਤਾ ਜਾਵੇ । ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਸੰਗਰੂਰ ਜ਼ਿਲ੍ਹੇ ਦੇ ਨਿਵਾਸੀਆ ਦੀਆਂ ਉਪਰੋਕਤ ਸਿਹਤ ਸੰਬੰਧੀ ਆ ਰਹੀਆ ਮੁਸਕਿਲਾਂ ਨੂੰ ਹੱਲ ਕਰਨ ਲਈ ਸ. ਭਗਵੰਤ ਸਿੰਘ ਮਾਨ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਵਿੱਤ ਵਜੀਰ ਸ. ਹਰਪਾਲ ਸਿੰਘ ਚੀਮਾਂ ਉਚੇਚੇ ਤੌਰ ਤੇ ਧਿਆਨ ਦਿੰਦੇ ਹੋਏ ਇਨ੍ਹਾਂ ਮੁਸਕਿਲਾਂ ਨੂੰ ਪਹਿਲ ਦੇ ਆਧਾਰ ਤੇ ਹੱਲ ਕਰ ਦੇਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV

# ਰੀਆ ਆਰਟ ਕਰਾਫਟ ਵੱਲੋਂ, ਨਵੀ ਸੋਚ ਨਾਲ ਜੂਟ ਦੇ ਬੈਗਾ ਤੇ ਪੇਂਟਿੰਗ ਵਰਕਸ਼ਾਪ ਦਾ ਆਯੋਜਨ



**ਚੌਕ ਮਹਿਤਾ 3 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਬਟਾਲਾ: ਨਿਊ ਵਿਜੇ ਬੇਕਰੀ ਬਟਾਲਾ ਵਿੱਚ ਰੀਆ ਆਰਟ ਕਰਾਫਟ ਵੱਲੋਂ ਸਮਰ ਵਕੇਸ਼ਨ ਦੌਰਾਨ ਬੱਚਿਆਂ ਲਈ ਇੱਕ ਰੰਗ-ਬਿਰੰਗੀ ਜੂਟ ਬੈਗ ਪੇਂਟਿੰਗ ਵਰਕਸ਼ਾਪ ਕਰਵਾਈ ਗਈ। ਪੇਸ਼ੇਵਰ ਕਲਾਕਾਰ ਏਕਮਜੋਤ ਕੌਰ, ਜੋ ਕਿ ਰੀਆ ਆਰਟ ਕਰਾਫਟ ਦੀ ਸੰਸਥਾਪਕ ਹਨ, ਨੇ ਦੱਸਿਆ ਕਿ ਇਸ ਵਰਕਸ਼ਾਪ ਦਾ ਮਕਸਦ ਰੋਜ਼ਾਨਾ ਦੀ ਉਕਾਈ ਰੁਟੀਨ ਤੋਂ ਹਟਕੇ ਕੁਝ ਨਵਾਂ ਤੇ ਰਚਨਾਤਮਕ ਸਿਖਾਉਣਾ ਸੀ। ਏਕਮਜੋਤ ਨੇ ਇਹ ਵੀ ਜ਼ੋਰ ਦੇ ਕੇ ਕਿਹਾ ਕਿ ਉਹ ਪਲਾਸਟਿਕ ਬੈਗ ਦੀ ਥਾਂ ਜੂਟ ਦੇ ਬੈਗਾਂ ਨੂੰ ਉਤਸ਼ਾਹਤ ਕਰਦੀਆਂ ਹਨ, ਕਿਉਂਕਿ ਪਲਾਸਟਿਕ ਪ੍ਰਦੂਸ਼ਣ ਦਾ ਮੁੱਖ ਕਾਰਨ ਹੈ ਅਤੇ ਇਹ ਆਵਾਰਾ ਕੁੱਤਿਆਂ, ਗਾਂਵਾਂ ਅਤੇ ਹੋਰ ਪਸ਼ੂਆਂ ਲਈ ਘਾਤਕ ਸਾਬਤ ਹੋ ਰਿਹਾ ਹੈ। ਉਹਨਾਂ ਨੇ ਕਿਹਾ, "ਜੂਟ ਬੈਗ ਨਿਰੀ ਸੌਂਦਰਤਾ ਨਹੀਂ, ਸਗੋਂ ਪ੍ਰਕ੍ਰਿਤੀ ਪ੍ਰੇਮ ਅਤੇ ਜਿੰਮੇਵਾਰੀ ਦਾ ਸੰਦੇਸ਼ ਵੀ ਦੇਂਦੇ ਹਨ।"

ਆਵਾਜ਼ਿ ਕੌਮ AWAZE QAUM International Newspaper & WEB TV

# ਪਿੰਡ ਫੁੰਮਣਵਾਲ ਵਿਖੇ ਵਣ ਮਹਾਂਉਤਸਵ ਮੌਕੇ ਰੁੱਖ ਲਗਾਉਣ ਲਈ ਕਿਸਾਨਾਂ ਨੂੰ ਕੀਤਾ ਜਾਗਰੂਕ




ਸੰਗਰੂਰ ( ਰਣਜੀਤ ਸਿੰਘ ਪੇਧਨੀ )- ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਵਾਈਸ ਚਾਂਸਲਰ, ਡਾ. ਸਤਿਬੀਰ ਸਿੰਘ ਗੋਸਲ ਅਤੇ ਨਿਰਦੇਸ਼ਕ ਪਸਾਰ ਸਿੱਖਿਆ, ਪੀ.ਏ.ਯੂ. ਲੁਧਿਆਣਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਫਾਰਮ ਸਲਾਹਕਾਰ ਸੇਵਾ ਕੇਂਦਰ ਸੰਗਰੂਰ ਵਲੋਂ ਪਿੰਡ ਫੁੰਮਣਵਾਲ ਵਿਖੇ ਵਣ ਮਹਾਂਉਤਸਵ 2025 ਦੇ ਮੌਕੇ ਤੇ ਕਿਸਾਨਾਂ ਨੂੰ ਰੁੱਖਾਂ ਦੀ ਮਨੁੱਖੀ ਜੀਵਣ ਵਿੱਚ ਮਹੱਤਤਾ ਅਤੇ ਵਾਤਾਵਰਣ ਸਬੰਧੀ ਅਹਿਮੀਅਤ ਬਾਰੇ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਕੇਂਦਰ ਦੇ ਇੰਚਾਰਜ ਡਾ. ਅਸ਼ੋਕ ਕੁਮਾਰ, ਜਿਲ੍ਹਾ ਪਸਾਰ ਵਿਗਿਆਨੀ ਨੇ ਕਿਸਾਨਾਂ ਨੂੰ ਦੱਸਿਆ ਕਿ ਪੰਜਾਬ ਵਿੱਚ ਤਕਰੀਬਨ ਪਿਛਲੇ ਦੋ ਦਹਾਕਿਆਂ ਤੋਂ ਜੰਗਲਾਤ ਹੇਠਾਂ 1.13 ਪ੍ਰਤੀਸ਼ਤ ਰਕਬੇ ਦੀ ਗਿਰਾਵਟ ਆਈ ਹੈ। ਉਹਨਾਂ ਕਿਹਾ ਕਿ ਰੁੱਖ ਕੇਵਲ ਸੁੰਦਰਤਾ ਦਾ ਪ੍ਰਤੀਕ ਹੀ ਨਹੀਂ ਸਗੋਂ ਕਾਰਬਨਡਾਈਆਕਸਾਈਡ ਗੈਸ ਨੂੰ ਸੋਖ ਕੇ ਆਲਮੀ ਤਪਸ਼ ਨੂੰ ਘਟਾਉਣ ਅਤੇ ਹਜ਼ਾਰਾਂ ਕਿਸਮਾਂ ਦੇ ਪੰਛੀਆਂ, ਜਾਨਵਰਾਂ, ਸ਼ਿਹਦ ਦੀਆਂ ਮੱਖੀਆਂ ਲਈ ਵੀ ਸਹਾਰਾ ਹਨ। ਉਹਨਾਂ ਕਿਸਾਨਾਂ ਨੂੰ ਆਪਣੇ ਖੇਤਾਂ ਵਿੱਚ ਨਿੰਮ, ਡੇਕ ਅਤੇ ਹੋਰ ਰੁੱਖ ਲਗਾਉਣ ਲਈ ਪ੍ਰੇਰਿਆ। ਮੌਜੂਦਾ ਝੋਨੇ ਅਤੇ ਬਾਸਮਤੀ ਦੀ ਫਸਲ ਵਿੱਚ ਰਸਾਇਣਿਕ ਖਾਦਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ ਗਈ। ਕਿਸਾਨਾਂ ਦੁਆਰਾ ਪੁੱਛੇ ਗਏ ਸਵਾਲਾਂ ਜਿਵੇਂ ਕਿ ਝੋਨੇ ਵਿੱਚ ਜ਼ਿੰਕ ਦੀ ਘਾਟ ਅਤੇ ਇਲਾਜ, ਪੱਤਾ ਲਪੇਟ ਸੁੰਡੀ ਦੀ ਰੋਕਥਾਮ ਅਤੇ ਤੇਲੇ ਦੀ ਸਮੱਸਿਆ ਆਦਿ ਦੇ ਤਸੱਲੀਬਖਸ਼ ਜਵਾਬ ਦਿੱਤੇ ਗਏ। ਕਿਸਾਨਾਂ ਨੂੰ ਅਮਰੂਦਾਂ ਦੇ ਬੂਟਿਆਂ ਨੂੰ ਫਲ ਦੀ ਮੱਖੀ ਦੇ ਹਮਲੇ ਤੋਂ ਬਚਾਉਣ ਲਈ ਪੀ.ਏ.ਯੂ. ਲੁਧਿਆਣਾ ਵੱਲੋਂ ਤਿਆਰ "ਫਰੂਟ ਫਲਾਈ ਟਰੈਪ" ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਇਸਨੂੰ ਬੂਟੇ ਉੱਪਰ ਲਗਾਉਣ ਦੇ ਢੰਗ, ਫਾਇਦੇ ਅਤੇ ਸਾਵਧਾਨੀਆਂ ਬਾਰੇ ਦੱਸਿਆ ਗਿਆ। ਕਿਸਾਨਾਂ ਲਈ ਧਾਤਾਂ ਦੇ ਚੂਰੇ ਦੀ ਮਹੱਤਤਾ, ਬਾਈਪਾਸ ਫੈਟ, ਪਸ਼ੂਚਾਟ, ਫਰੂਟ ਫਲਾਈ ਟਰੈਪ ਅਤੇ ਖਾਤੀ ਸਾਹਿਤ ਦੀ ਪ੍ਰਦਰਸ਼ਨੀ ਵੀ ਲਗਾਈ ਗਈ। ਅੰਤ ਵਿੱਚ ਫਰੂਟ ਫਲਾਈ ਟਰੈਪਾਂ ਦੀ ਵਿਕਰੀ ਵੀ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਖਾਲਸਾ ਅਕੈਡਮੀ ਵੱਲੋਂ ਖਾਲਸਾ ਹਸਪਤਾਲ ਦੇ ਡਾਕਟਰਾਂ ਦਾ ਸਨਮਾਨ



ਚੌਕ ਮਹਿਤਾ, (ਬਾਬਾ ਸੁਖਵੰਤ ਸਿੰਘ ਚੰਨਣਕੇ)-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦੀ ਯੋਗ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ ਮਹਿਤਾ ਚੌਕ ਵਿਖੇ ਬੀਤੇ ਦਿਨ 'ਡਾਕਟਰ ਦਿਵਸ' ਮਨਾਇਆ ਗਿਆ। ਇਸ ਦੌਰਾਨ ਖਾਲਸਾ ਅਕੈਡਮੀ ਮਹਿਤਾ ਚੌਕ ਦੇ ਡਾਇਰੈਕਟਰ ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ ਅਤੇ ਸਮੂਹ ਅਧਿਆਪਕ ਸਾਹਿਬਾਨਾਂ ਵੱਲੋਂ ਖਾਲਸਾ ਹਸਪਤਾਲ ਮਹਿਤਾ ਵਿਖੇ ਸੇਵਾਵਾਂ ਨਿਭਾ ਰਹੇ ਡਾਕਟਰਾਂ ਨੂੰ ਕੇਕ ਕੱਟ ਕੇ ਅਤੇ ਫੁੱਲਾਂ ਦੇ ਗੁਲਦਸਤੇ ਦੇ ਕੇ ਸਨਮਾਨਿਤ ਕੀਤਾ ਗਿਆ । ਇਸ ਮੌਕੇ ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ, ਪ੍ਰਿੰਸ. ਗੁਰਦੀਪ ਸਿੰਘ ਰੰਧਾਵਾ, ਪ੍ਰਿੰਸ. ਹਰਸ਼ਦੀਪ ਸਿੰਘ ਰੰਧਾਵਾ (ਮੈਂਬਰ ਚੀਫ ਖਾਲਸਾ ਦੀਵਾਨ) ਸਮੂਹ ਅਧਿਆਪਕ ਸਾਹਿਬਾਨ ਵੱਲੋਂ ਡਾਕਟਰ ਰੇਨੂ ਭਾਟੀਆ ਅਤੇ ਡਾਕਟਰ ਨੰਦਨੀ ਨੂੰ ਸ਼ੁੱਭ ਇਛਾਵਾਂ ਦਿੱਤੀਆਂ ਅਤੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਆਪਣੀਆਂ ਸੇਵਾਵਾਂ ਇਵੇਂ ਹੀ ਨਿਭਾਉਂਦੇ ਰਹਿਣ ਅਤੇ ਲੋੜਵੰਦਾਂ ਦੀ ਮਦਦ ਕਰਦੇ ਰਹਿਣ। ਇਸ ਮੌਕੇ ਪ੍ਰਿੰਸੀਪਲ ਡਾਕਟਰ ਜਤਿੰਦਰ ਸ਼ਰਮਾ, ਪ੍ਰਿੰਸ. ਗੁਰਦੀਪ ਸਿੰਘ ਰੰਧਾਵਾ, ਪ੍ਰਿੰਸ. ਹਰਸ਼ਦੀਪ ਸਿੰਘ ਰੰਧਾਵਾ (ਮੈਂਬਰ ਚੀਫ ਖਾਲਸਾ ਦੀਵਾਨ) ਸਮੂਹ ਅਧਿਆਪਕ ਸਾਹਿਬਾਨ ਵੱਲੋਂ ਡਾਕਟਰ ਰੇਨੂ ਭਾਟੀਆ ਅਤੇ ਡਾਕਟਰ ਨੰਦਨੀ ਨੂੰ ਸ਼ੁੱਭ ਇਛਾਵਾਂ ਦਿੱਤੀਆਂ ਅਤੇ ਕਿਹਾ ਕਿ ਉਹ ਭਵਿੱਖ ਵਿੱਚ ਵੀ ਆਪਣੀਆਂ ਸੇਵਾਵਾਂ ਇਵੇਂ ਹੀ ਨਿਭਾਉਂਦੇ ਰਹਿਣ ਅਤੇ ਲੋੜਵੰਦਾਂ ਦੀ ਮਦਦ ਕਰਦੇ ਰਹਿਣ।

ਆਵਾਜ਼ਿ ਕੌਮ AWAZE QAUM International Newspaper & WEB TV

ਸੇਵਾ, ਸਮਰਪਣ ਅਤੇ ਸਨਮਾਨ ਦਾ ਤਿਉਹਾਰ - ਡਾਕਟਰਜ਼ ਡੇ ਸਮਾਰੋਹ

# ਈ ਐਮ ਸੀ ਹਸਪਤਾਲ ਵਿੱਚ ਸ਼ਾਨਦਾਰ ਢੰਗ ਨਾਲ ਮਨਾਇਆ ਗਿਆ






**ਚੌਕ ਮਹਿਤਾ, 3 ਜੁਲਾਈ ( ਬਾਬਾ ਸੁਖਵੰਤ ਸਿੰਘ ਚੰਨਣਕੇ)** - ਈ ਐਮ ਸੀ ਹਸਪਤਾਲ, ਅੰਮ੍ਰਿਤਸਰ ਵਿਖੇ ਡਾਕਟਰਜ਼ ਡੇ ਮੌਕੇ ਇਕ ਸ਼ਾਨਦਾਰ, ਅਤੇ ਉਤਸ਼ਾਹ ਭਰਿਆ ਸਨਮਾਨ ਸਮਾਰੋਹ ਆਯੋਜਿਤ ਕੀਤਾ ਗਿਆ। ਇਸ ਸਨਮਾਨ ਸਮਾਰੋਹ ਵਿੱਚ ਤਨ, ਮਨ ਅਤੇ ਦਿਲੋਂ ਸਮਰਪਿਤ ਡਾਕਟਰਾਂ ਨੂੰ ਉਨ੍ਹਾਂ ਦੀਆਂ ਵਧੀਆ ਕਾਰਗੁਜਾਰੀਆਂ ਸਿਹਤ ਸੇਵਾਵਾਂ, ਮਨੁੱਖਤਾ ਦੇ ਯੋਗਦਾਨ ਲਈ ਖ਼ਾਸ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕਾ ਸਿਰਫ਼ ਉਨ੍ਹਾਂ ਨੂੰ ਇਕ ਸਿਹਤ ਕਰਮਚਾਰੀ ਵਜੋਂ ਨਹੀਂ, ਸਗੋਂ ਸਮਾਜ ਦੇ ਅਸਲ ਨਾਇਕ ਵਜੋਂ ਮੰਨਣ ਅਤੇ ਉਨ੍ਹਾਂ ਦੀ ਸੇਵਾ ਨੂੰ ਸਲਾਮ ਕਰਨ ਲਈ ਸਮਰਪਿਤ ਸੀ। ਇਸ ਸਮਾਰੋਹ ਦੀ ਰੌਣਕ ਵਧਾਉਣ ਲਈ ਕਈ ਪ੍ਰਮੁੱਖ ਸਖਸ਼ੀਅਤਾਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਈਆਂ। ਅੰਮ੍ਰਿਤਸਰ ਦੇ ਪੁਲਿਸ ਕਮਿਸ਼ਨਰ ਸ਼੍ਰੀ ਗੁਰਪ੍ਰੀਤ ਸਿੰਘ ਭੁੱਲਰ (9 ਆਈ ਪੀ ਐਸ ), ਡਿਪਟੀ ਕਮਿਸ਼ਨਰ ਸ਼੍ਰੀਮਤੀ ਸਾਖਸ਼ੀ ਸਾਵਣੀ (ਆਈ ਏ ਐਸ), ਇੰਡੀਆਨ ਮੈਡੀਕਲ ਅਸੋਸੀਏਸ਼ਨ ਦੇ ਪ੍ਰਧਾਨ ਡਾ. ਅਤੁਲ ਕਪੂਰ, ਅਤੇ ਦੇ ਡਾਇਰੈਕਟਰ – ਮੈਡੀਕਲ ਐਜੂਕੇਸ਼ਨ ਡਾ. ਏ.ਪੀ. ਸਿੰਘ ਨੇ ਸਮਾਰੋਹ ਵਿੱਚ ਆਪਣੀ ਉਪਸਥਿਤੀ ਨਾਲ ਸਮਾਰੋਹ ਨੂੰ ਮਹਾਨ ਬਣਾਇਆ। ਸਮਾਰੋਹ ਦੀ ਸ਼ੁਰੂਆਤ ਈ ਐਮ ਸੀ ਗਰੁੱਪ ਦੇ ਚੇਅਰਮੈਨ ਸ਼੍ਰੀ ਪਵਨ ਅਰੋੜਾ ਨੇ ਕੀਤੀ, ਜਦਕਿ ਈ ਐਮ ਸੀ ਹਸਪਤਾਲ ਦੇ ਡਾਇਰੈਕਟਰ ਡਾ. ਰਿਸ਼ਭ ਅਰੋੜਾ ਨੇ ਡਾਕਟਰਜ਼ ਡੇ 'ਤੇ ਆਪਣਾ ਖ਼ਾਸ ਸੰਦੇਸ਼ ਦੇ ਕੇ ਮਾਹੌਲ ਨੂੰ ਪ੍ਰੇਰਣਾਦਾਇਕ ਬਣਾ ਦਿੱਤਾ। ਇਸ ਮੌਕੇ 'ਤੇ ਈ ਐਮ ਸੀ ਹਸਪਤਾਲ ਦੀ ਪੂਰੀ ਡਾਕਟਰ ਟੀਮ, ਸੀਨੀਅਰ ਮੈਡੀਕਲ ਸਟਾਫ, ਨਰਸਿੰਗ ਤੇ ਪੈਰਾ ਮੈਡੀਕਲ ਟੀਮ ਅਤੇ ਮੈਨੇਜਮੈਂਟ ਟੀਮ ਨੇ ਉਤਸ਼ਾਹ ਭਰਪੂਰ ਹਿੱਸਾ ਲਿਆ। ਡਾਕਟਰਾਂ ਨੂੰ "ਉਤਸਾਹਿਤ ਸਨਮਾਨ" ਦੇ ਕੇ ਉਨ੍ਹਾਂ ਦੇ ਨਿਰੰਤਰ ਸੇਵਾਦਾਨ, ਨਿਸ਼ਠਾ ਅਤੇ ਮਰੀਜ਼ਾਂ ਦੀ ਖ਼ਾਤਰ ਕੀਤੇ ਯੋਗਦਾਨ ਲਈ ਖੁਲ੍ਹੇ ਮਨ ਨਾਲ ਸਨਮਾਨ ਦਿੱਤਾ ਗਿਆ। ਇਹ ਸਨਮਾਨ ਕੇਵਲ ਇਨਾਮ ਨਹੀਂ ਸਨ, ਇਹ ਸੱਚਮੁੱਚ ਈ ਐਨ ਸੀ ਵੱਲੋਂ ਉਨ੍ਹਾਂ ਦੀ ਮਿਹਨਤ, ਸੇਵਾ ਅਤੇ ਜ਼ਿੰਮੇਵਾਰੀ ਦੀ ਕਦਰ ਦਾ ਪ੍ਰਤੀਕ ਸਨ। ਚੇਅਰਮੈਨ ਸ਼੍ਰੀ ਪਵਨ ਅਰੋੜਾ ਨੇ ਆਪਣੇ ਸੰਦੇਸ਼ ਵਿੱਚ ਕਿਹਾ, "ਡਾਕਟਰ ਉਹ ਦੀਵੇ ਹਨ ਜੋ ਹਨੇਰੇ ਵਿੱਚ ਚਾਨਣ ਬਣਦੇ ਹਨ। ਉਹ ਸਿਰਫ ਬੀਮਾਰੀ ਦਾ ਇਲਾਜ ਨਹੀਂ ਕਰਦੇ, ਸਗੋਂ ਲੋਕਾਂ ਨੂੰ ਮੁੜ ਜ਼ਿੰਦਗੀ ਦੀ ਝਲਕ ਦਿਖਾਉਂਦੇ ਹਨ। ਈ ਐਮ ਸੀ ਨੂੰ ਗਰਵ ਹੈ ਕਿ ਉਨ੍ਹਾਂ ਕੋਲ ਇਕ ਐਸੀ ਮੈਡੀਕਲ ਟੀਮ ਹੈ ਜੋ ਆਧੁਨਿਕ ਗਿਆਨ ਨਾਲ ਨਿਰੀ ਮਨੁੱਖਤਾ ਵਾਲੀ ਸੋਚ ਰੱਖਦੀ ਹੈ। ਇਹ ਦਿਨ ਉਹਨਾਂ ਅਸਲੀ ਨਾਇਕਾਂ ਨੂੰ ਸਮਰਪਿਤ ਹੈ ਜੋ ਹਰ ਦਿਨ, ਹਰ ਹਾਲਤ ਵਿੱਚ, ਮਰੀਜ਼ਾਂ ਦੀ ਸੇਵਾ ਲਈ ਖੜੇ ਰਹਿੰਦੇ ਹਨ।" ਡਾਇਰੈਕਟਰ ਡਾ. ਰਿਸ਼ਭ ਅਰੋੜਾ ਨੇ ਕਿਹਾ, "ਡਾਕਟਰ ਬਣਨਾ ਸਿਰਫ਼ ਇਕ ਕਰੀਅਰ ਨਹੀਂ, ਇਕ ਸੰਕਲਪ ਹੈ – ਹਰ ਦਰਦ ਨੂੰ ਘਟਾਉਣਾ, ਹਰ ਜ਼ਿੰਦਗੀ ਨੂੰ ਬਚਾਉਣ ਦੀ ਕੋਸ਼ਿਸ਼ ਕਰਨੀ। ਈ ਐਮ ਸੀ ਦਾ ਹਰ ਡਾਕਟਰ ਸਾਡੇ ਮੂਲ ਮੰਤਰ 'ਸੇਵਾ ਹੀ ਧਰਮ ਹੈ' ਦਾ ਪ੍ਰਤੀਕ ਹੈ। ਸਾਨੂੰ ਮਾਣ ਹੈ ਕਿ ਸਾਡੀ ਮੈਡੀਕਲ ਟੀਮ ਸਿਰਫ ਕਲੀਨੀਕਲ ਐਕਸਲੈਂਸ ਵਿੱਚ ਹੀ ਨਹੀਂ, ਮਨੁੱਖੀ ਸਬੰਧਾਂ ਵਿੱਚ ਵੀ ਅੱਗੇ ਹੈ। ਡਾਕਟਰਜ਼ ਡੇ ਸਾਡੇ ਲਈ ਸਿਰਫ਼ ਤਿਉਹਾਰ ਨਹੀਂ, ਸਾਡੀ ਜ਼ਿੰਮੇਵਾਰੀ ਦੀ ਯਾਦ ਵੀ ਹੈ – ਇੱਕ ਸੁਅਸਤ ਅਤੇ ਸੁਖੀ ਸਮਾਜ ਬਣਾਉਣ ਦੀ।" ਮੁੱਖ ਮਹਿਮਾਨ ਡਾ. ਏ.ਪੀ. ਸਿੰਘ ਨੇ ਕਿਹਾ, "ਡਾਕਟਰ ਸਮਾਜ ਦੀ ਰੀੜ ਦੀ ਹੱਡੀ ਹਨ। ਉਹ ਸਿਰਫ ਸਰੀਰਕ ਰੋਗ ਨਹੀਂ ਦੂਰ ਕਰਦੇ, ਸਗੋਂ ਮਾਨਸਿਕ ਅਤੇ ਭਾਵਨਾਤਮਕ ਸਹਾਰਾ ਵੀ ਦਿੰਦੇ ਹਨ। ਮੈਡੀਕਲ ਐਜੂਕੇਸ਼ਨ ਦਾ ਉਦੇਸ਼ ਐਸੇ ਡਾਕਟਰ ਤਿਆਰ ਕਰਨਾ ਹੈ ਜੋ ਤਜਰਬੇਕਾਰ ਹੋਣ ਦੇ ਨਾਲ-ਨਾਲ ਸੰਵੇਦਨਸ਼ੀਲ ਤੇ ਜ਼ਿੰਮੇਵਾਰ ਵੀ ਹੋਣ। ਈ ਐਮ ਸੀ ਇਸ ਵਿਚ ਲੀਡਰ ਦੀ ਭੂਮਿਕਾ ਨਿਭਾ ਰਿਹਾ ਹੈ।" ਸਭ ਸਪੀਕਰਾਂ ਨੇ ਡਾਕਟਰਾਂ ਨੂੰ ' ਯੋਧੇ' ਕਿਹਾ – ਜੋ ਚਾਹੇ ਮਹਾਮਾਰੀ ਹੋਵੇ ਜਾਂ ਐਮਰਜੈਂਸੀ, ਜਾਂ ਰੋਜ਼ਾਨਾ ਦੀ ਡਿਊਟੀ – ਹਰ ਸਮੇਂ ਮਰੀਜ਼ਾਂ ਅਤੇ ਸਮਾਜ ਦੀ ਹਿਫ਼ਾਜ਼ਤ ਕਰਦੇ ਹਨ। ਇਹ ਸਮਾਰੋਹ 5$3 ਵੱਲੋਂ ਉਨ੍ਹਾਂ ਨੂੰ ਧੰਨਵਾਦ ਦੇਣ ਅਤੇ ਉਨ੍ਹਾਂ ਦੀ ਸੇਵਾ ਨੂੰ ਸਲਾਮ ਕਰਨ ਦਾ ਪ੍ਰਯਾਸ ਸੀ। ਇਸ ਮੌਕੇ ਈ ਐਮ ਸੀ ਹਸਪਤਾਲ ਨੇ ਨਵੀਂ ਉਮੀਦ ਅਤੇ ਦ੍ਰਿੜ ਨਿਰਣਯ ਦੇ ਨਾਲ ਇਹ ਸੰਕਲਪ ਲਿਆ ਕਿ ਉਹ ਭਵਿੱਖ ਵਿੱਚ ਵੀ ਗੁਣਵੱਤਾ, ਦਇਆ ਅਤੇ ਨਵੀਨਤਾ ਨਾਲ ਭਰਪੂਰ ਸਿਹਤ ਸੇਵਾਵਾਂ ਦੇਣ ਲਈ ਵਚਨਬੱਧ ਰਹੇਗਾ। ਦਾ ਮੰਨਣਾ ਹੈ ਕਿ ਡਾਕਟਰਾਂ ਦਾ ਸਨਮਾਨ ਉਨ੍ਹਾਂ ਦੇ ਮਨੋਬਲ ਨੂੰ ਵਧਾਉਂਦਾ ਹੈ ਅਤੇ ਇਹ ਸਿਹਤ ਖੇਤਰ ਨੂੰ ਨਵੀਆਂ ਉਚਾਈਆਂ ਤੇ ਲੈ ਜਾਣ ਵਾਲਾ ਕਦਮ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ 'ਚੋਂ ਨਸ਼ਿਆਂ ਦੀ ਜੜ੍ਹ ਪੁੱਟਣ ਲਈ

# ਸਰਕਾਰ ਵਚਨਬੱਧ : ਹਰਜਿੰਦਰ ਉਸਮਾਂ



**ਚੌਕ ਮਹਿਤਾ, 2ਜੁਲਾਈ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ 'ਚੋਂ ਨਸ਼ਿਆਂ ਦੀ ਜੜ੍ਹ ਪੁੱਟਣ ਲਈ ਰੋਡਮੈਪ ਤਿਆਰ ਕਰਕੇ 'ਯੁੱਧ ਨਸ਼ਿਆਂ ਵਿਰੁੱਧ' ਸ਼ੁਰੂ ਕੀਤਾ ਹੈ। ਇਸ ਮੁਹਿੰਮ ਨੂੰ ਸਫਲ ਬਣਾਉਣ ਲਈ ਸਾਨੂੰ ਪਾਰਟੀਬਾਜੀ ਤੋਂ ਉਪਰ ਉਠ ਕੇ ਸਰਕਾਰ ਦਾ ਸਹਿਯੋਗ ਕਰਨਾ ਚਾਹੀਦਾ ਹੈ। ਇਹ ਪ੍ਰਗਟਾਵਾ ਜਿਲਾ ਐਕਸਾਈਜ ਐਂਡ ਟੈਕਸੇਸ਼ਨ ਸਲਾਹਕਾਰ ਕਮੇਟੀ ਦੇ ਮੈਬਰ ਤੇ ਹਲਕਾ ਜੰਡਿਆਲਾ ਗੁਰੂ ਤੋ 'ਆਪ' ਦੇ ਸੀਨੀਅਰ ਆਗੂ ਹਰਜਿੰਦਰ ਸਿੰਘ ਉਸਮਾਂ ਨੇ ਪੰਜਾਬ ਸਟੇਟ ਟਰੇਡਰਜ਼ ਕਮਿਸ਼ਨ ਦੇ ਮੈਂਬਰ ਅਤੇ ਵਪਾਰ ਮੰਡਲ ਪੰਜਾਬ ਦੇ ਪ੍ਰਧਾਨ ਸ੍ਰੀ ਵਿਨੀਤ ਵਰਮਾਂ ਨਾਲ ਇਕ ਵਿਸ਼ੇਸ਼ ਮੁਲਾਕਾਤ ਦੌਰਾਨ ਕੀਤਾ।

ਉਨਾਂ ਆਖਿਆ ਕਿ ਪੰਜਾਬ ਦੀ ਧਰਤੀ ਅਪਰਾਧੀਆਂ ਲਈ ਨਹੀਂ ਬਣੀ, ਇਹ ਸ਼ਾਂਤੀ ਨਾਲ ਰਹਿਣ ਵਾਲੇ ਲੋਕਾਂ ਦੀ ਧਰਤੀ ਹੈ। ਇਥੇ ਆਮ ਆਦਮੀ ਪਾਰਟੀ ਪੰਜਾਬ ਨੂੰ ਤੰਦਰੁਸਤ ਤੇ ਨਰੋਆ ਬਣਾਉਣ ਦੇ ਮਕਸਦ ਨਾਲ ਕੰਮ ਕਰ ਰਹੀ ਹੈ। ਉਨਾਂ ਕਿਹਾ ਕਿ ਹੋਰਨਾਂ ਨੌਜਵਾਨਾਂ ਨੂੰ ਨਸ਼ਿਆਂ ਦੀ ਲਤ ਲਗਾਉਣ ਵਾਲੇ ਲੋਕ ਹੁਣ ਆਪਣੇ ਘਰਾਂ ਵਿਚ ਸਲਾਮਤ ਨਹੀਂ ਰਹੀ ਸਕਦੇ, ਕਿਉਂਕਿ ਮਾਨ ਸਰਕਾਰ ਨੇ ਨਸ਼ੇ ਦੇ ਸੌਦਾਗਰਾਂ ਦੀ ਪੁੱਠੀ ਗਿਣਤੀ ਸ਼ੁਰੂ ਕਰ ਦਿੱਤੀ ਹੈ। ਹਰਜਿੰਦਰ ਉਸਮਾ ਨੇ ਕਿਹਾ ਕਿ ' ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਜੀ ਧੰਨਵਾਦ ਕਰਦਿਆਂ ਹੋਇਆਂ ਕਿਹਾ ਕਿ ਸੂਰੋ ਪੱਡਾ ਤੋਂ ਚੰਨਣਕੇ ਹੋਏ ਵਾਲੇ, ਅਰਜਨ ਮਾਗਾਂ ਦੀਆਂ ਸੜਕਾਂ 18 ਫੁੱਟ ਬਣਾਉਣ ਦਾ ਐਲਾਨ ਕੀਤਾ ਹੈ ਇੰਨਾ ਪਿੰਡਾਂ ਦੇ ਬਹੁਤ ਖੁਸ਼ ਹਨ। ਉਹ ਸਾਰੇ ਪਿੰਡ ਮੰਤਰੀ ਸਾਬ ਧੰਨਵਾਦ ਕਰਦੇ ਹਨ,ਆਪ' ਪਾਰਟੀ ਨੇ ਸੱਤਾ ਵਿਚ ਆਉਣ ਤੋਂ ਪਹਿਲਾਂ ਸੂਬੇ ਦੇ ਲੋਕਾਂ ਨਾਲ ਜ਼ੋ ਵਾਅਦੇ ਕੀਤੇ ਸਨ, ਉਨਾਂ ਨੂੰ ਅਮਲੀਜਾਮਾ ਪਹਿਨਾਉਣਾ ਸ਼ੁਰੂ ਕਰ ਦਿੱਤਾ ਹੈ। ਜਦਕਿ ਰਵਾਇਤੀ ਪਾਰਟੀਆਂ ਅਖੀਰਲੇ ਸਾਲ ਵੋਟਾਂ ਵੇਲੇ ਖ਼ਾਨਾਪੂਰਤੀ ਕਰਦੀਆਂ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਵੇਰਕਾ ਬਾਈਪਾਸ ਨੇੜੇ ਜੰਗਲ ਲਗਾਉਣ ਦਾ ਕੰਮ ਤੇਜੀ ਨਾਲ ਚੱਲ ਰਿਹਾ 6 ਹਜਾਰ ਰੁੱਖ ਪ੍ਰਸ਼ਾਸਨ ਦੇ ਸਹਿਯੋਗ ਨਾਲ ਸੋਨੂੰ ਜੰਡਿਆਲਾ ਲਾ ਚੁੱਕੇ



**ਜੰਡਿਆਲਾ ਗੁਰੂ, 3 ਜੁਲਾਈ ( ਕੁਲਵੰਤ ਸਿੰਘ ਵਿਰਦੀ )**-ਵਾਤਾਵਰਨ ਨੂੰ ਹਰਿਆ ਭਰਿਆ ਰੱਖਣ ਦੇ ਲਈ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਜੋ ਕਿਹਾ ਉਹ ਕਰ ਵਿਖਾਇਆ ਅੰਮ੍ਰਿਤਸਰ ਪਠਾਨਕੋਟ ਹਾਈਵੇ ਤੇ ਵੇਰਕਾ ਬਾਈਪਾਸ ਨੇੜੇ ਮਿਤੀ ,3,6,2025, ਨੂੰ ਇਕ ਜੰਗਲ ਨੂੰ ਕਿਸੇ ਸ਼ਰਾਰਤੀ ਅਨਸਰ ਵੱਲੋਂ ਅੱਗ ਲਗਾ ਦਿੱਤੀ ਗਈ ਜਿਸ ਵਿੱਚ ਅਨੇਕਾਂ ਜੀਵ ਜੰਤੂ ਤੇ ਚਾਰ ਹਜ਼ਾਰ ਰੁੱਖ ਸੜ ਕੇ ਸਵਾਹ ਹੋ ਗਏ ਉਸ ਦਿਨ ਹੀ ਮੌਕੇ ਤੇ ਪਹੁੰਚ ਕੇ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਮੀਡੀਆ ਅੱਗੇ ਆ ਕੇ ਇਹ ਗੱਲ ਕਰ ਦਿੱਤੀ ਕੀ ਇਹ ਜੰਗਲ ਦੇ ਵਿੱਚ ਵੱਖ-ਵੱਖ ਤਰਹਾਂ ਦੇ ਰੁੱਖ ਲੱਗੇ ਸੀ ਤੇ ਧੰਨ ਧੰਨ ਸਾਹਿਬ ਸ਼੍ਰੀ ਗੁਰੂ ਤੇਗ ਬਹਾਦਰ ਮਹਾਰਾਜ ਜੀ ਦੇ 400 ਸਾਲਾ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਵਿਸ਼ਾਲ ਜੰਗਲ ਲਗਾਇਆ ਗਿਆ ਸੀ ਜਿਸ ਵਿੱਚ 4000 ਦੇ ਕਰੀਬ ਰੁੱਖ ਲਗਾਏ ਗਏ ਸੀ ਕਿਸੇ ਸ਼ਰਾਰਤੀ ਅਨਸਰ ਵੱਲੋਂ ਇਸ ਜੰਗਲ ਨੂੰ ਅੱਗ ਲਗਾ ਦਿੱਤੀ ਗਈ ਪਰ ਹੁਣ ਅਸੀਂ ਇਸ ਜੰਗਲ ਨੂੰ ਦੁਬਾਰਾ ਤਿੰਨ ਮਹੀਨਿਆਂ ਦੇ ਵਿੱਚ ਇਥੇ ਵੱਖ-ਵੱਖ ਪ੍ਰਕਾਰ ਦੇ ਰੁੱਖ ਲਗਾ ਕੇ ਹਰਿਆ ਭਰਿਆ ਕਰ ਦਵਾਂਗੇ ਤੇ ਅਸੀਂ ਤਿੰਨ ਮਹੀਨਿਆਂ ਦੇ ਵਿੱਚ ਇਸ ਜਗਹਾ ਤੇ 10 ਹਜਾਰ ਰੁੱਖ ਲਗਾਵਾਂਗੇ ਤੇ ਜਿਨਾਂ ਵਿੱਚੋਂ ਹੁਣ ਉਹਨਾਂ ਨੇ 6000 ਦੇ ਕਰੀਬ ਇਸ ਜਗਹਾ ਤੇ ਰੁੱਖ ਲਗਾ ਦਿੱਤੇ ਨੇ ਕਹਿਣੀ ਤੇ ਕਰਨੀ ਵਿੱਚ ਬਹੁਤ ਘੱਟ ਲੋਕ ਪੂਰੇ ਉਤਰਦੇ ਨੇ ਪਰ ਸਿੱਖ ਆਗੂ ਨੇ ਜੋ ਕਿਹਾ ਉਹ ਕਰ ਵਿਖਾਇਆ ਗੱਲਬਾਤ ਕਰਦੇ ਹੋਏ ਉਹਨਾਂ ਦੱਸਿਆ ਕਿ ਅਸੀਂ ਤਿੰਨ ਮਹੀਨਿਆਂ ਬਾਅਦ ਇਸ ਜੰਗਲ ਨੂੰ ਪੂਰੀ ਤਰ੍ਹਾਂ ਨਾਲ ਤਿਆਰ ਕਰਕੇ ਪ੍ਰਸ਼ਾਸਨ ਦੇ ਹਵਾਲੇ ਕਰ ਦਵਾਂਗੇ ਤੇ ਬਾਅਦ ਵਿੱਚ ਇਸ ਦੀ ਸਾਂਭ ਸੰਭਾਲ ਜੰਗਲਾਤ ਵਿਭਾਗ ਤੇ ਪ੍ਰਸ਼ਾਸਨ ਕਰੇਗਾ ਤੇ ਇਸ ਜਗ੍ਹਾ ਤੇ ਅਸੀਂ ਇੱਕ ਪ੍ਰੋਗਰਾਮ ਵੀ ਰੱਖਾਂਗੇ ਜਿਸ ਵਿੱਚ ਗੁਰੂ ਨਗਰੀ ਦੇ ਮੈਂਬਰ ਪਾਰਲੀਮੈਂਟ ਸਰਦਾਰ ਗੁਰਜੀਤ ਸਿੰਘ ਔਜਲਾ ਜੀ ਤੇ ਜਿਲਾ ਪ੍ਰਸ਼ਾਸਨ ਨੂੰ ਵਿਸ਼ੇਸ਼ ਤੌਰ ਤੇ ਸੱਦਿਆ ਜਾਵੇਗਾ। ਕਿਉਂਕਿ ਸਾਡਾ ਸਾਥ ਇਸ ਕੰਮ ਵਿੱਚ ਬਹੁਤ ਜਿਆਦਾ ਅੰਮ੍ਰਿਤਸਰ ਦੇ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਦਿੱਤਾ ਹੈ ਤੇ ਪ੍ਰਸ਼ਾਸਨ ਨੇ ਵੀ ਬਹੁਤ ਸਹਿਯੋਗ ਦਿੱਤਾ ਹੈ ਇਸ ਜੰਗਲ ਵਿੱਚ ਰੁੱਖ ਲਗਾਉਣ ਦਾ ਕੰਮ ਬੜੀ ਤੇਜੀ ਨਾਲ ਸਮਾਜ ਸੇਵੀ ਤੇ ਸਿੱਖ ਆਗੂ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਤੇ ਜੰਗਲਾਤ ਵਿਭਾਗ ਦੀ ਟੀਮ ਤੇ ਇੰਸਪੈਕਟਰ ਸਤਨਾਮ ਸਿੰਘ ਦਿਨ ਰਾਤ ਇਸ ਜੰਗਲ ਨੂੰ ਹਰਿਆ ਭਰਿਆ ਰੱਖਣ ਦੇ ਵਿੱਚ ਜੁੱਟੇ ਨੇ ਇਸ ਮੌਕੇ ਤੇ ਹਾਜ਼ਰ ਦਲੇਰ ਸਿੰਘ ਸਿਮਰਦੀਪ ਸਿੰਘ ਹਰਪ੍ਰੀਤ ਸਿੰਘ ਬਲਦੇਵ ਸਿੰਘ ਸਕੱਤਰ ਸਿੰਘ ਜਸਪਾਲ ਸਿੰਘ ਗੁਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੋਣ ਵਾਲੇ ਫੈਸਲੇ ਕਿਸੇ ਵੀ ਬਾਹਰੀ ਪ੍ਰਭਾਵ ਤੋਂ ਮੁਕਤ ਅਤੇ ਅਜ਼ਾਦ ਹੋਣੇ ਚਾਹੀਦੇ ਹਨ - ਰਾਜਿੰਦਰ ਸਿੰਘ ਪੁਰੇਵਾਲ


ਰਾਜਿੰਦਰ ਸਿੰਘ ਪੁਰੇਵਾਲ, ਰਘਬੀਰ ਸਿੰਘ

ਨਵੀਂ ਦਿੱਲੀ 3 ਜੁਲਾਈ (ਮਨਪ੍ਰੀਤ ਸਿੰਘ ਖਾਲਸਾ): – ਸ੍ਰੀ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਐਕਟਿੰਗ ਜਥੇਦਾਰ ਗਿਆਨੀ ਰਘਬੀਰ ਸਿੰਘ ਵੱਲੋਂ ਆਪਣੀ ਹੈਡ ਗ੍ਰੰਥੀ ਦੀ ਸੇਵਾ ਬਦਲਣ ਦੇ ਸ਼ੱਕ ਦੇ ਆਧਾਰ ਤੇ ਪੰਜਾਬ ਹਾਈਕੋਰਟ ਵਿੱਚ ਕੇਸ ਦਰਜ ਕਰਵਾਇਆ ਸੀ ਕਿ ਉਹਨਾਂ, ਸ਼੍ਰੋਮਣੀ ਗੁਰਦੁਆਰਾ ਕਮੇਟੀ ਅੰਮ੍ਰਿਤਸਰ ਅਹੁਦੇ ਤੋਂ ਫਾਰਗ ਨਾ ਕਰੇ। ਦੇਸ਼ ਵਿਦੇਸ਼ ਵਿੱਚ ਵੱਡੀ ਗਿਣਤੀ ਵਿੱਚ ਭਾਈ ਸਾਹਿਬ ਦੇ ਅਦਾਲਤ ਵਿੱਚ ਜਾਣ ਦੇ ਫ਼ੈਸਲੇ ਨੂੰ ਗਲਤ ਕਿਹਾ ਹੈ। ਗੁਰਦੁਆਰਾ ਸਿੰਘ ਸਭਾ ਡਰਬੀ ਦੇ ਪ੍ਰਧਾਨ ਸ: ਰਘਬੀਰ ਸਿੰਘ ਅਤੇ ਜਨਰਲ ਸਕੱਤਰ ਸ: ਰਾਜਿੰਦਰ ਸਿੰਘ ਪੁਰੇਵਾਲ ਨੇ ਕਿਹਾ ਕਿ ਸਿੱਖ ਇਤਿਹਾਸ ਵਿੱਚ ਪਹਿਲਾਂ ਇਸ ਤਰ੍ਹਾਂ ਕਦੇ ਨਹੀਂ ਹੋਇਆ। ਤਖ਼ਤਾਂ ਦੇ ਜਥੇਦਾਰ ਤਾਂ ਸਮੂਹ ਸਿੱਖਾਂ ਦੇ ਫ਼ੈਸਲੇ ਆਪ ਕਰਦੇ ਰਹੇ ਹਨ ਤੇ ਉਹ ਜਥੇਦਾਰ ਆਪ ਹੀ ਭਾਰਤ ਦੀਆਂ ਅਦਾਲਤਾਂ ਵਿੱਚ ਆਪਣੇ ਕੇਸ ਕਰਦੇ ਹਨ। ਬੇਸ਼ੱਕ ਭਾਈ ਰਘਬੀਰ ਸਿੰਘ ਨੇ ਆਪਣਾ ਕੇਸ ਵਾਪਸ ਲੈ ਲਿਆ ਹੈ, ਪਰ ਸਿੱਖ ਸੰਗਤ ਅਜੇ ਵੀ ਜਥੇਦਾਰ ਸਾਹਿਬ ਨਾਲ ਸਹਿਮਤ ਨਹੀਂ ਹੈ। ਤਖ਼ਤਾਂ ਦੇ ਜਿਹੜੇ ਜਥੇਦਾਰਾਂ ਨੇ ਪੰਥ ਦੀ ਚੜ੍ਹਦੀ ਕਲਾ ਲਈ ਫ਼ੈਸਲੇ ਲੈਣੇ ਤੇ ਸੇਧ ਦੇਣੀ ਸੀ, ਉਹ ਆਪ ਹੀ ਭਾਰਤ ਦੀਆਂ ਅਦਾਲਤਾਂ ਵਿੱਚ ਇਨਸਾਫ਼ ਲਈ ਅਪੀਲਾਂ ਕਰਨ, ਇਹ ਸਿੱਖ ਜਥੇਦਾਰਾਂ ਦਾ ਕਿਰਦਾਰ ਨਹੀਂ ਸੀ। ਉਹਨਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਤੇ ਹੋਰ ਪੰਥਕ ਸੰਸਥਾਵਾਂ ਨੂੰ ਅਸੀਂ ਬੇਨਤੀ ਕਰਦੇ ਹਾਂ ਕਿ ਤਖ਼ਤਾਂ ਦੇ ਜਥੇਦਾਰ ਤੇ ਹੈਡ ਗ੍ਰੰਥੀ ਤਨਖਾਹ ਦਾਰ ਨਹੀਂ ਹੋਣੇ ਚਾਹੀਦੇ, ਸਗੋਂ ਚੰਗੇ ਪ੍ਰਚਾਰਕ, ਗਿਆਨੀ ਹਾਈਕੋਰਟ, ਸੁਪਰੀਮ ਕੋਰਟ ਦੇ ਗੁਰਸਿੱਖ, ਰਹਿਤ ਰਹਿਣੀ ਵਾਲੇ ਜੱਜ ਜਾਂ ਵੱਡੇ ਅਹੁਦਿਆਂ ਦੇ ਅਫ਼ਸਰ ਹੋਣੇ ਚਾਹੀਦੇ ਹਨ, ਤਨਖਾਹਦਾਰ ਨਹੀਂ ਹੋਣੇ ਚਾਹੀਦੇ। ਨਿਸ਼ਕਾਮ ਸੇਵਾਦਾਰ ਹੋਣਗੇ, ਉਹਨਾਂ ਦੇ ਪ੍ਰਚਾਰ ਸਬੰਧੀ ਵੱਖ ਵੱਖ ਥਾਵਾਂ ਤੇ ਜਾਣ ਦੇ ਖਰਚੇ ਦੇ ਜਾਂ ਦੇਸ਼ਾਂ ਵਿਦੇਸ਼ਾਂ ਦੇ ਖਰਚੇ ਹਰੇਕ ਮਹੀਨੇ ਮਿਲਣੇ ਚਾਹੀਦੇ ਹਨ। ਗਿਆਨੀ ਰਘਬੀਰ ਸਿੰਘ ਬੀਤੇ ਸਮੇਂ ਵਿੱਚ ਯੂ ਕੇ ਯਾਤਰਾ ਦੌਰਾਨ ਸ੍ਰੀ ਗੁਰੂ ਸਿੰਘ ਸਭਾ ਵਿਖੇ ਸਿੱਖ ਅਜਾਇਬਘਰ ਦੇਖਣ ਵੀ ਆਏ ਸਨ, ਜਿੱਥੇ ਅਸੀਂ ਉਹਨਾਂ ਦਾ ਮਾਣ ਸਨਮਾਨ ਵੀ ਕੀਤਾ ਸੀ। ਪਰ ਉਹਨਾਂ ਦੇ ਭਾਰਤੀ ਅਦਾਲਤ ਵਿੱਚ ਜਾਣ ਦੇ ਫ਼ੈਸਲੇ ਕਾਰਨ ਸਾਨੂੰ ਭਾਰੀ ਨਿਮੋਸ਼ੀ ਹੋਈ ਹੈ। ਦੇਸ਼ ਵਿਦੇਸ਼ ਦੀਆਂ ਸੰਗਤਾਂ ਦੀ ਮੰਗ ਹੈ ਕਿ ਜਥੇਦਾਰਾਂ ਦੀ ਮਦਦ ਲਈ ਪੰਥਕ ਵਿਦਵਾਨਾਂ ਦੀ 21 ਜਾਂ 31 ਮੈਂਬਰੀ ਕਮੇਟੀ ਹੋਣੀ ਚਾਹੀਦੀ ਹੈ, ਜੋ ਆਈਆਂ ਸ਼ਿਕਾਇਤਾਂ ਸਬੰਧੀ ਫੈਸਲੇ ਹੀ ਨਹੀਂ ਬਲਕਿ ਪੰਥ ਦੀ ਅਗਵਾਈ ਸਬੰਧੀ ਵੀ ਫੈਸਲੇ ਲੈ ਸਕੇ। ਅੱਜ ਤੱਕ ਪਹਿਲੇ ਬਹੁਤੇ ਫ਼ੈਸਲੇ ਕਿਸੇ ਸਿਆਸੀ ਦਲ ਜਾਂ ਕਿਸੇ ਇੱਕ ਧਿਰ ਨੂੰ ਖੁਸ਼ ਕਰਨ ਲਈ ਹੀ ਲਏ ਗਏ ਹਨ। ਬਹੁਤੇ ਸਿੱਖਾਂ ਦੀ ਰਾਏ ਹੈ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਫ਼ੈਸਲੇ ਹਰ ਤਰ੍ਹਾਂ ਦੇ ਬਾਹਰੀ ਪ੍ਰਭਾਵ ਅਤੇ ਦਬਾਅ ਤੋਂ ਮੁਕਤ ਹੋਣੇ ਚਾਹੀਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਭਾਕਿਯੂ ਨੇ ਰਹਿੰਦੀ ਪਾਇਪ ਲਾਇਨ ਦਾ ਕੰਮ ਜਲਦੀ ਮੁਕੰਮਲ ਕਰਨ ਦੀ ਕੀਤੀ ਮੰਗ

ਧੂਰੀ, 3 ਜੁਲਾਈ ( ਰਣਜੀਤ ਸਿੰਘ ਪੇਧਨੀ ) ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਰਾਜ ਸਿੰਘ ਮੂਲੋਵਾਲ ਸੀ. ਮੀਤ ਪ੍ਰਧਾਨ ਅਤੇ ਬਲਾਕ ਧੂਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭੁੱਲਰਹੇੜੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜੱਥੇਬੰਦੀ ਵੱਲੋਂ ਪਾਣੀਆਂ ਦੇ ਮੁੱਦੇ ਤੇ ਅਗਸਤ ਵਿੱਚ ਚੰਡੀਗੜ੍ਹ ਵਿਖੇ ਅਣਮਿੱਥੇ ਸਮੇਂ ਦੇ ਧਰਨੇ ਵਿੱਚ ਸ਼ਾਮਲ ਹੋਣ ਲਈ ਵਿਚਾਰਾਂ ਕੀਤੀਆਂ ਗਈਆਂ ਅਤੇ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਪਾਣੀ ਅਤੇ ਰਹਿੰਦੀਆਂ ਪਾਇਪ ਲਾਇਨ ਨੂੰ ਜਲਦੀ ਤੋਂ ਜਲਦੀ ਮੁਕੰਮਲ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਰਛਪਾਲ ਸਿੰਘ ਦੋਹਲਾ ਸੂਬਾ ਸਕੱਤਰ, ਜਗਰੂਪ ਸਿੰਘ ਦੋਹਲਾ, ਸ਼ੇਰ ਸਿੰਘ ਦੋਹਲਾ, ਗੁਰਜੀਤ ਸਿੰਘ ਭੜੀ ਮਾਨਸਾ ਜਨਰਲ ਸਕੱਤਰ, ਰਾਜਿੰਦਰ ਸਿੰਘ ਮੂਲੋਵਾਲ, ਕਰਮਜੀਤ ਸਿੰਘ ਕਾਂਝਲਾ, ਜੱਸਾ ਸਿੰਘ ਕਾਂਝਲਾ, ਜਸਵੀਰ ਸਿੰਘ ਕਾਂਝਲਾ, ਬਲਵਿੰਦਰ ਸਿੰਘ ਕਾਂਝਲਾ, ਹਰਪਾਲ ਸਿੰਘ, ਅਵਤਾਰ ਸਿੰਘ ਭੱਟੀਆਂ, ਮਲਕੀਤ ਸਿੰਘ ਛੰਨਾਂ, ਜੀਤ ਸਿੰਘ ਜਹਾਂਗੀਰ, ਮਲਕੀਤ ਸਿੰਘ ਖਜਾਨਚੀ ਆਦਿ ਵੀ ਹਾਜਰ ਸਨ।

# ਬਾਬਾ ਮੱਖਣ ਸ਼ਾਹ ਲੁਬਾਣਾ ਬਾਰੇ ਜਾਣਕਾਰੀ ਭਰਪੂਰ ਲੇਖ

ਅੱਜ ਅਸੀਂ ਬਾਬਾ ਮੱਖਣ ਸ਼ਾਹ ਲੁਬਾਣਾ ਬਾਰੇ ਅਤੇ ਉਸਦੇ ਪਿਛੋਕੜ ਬਾਰੇ ਜਾਣੂ ਹੋਵਾਂਗੇ। ਮੱਖਣ ਸ਼ਾਹ ਲੁਬਾਣਾ ਕਿਸ ਤਰ੍ਹਾਂ ਗੁਰੂ ਦਰਬਾਰ ਵਿੱਚ ਆਏ, ਇਸ ਬਾਰੇ ਵੀ ਅਸੀਂ ਜਾਣਕਾਰੀ ਹਾਸਲ ਕਰਾਂਗੇ।

ਜਦੋਂ ਅਸੀਂ ਪਿੱਛੇ 1340 ਦੇ ਸਮੇਂ ਵੱਲ ਦੇਖੀਏ ਤਾਂ ਇੱਕ ਰਾਜਾ ਸੀ - 'ਰਾਜਾ ਧਜ'। 'ਧਜ' ਦਾ ਪੁੱਤਰ ਸੀ- 'ਕੋ ਧਜ'। 'ਕੋ ਧਜ' ਦਾ ਪੁੱਤਰ ਸੀ - 'ਕਰਨ'। 'ਕਰਨ' ਦਾ ਪੁੱਤਰ ਸੀ- 'ਕੇਸਵ'। 'ਕੇਸਵ' ਦਾ ਪੁੱਤਰ ਸੀ- 'ਚਾਡਾ'। 'ਚਾਡੇ' ਦਾ ਪੁੱਤਰ ਸੀ- 'ਥਿਡਾ'।

'ਥਿਡੇ' ਦਾ ਪੁੱਤਰ ਸੀ- 'ਮੌਲਾ'। 'ਮੌਲੇ' ਦਾ ਪੁੱਤਰ ਸੀ- 'ਮੌਤਾ'। 'ਮੌਤੇ' ਦਾ ਪੁੱਤਰ ਸੀ - 'ਬਹੋੜੂ'। 'ਬਹੋੜੂ ਦਾ ਪੁੱਤਰ 'ਸਾਵਣ ਨਾਇਕ' ਸੀ। 'ਸਾਵਣ ਨਾਇਕ' ਗੁਰੂ ਨਾਨਕ ਦੇਵ ਜੀ ਦੇ ਸਮੇਂ ਹੋਇਆ ਸੀ। 1517 ਈਸਵੀ ਵਿੱਚ ਜਦੋਂ ਗੁਰੂ ਨਾਨਕ ਦੇਵ ਜੀ ਮਾਨਸਰੋਵਰ ਤੋਂ ਹੁੰਦਿਆਂ ਹੋਇਆਂ, ਲੇਹ ਲੱਦਾਖ ਤੋਂ ਲੰਘਦਿਆਂ ਮਟਨ (ਕਸ਼ਮੀਰ) ਰਾਹੀਂ ਹੁੰਦਿਆਂ ਹੋਇਆਂ ਗੁਜਰਾਤ (ਪਾਕਿਸਤਾਨ ) ਵੱਲ ਪਹੁੰਚ ਗਏ। ਇੱਕ ਗੁਜਰਾਤ ਭਾਰਤ ਵਿੱਚ ਹੈ ਅਤੇ ਦੂਜਾ ਗੁਜਰਾਤ ਪਾਕਿਸਤਾਨ ਵਿੱਚ ਹੈ।ਗੁਰੂ ਨਾਨਕ ਦੇਵ ਜੀ ਜਦੋਂ ਗੁਜਰਾਤ ਪਹੁੰਚੇ ਤਾਂ ਉਹਨਾਂ ਨੇ ਦੇਖਿਆ ਕਿ ਇੱਕ ਹਵੇਲੀ ਉੱਤੇ ਝੰਡੇ ਝੂਲ ਰਹੇ ਸਨ। ਗੁਰੂ ਜੀ ਨੇ ਪੁੱਛਿਆ -

"ਇਹ ਧਵਜ ਕਿਸਦੇ ਝੂਲਦੇ ਹੈਨ"

ਜਵਾਬ ਮਿਲਿਆ-

"ਈਹਾਂ ਸਾਵਣ ਨਾਇਕ ਰੈਹਸੀ"

ਗੁਰੂ ਜੀ ਨੇ ਕਿਹਾ-

"ਇਨਾ ਅਮੀਰ ਐਨਾ ਧਨਾਢ, ਇਸ ਧਨ ਦਾ ਕੀ ਕਰਸੀ, ਨਾਲ ਆਈ ਤਾਂ ਇਕ ਵਸਤ ਨਾ ਜਾਸੀ"

ਗੁਰੂ ਸਾਹਿਬ, ਸਾਵਣ ਨਾਇਕ ਨੂੰ ਮਿਲਦੇ ਹਨ।ਕਈ ਵਿਦਵਾਨਾਂ ਨੇ ਗੁਰੂ ਨਾਨਕ ਦੇਵ ਜੀ ਦੀ ਇਸ ਮਿਲਣੀ ਨੂੰ ਸਾਊਥ ਅਫਰੀਕਾ ਦੇ ਇਕ ਸ਼ਹਿਰ 'ਕੀਨੀਆ' ਵਿੱਚ ਵੀ ਲਿਖਿਆ ਹੈ। ਸੋ, ਸਾਵਣ ਨਾਇਕ ਗੁਰੂ ਨਾਨਕ ਦੇਵ ਜੀ ਦਾ ਸਿੱਖ ਬਣ ਜਾਂਦਾ ਹੈ। ਸਿੱਖੀ ਨੂੰ ਧਾਰਨ ਕਰਕੇ ਉਹ ਪ੍ਰਚਾਰਕ ਵੀ ਬਣਦਾ ਹੈ।

'ਸਾਵਣ ਨਾਇਕ' ਦਾ ਪੁੱਤਰ ਸੀ - 'ਬਾਬਾ ਅਰਥਾ"। 'ਬਾਬੇ ਅਰਥੇ' ਦਾ ਪੁੱਤਰ ਸੀ -"ਬਾਬਾ ਬੀਨਾ" ।"ਬਾਬੇ ਬੀਨੇ" ਦਾ ਪੁੱਤਰ ਸੀ "ਬਾਬਾ ਦਾਸਾ"। ਬਾਬਾ ਦਾਸਾ ਜੀ ਗੁਰੂ ਰਾਮਦਾਸ ਜੀ ਵੇਲੇ ਇੱਕ ਪ੍ਰਚਾਰਕ ਅਤੇ ਇਕ ਮਸੰਦ ਵੀ ਸੀ।ਬਾਬਾ ਦਾਸਾ ਜੀ ਮੱਖਣ ਸ਼ਾਹ ਲੁਬਾਣਾ ਦੇ ਪਿਤਾ ਜੀ ਸਨ ਅਤੇ ਬਹੁਤ ਵੱਡੇ ਵਪਾਰੀ ਸਨ। ਬਹੁਤ ਵੱਡੇ ਵਪਾਰੀ ਅਤੇ ਧਨੀ ਹੋਣ ਦੇ ਨਾਤੇ ਉਹ ਗੁਰੂ ਰਾਮਦਾਸ ਜੀ ਦੇ ਸੇਵਕ ਵੀ ਸਨ। ਭਾਈ ਗੁਰਦਾਸ ਜੀ ਨੇ ਆਪਣੀਆਂ ਵਾਰਾਂ ਵਿੱਚ 11ਵੀਂ ਪਉੜੀ ਵਿੱਚ ਜ਼ਿਕਰ ਕੀਤਾ ਹੈ ਕਿ ਉਹ ਗੁਰੂ ਸਾਹਿਬ ਦੇ ਮਸੰਦ ਸਿੱਖਾਂ ਵਿੱਚੋਂ ਸਨ।

"ਪੁਰਖੁ ਪਦਾਰਥ ਜਾਣੀਐ, ਤਾਰੂ ਭਾਰੂ ਦਾਸੁ ਦੁਆਰਾ "

ਭਾਈ ਤਾਰੂ ਜੀ, ਭਾਰੂ ਜੀ, ਦਾਸਾ ਜੀ ਅਤੇ ਹੋਰ ਗੁਰਸਿੱਖਾਂ ਦਾ ਨਾਮ ਵੀ ਇਸ ਵਾਰ ਵਿੱਚ ਆਉਂਦਾ ਹੈ।

ਮੱਖਣ ਸ਼ਾਹ ਲੁਬਾਣਾ ਦੇ ਪਿਤਾ ਭਾਈ ਦਾਸਾ ਜੀ ਗੁਰੂ ਰਾਮਦਾਸ ਜੀ ਦੇ ਮੁਖੀ ਸਿੱਖਾਂ ਵਿਚੋਂ ਇੱਕ ਸਨ। ਇਹ ਦੂਰ ਦੁਰਾਡੇ ਦੇਸ਼ਾਂ ਵਿੱਚ ਪ੍ਰਚਾਰ ਵੀ ਕਰਦੇ ਸਨ ਅਤੇ ਵਪਾਰ ਵੀ ਕਰਦੇ ਸਨ।ਭੱਟ ਵਹੀਆਂ ਅਨੁਸਾਰ ਮੱਖਣ ਸ਼ਾਹ ਲੁਬਾਣਾ ਦਾ ਜਨਮ 5 ਵੈਸਾਖ 1589 ਈਸਵੀ ਨੂੰ ਹੋਇਆ। ਜਦੋਂ ਮੱਖਣ ਸ਼ਾਹ ਲੁਬਾਣਾ ਆਪਣੇ ਪਿਤਾ ਜੀ ਨਾਲ ਗੁਰੂ ਅਰਜਨ ਦੇਵ ਜੀ ਦੇ ਦਰਸ਼ਨ ਕਰਨ ਆਏ ਤਾਂ ਉਸ ਸਮੇਂ ਇਹਨਾਂ ਦੀ ਉਮਰ 15 ਸਾਲ ਦੀ ਸੀ। ਗੁਰੂ ਹਰਿਗੋਬਿੰਦ ਜੀ ਦੇ ਦਰਬਾਰ ਵਿੱਚ ਆਪ ਜੀ ਦੇ ਪਰਿਵਾਰ ਵਲੋਂ ਜੋ ਦਸਵੰਧ ਦੀ ਮਾਇਆ ਭੇਜੀ ਜਾਂਦੀ ਸੀ, ਇਹ ਆਪਣੇ ਹੱਥੀਂ ਭੇਟ ਕਰਦੇ ਰਹੇ ਸਨ। ਜਦੋਂ ਮੱਖਣ ਸ਼ਾਹ ਲੁਬਾਣਾ ਦੇ ਪਿਤਾ ਜੀ 95 ਸਾਲ ਦੀ ਉਮਰ ਵਿੱਚ ਅਕਾਲ ਚਲਾਣਾ ਕਰ ਜਾਂਦੇ ਹਨ ਤਾਂ ਉਸ ਸਮੇਂ ਗੁਰੂ ਹਰਿਰਾਇ ਜੀ ਅਕਾਲ ਚਲਾਣੇ ਉੱਤੇ ਇਹਨਾਂ ਦੇ ਘਰ ਆਉਂਦੇ ਹਨ ਅਤੇ ਮੱਖਣ ਸ਼ਾਹ ਲੁਬਾਣਾ 4 ਮਹੀਨੇ ਗੁਰੂ ਹਰਿਰਾਇ ਜੀ ਦੇ ਦਰਸ਼ਨ ਦੀਦਾਰੇ ਕਰਦਾ ਹੈ।

ਭਾਈ ਮੱਖਣ ਸ਼ਾਹ ਲੁਬਾਣਾ ਗੁਰੂ ਘਰ ਪ੍ਰਤੀ ਬਹੁਤ ਸ਼ਰਧਾ ਅਤੇ ਵਿਸ਼ਵਾਸ ਰੱਖਣ ਵਾਲਾ ਸੀ ਅਤੇ ਗੁਰੂ ਘਰ ਦੀ ਹਰ ਪੱਖ ਤੋਂ ਜਾਣਕਾਰੀ ਵੀ ਰੱਖਦਾ ਸੀ।ਜੇ ਗੱਲ ਕਰੀਏ ਮੱਖਣ ਸ਼ਾਹ ਲੁਬਾਣਾ ਦੇ ਵਪਾਰ ਦੀ, ਉਸ ਸਮੇਂ ਇਹਨਾਂ ਦਾ ਵਪਾਰ ਬਹੁਤ ਵੱਡਾ ਸੀ। ਜੇ ਗੱਲ ਕਰੀਏ ਬੇੜਿਆਂ ਦੀ ਤਾਂ 200 ਦੇ ਲਗਪਗ ਮੱਖਣ ਸ਼ਾਹ ਲੁਬਾਣਾ ਦੇ ਬੇੜੇ ਚਲਦੇ ਸਨ ਅਤੇ ਕਈ ਸਮੁੰਦਰੀ ਜਹਾਜ਼ ਚਲਦੇ ਸਨ। ਕਿੰਨੇ ਹੀ ਗੱਡੇ, ਊਠਾਂ ਰਾਹੀਂ ਵਪਾਰ ਕੀਤਾ ਜਾਂਦਾ ਸੀ। ਮੱਖਣ ਸ਼ਾਹ ਲੁਬਾਣਾ ਇੱਕ ਬਹੁਤ ਵੱਡਾ ਵਪਾਰੀ ਸੀ।

ਹੁਣ ਗੱਲ ਕਰੀਏ ਮੱਖਣ ਸ਼ਾਹ ਲੁਬਾਣਾ ਦੇ ਜਹਾਜ਼ ਦੀ, ਕਿ ਇਹ ਜਹਾਜ਼ ਕੋਈ ਛੋਟਾ ਮੋਟਾ ਜਹਾਜ਼ ਨਹੀਂ ਸੀ। ਇਹ ਕੋਈ ਛੋਟੀ ਮੋਟੀ ਕਿਸ਼ਤੀ ਜਾਂ ਬੇੜਾ ਨਹੀਂ ਸੀ। ਇਹ ਉਹ ਬੇੜਾ ਸੀ ਜਿਸ ਵਿੱਚ ਲੋਕਾਂ ਦਾ ਮਾਲ ਬਾਹਰਲੇ ਦੇਸ਼ਾਂ ਵਿੱਚ ਭੇਜਿਆ ਜਾਂਦਾ ਸੀ।

ਇਹ ਬੇੜਾ 1664 ਈਸਵੀ ਵਿੱਚ ਸਮੁੰਦਰੀ ਤੂਫ਼ਾਨ ਵਿੱਚ ਫ਼ਸ ਗਿਆ ਸੀ। ' ਸਰੂਪ ਸਿੰਘ ਕੋਸ਼ਿਸ਼' ਲਿਖਦਾ ਹੈ ਕਿ ਇਹ ਬੇੜਾ ਤੇਨੂੰ ਦੇ ਭਵਰ ਵਿੱਚ ਫਸਿਆ ਸੀ। ਦੂਜੇ ਲਿਖਾਰੀ 'ਪ੍ਰਿੰਸੀਪਲ ਸਤਿਬੀਰ ਸਿੰਘ' ਜੀ ਆਪਣੀ ਕਿਤਾਬ 'ਈਤੀ ਜਿਨ ਕਰੀ' ਦੇ ਪੰਨਾ ਨੰਬਰ 47 ਉੱਤੇ ਇਸਨੂੰ ਸੂਰਤ ਦੀ ਬੰਦਰਗਾਹ ਉੱਤੇ ਦੱਸਦੇ ਹਨ।ਸੋ, ਇਸ ਉੱਤੇ ਅਜੇ ਹੋਰ ਖੋਜ ਦੀ ਲੋੜ ਹੈ।

ਮੱਖਣ ਸ਼ਾਹ ਲੁਬਾਣਾ ਦਾ ਬੇੜਾ ਸਮੁੰਦਰੀ ਤੂਫ਼ਾਨ ਵਿੱਚ ਫ਼ਸ ਜਾਂਦਾ ਹੈ।ਉਸ ਸਮੇਂ ਜਦੋਂ ਕੋਈ ਰਾਹ ਨਹੀਂ ਲੱਭਦਾ ਤਾਂ ਉਹ ਅਰਦਾਸ ਦਾ ਸਹਾਰਾ ਲੈਂਦੇ ਹਨ। ਮੱਖਣ ਸ਼ਾਹ ਲੁਬਾਣਾ ਦੀ ਉਮਰ ਹੁਣ 75 ਸਾਲ ਦੀ ਹੋ ਚੁੱਕੀ ਸੀ ਅਤੇ ਉਹ ਬਾਣੀ ਦੇ ਰਸੀਏ ਸਨ। ਉਹਨਾਂ ਨੂੰ ਅਰਦਾਸ ਉੱਤੇ ਭਰੋਸਾ ਸੀ।

"ਕਰ ਚਿਤ ਇਕਾਗਰ ਜਪ ਕੋ ਪੜ੍ਹਾ,
ਪੁਨ ਸਤਿਗੁਰ ਜੀ ਕਾ ਕੀਆ ਧਿਆਨ॥
ਮਨ ਮਿਟੋ ਭਰਮ ਗੁਰ ਲੇਹਿ ਪਛਾਨ॥12॥
( ਮਹਿਮਾ ਪ੍ਰਕਾਸ਼, ਸਾਖੀ 3, ਮਹਲਾ 9)

ਉਹਨਾਂ ਨੇ ਜਪੁਜੀ ਸਾਹਿਬ ਦਾ ਪਾਠ ਕਰਕੇ ਅਰਦਾਸ ਕੀਤੀ ਅਤੇ ਅਰਦਾਸ ਦੇ ਸਹਾਰੇ ਬੇੜਾ ਡੁੱਬਣ ਤੋਂ ਬਚ ਗਿਆ। ਉਸ ਸਮੇਂ ਗੁਰੂ ਨਾਨਕ ਸਾਹਿਬ ਦੇ ਦਰ ਤੇ ਕੀਤੀ ਅਰਦਾਸ ਸੁਣੀ ਗਈ।

ਅੱਜ ਅਸੀਂ ਕਹਿ ਦਿੰਦੇ ਹਾਂ ਕਿ ਇਸ ਤਰ੍ਹਾਂ ਕਿਵੇਂ ਡੁੱਬਦਾ ਹੋਇਆ ਬੇੜਾ ਬੱਚ ਗਿਆ।ਸੋ, ਆਓ ਗੁਰਬਾਣੀ ਦਾ ਸਹਾਰਾ ਲਈਏ।ਅਰਦਾਸ ਤੇ ਭਰੋਸਾ ਕਰੀਏ

"ਤੀਨੇ ਤਾਪ ਨਿਵਾਰਣਹਾਰਾ, ਦੁਖ ਹੰਤਾ ਸੁਖ ਰਾਸਿ॥
ਤਾ ਕਉ ਬਿਘਨੁ ਨਾ ਕੋਊ ਲਾਗੈ, ਜਾ ਕੀ ਪ੍ਰਭ ਆਗੈ ਅਰਦਾਸਿ॥"

ਤਿੰਨੇ ਤਾਪ ਆਧਿ, ਬਿਆਧਿ ਅਤੇ ਉਪਾਧਿ।ਜਦੋਂ ਅਸੀਂ ਭਰੋਸਾ ਕਰਕੇ ਅਰਦਾਸ ਕਰੀਏ ਤਾਂ ਤਨ ਦੇ, ਮਨ ਦੇ ਅਤੇ ਬਾਹਰਲੇ ਦੁੱਖ ਸਾਰੇ ਦੂਰ ਹੋ ਜਾਂਦੇ ਹਨ। ਗੁਰੂ ਸਾਹਿਬ ਅਰਦਾਸ ਹੀ ਤਾਂ ਸੁਣਦੇ ਹਨ-



ਆਸਾ ਮਹਲਾ 5

"ਅਪੁਨੇ ਸੇਵਕ ਕੀ ਆਪੈ ਰਾਖੈ, ਆਪੇ ਨਾਮੁ ਜਪਾਵੈ॥
ਜਹ ਜਹ ਕਾਜ ਕਿਰਤਿ ਸੇਵਕ ਕੀ, ਤਹਾ ਤਹਾ ਉਠਿ ਧਾਵੈ॥
ਸੇਵਕ ਕਉ ਨਿਕਟੀ ਹੋਇ ਦਿਖਾਵੈ॥
ਜੋ ਜੋ ਕਹੈ ਠਾਕੁਰ ਪਹਿ ਸੇਵਕੁ, ਤਤਕਾਲ ਹੋਇ ਆਵੈ"

ਜਦੋਂ ਸੇਵਕ ਸੱਚੇ ਮਨ ਨਾਲ ਗੁਰੂ ਅੱਗੇ ਅਰਦਾਸ ਕਰਦਾ ਹੈ ਤਾਂ ਉਸੇ ਸਮੇਂ ਅਰਦਾਸ ਸੁਣੀ ਜਾਂਦੀ ਹੈ। ਦੂਰ ਬੈਠਿਆਂ ਅਰਦਾਸ ਕਿਵੇਂ ਸੁਣੀ ਜਾ ਸਕਦੀ ਹੈ। ਬਾਣੀ ਵਿੱਚ ਲਿਖਿਆ ਹੈ-



"ਜੈਸੀ ਗਗਨਿ ਫਿਰੰਤੀ,ਊਡਤੀ ਕਪਰੇ ਬਾਗ. ਵਾਲੀ॥
ਓਹ ਰਾਖੈ ਚੀਤੁ ਪੀਛੈ ਬਿਚਿ ਬਚਰੇ ਨਿਤ ਹਿਰਦੈ ਸਾਰਿ ਸਮਾਲੀ॥
ਤਿਉ ਸਤਿਗੁਰ ਸਿਖ ਪ੍ਰੀਤਿ ਹਰਿ ਹਰਿ ਕੀ, ਗੁਰੁ ਸਿਖ ਰਖੈ ਜੀਅ ਨਾਲੀ॥

ਜਿਵੇਂ ਕੂੰਜ ਆਪਣੇ ਬੱਚਿਆਂ ਨੂੰ ਕਿੰਨੇ ਕਿਲੋਮੀਟਰ ਦੂਰ ਛੱਡ ਕੇ ਆਪ ਚੋਗਾ ਚੁੱਗਦੀ ਹੈ। ਆਪਣੇ ਬੱਚਿਆਂ ਦੀ ਪਾਲਣਾ ਕਰਦੀ ਹੈ। ਇਵੇਂ ਹੀ ਗੁਰੂ ਵੀ ਆਪਣੇ ਸਿੱਖ ਦੀ ਪ੍ਰਤਿਪਾਲਣਾ ਕਰਦਾ ਹੈ।

"ਊਡੇ ਊਡਿ ਆਵੈ ਸੈ ਕੋਸਾ, ਤਿਸੁ ਪਾਛੈ ਬਚਰੇ ਛਰਿਆ॥
ਤਿਨ ਕਵਣੁ ਖਲਾਵੈ ਕਵਣੁ ਚੁਗਾਵੈ ਮਨ ਮਹਿ ਸ਼ਿਮਰਨੁ ਕਰਿਆ॥"

ਕੂੰਜ ਸਾਈਬੇਰੀਆ ਤੋਂ 8 ਹਜਾਰ ਕਿਲੋਮੀਟਰ ਉੱਡ ਕੇ ਇੰਡੀਆ ਆਉਂਦੀ ਹੈ ਅਤੇ ਇੱਥੇ ਚੋਗਾ ਚੁਗਦੀ ਹੈ ।ਉੱਥੇ 8ਹਜਾਰ ਕਿਲੋਮੀਟਰ ਦੂਰ ਬੈਠੇ ਆਪਣੇ ਬੱਚਿਆ.: ਨੂੰ ਪਾਲ ਲੈਂਦੀ ਹੈ। ਬਾਣੀਂ ਅਨੁਸਾਰ-

"ਕੂੰਮੀ ਜਲ ਮਾਹਿ, ਤਨ ਤਿਸੁ ਬਾਹਰਿ
ਪੰਖ ਖੀਰੁ ਤਿਨ ਨਾਹੀ"

ਆਵਾਜ਼ਿ ਕੌਮ AWAZE QAUM International Newspaper & WEB TV

ਭਾਵ ਕੂੰਮੀ ਪਾਣੀ ਵਿੱਚ ਹੈ ਅਤੇ ਆਪਣੇ ਅੰਡੇ ਬਾਹਰ ਦਿੰਦੀ ਹੈ। ਨਾ ਉਹਦੇ ਬੱਚਿਆਂ ਕੋਲ ਉੱਡ ਕੇ ਆਉਣ ਲਈ ਪੰਖ ਹਨ, ਨਾ ਦੁੱਧ ਹੈ।ਕੂੰਮੀ ਪਾਣੀ ਵਿੱਚ ਧਿਆਨ ਲਗਾ ਕੇ ਆਪਣੇ ਬੱਚਿਆਂ ਨੂੰ ਅੰਡਿਆਂ ਵਿੱਚੋਂ ਬਾਹਰ ਕੱਢਦੀ ਹੈ। ਉਸਦੇ ਬੱਚੇ ਵਾਪਸ ਆ ਕੇ ਆਪਣੀ ਮਾਂ ਨੂੰ ਮਿਲ ਪੈਂਦੇ ਹਨ। ਜੇ ਕੂੰਜ ਦੂਰ ਬੈਠੀ ਆਪਣੇ ਬੱਚਿਆਂ ਨੂੰ ਬਚਾ ਸਕਦੀ ਹੈ, ਜੇ ਕੂੰਮੀ ਪਾਣੀ ਵਿੱਚ ਰਹਿੰਦਿਆਂ ਆਪਣੇ ਬੱਚਿਆਂ ਨੂੰ ਬਚਾ ਸਕਦੀ ਹੈ ਤਾਂ ਗੁਰੂ ਤੇਗ ਬਹਾਦਰ ਜੀ ਬਕਾਲੇ ਵਿਖੇ ਬੈਠਿਆਂ ਮੱਖਣ ਸ਼ਾਹ ਲੁਬਾਣਾ ਦਾ ਡੁੱਬਦਾ ਬੇੜਾ ਕਿਉਂ ਨਹੀਂ ਬਚਾ ਸਕਦੇ।

ਜਦੋਂ ਮੱਖਣ ਸ਼ਾਹ ਲੁਬਾਣਾ ਜੀ ਦਾ ਬੇੜਾ ਡੁੱਬਣ ਲਗਦਾ ਹੈ ਤਾਂ ਉਹ ਗੁਰੂ ਅੱਗੇ ਅਰਦਾਸ ਕਰਦਾ ਹੈ-

"ਕਰਿ ਚਿਤ ਇਕਾਗਰ ਜਪ ਕੋ ਪੜ੍ਹਾ,
ਪੁਨਿ ਸਤਿਗੁਰੁ ਜੀ ਕਾ ਕੀਆ ਧਿਆਨ"

ਉਹ ਅਰਦਾਸ ਕਰਦੇ ਹੋਏ ਕਹਿੰਦਾ ਹੈ ਕਿ ਗੁਰੂ ਸਾਹਿਬ, ਜੇ ਮੇਰਾ ਬੇੜਾ ਹੀ ਡੁੱਬ ਗਿਆ ਭਾਵ ਜੇ ਮੇਰਾ ਕਾਰੋਬਾਰ ਹੀ ਡੁੱਬ ਗਿਆ ਤਾਂ ਮੈਂ ਗੁਰੂ ਘਰ ਦਸਵੰਧ ਦੀ ਮਾਇਆ ਕਿਵੇਂ ਲੈ ਕੇ ਆਵਾਂਗਾ। ਗੁਰੂ ਸਾਹਿਬ , ਤੁਸੀਂ ਮੇਰੇ ਇਸ ਡੁੱਬਦੇ ਹੋਏ ਬੇੜੇ ਨੂੰ ਬਚਾਓ॥ ਜਿਹੜੀ ਦਸਵੰਧ ਦੀ ਮਾਇਆ ਮੇਰੇ ਪੁਰਖਾਂ ਤੋਂ ਚਲੀ ਆਉਂਦੀ ਹੈ, ਤਾਂ ਹੀ ਮੈਂ ਉਹ ਮਾਇਆ ਆਪ ਜੀ ਦੇ ਦਰਬਾਰ ਵਿੱਚ ਭੇਟਾ ਕਰ ਸਕਾਂਗਾ। ਮੱਖਣ ਸ਼ਾਹ ਲੁਬਾਣਾ ਜੀ ਨੇ ਕੋਈ ਸੁੱਖਣਾ ਨਹੀਂ ਸੁੱਖੀ ਸੀ। ਸੋ, ਮੱਖਣ ਸ਼ਾਹ ਲੁਬਾਣਾ ਦਾ ਬੇੜਾ ਡੁੱਬਣ ਤੋਂ ਬਚ ਜਾਂਦਾ ਹੈ। ਬਾਅਦ ਵਿੱਚ ਇਹ ਦਿੱਲੀ ਆਉਂਦੇ ਹਨ ਅਤੇ ਇਹਨਾਂ ਨੂੰ ਪਤਾ ਲਗਦਾ ਹੈ ਕਿ ਦਿੱਲੀ ਵਿੱਚ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਜੋਤੀ ਜੋਤਿ ਸਮਾ ਚੁੱਕੇ ਹਨ ਅਤੇ ਉਹ ਬਚਨ ਕਰ ਚੁੱਕੇ ਹਨ-'ਬਾਬਾ ਬਕਾਲੇ'। ਮੱਖਣ ਸ਼ਾਹ ਲੁਬਾਣਾ ਆਪਣੇ ਪੂਰੇ ਪਰਿਵਾਰ ਨੂੰ ਨਾਲ ਲੈ ਕੇ ਅਤੇ 500 ਸ਼ਸ਼ਤਰਧਾਰੀ ਸੂਰਮੇ (ਜੋ ਕਿ ਹਮੇਸ਼ਾ ਇਹਨਾਂ ਦੇ ਨਾਂ ਨਾਲ ਰਹਿੰਦੇ ਸਨ) ਨਾਲ ਲੈ ਕੇ 8 ਅਕਤੂਬਰ 1664 ਈਸਵੀ ਨੂੰ ਬਾਬਾ ਬਕਾਲੇ ਵਿਖੇ ਪਹੁੰਚ ਜਾਂਦੇ ਹਨ। ਇਹਨਾਂ ਨਾਲ਼ ਪਤਨੀ ਸੁਲਜੋਈ ਜੀ ਅਤੇ 3 ਪੁੱਤਰ- ਭਾਈ ਖ਼ੁਸ਼ਹਾਲਾ ਜੀ, ਭਾਈ ਚੰਦੂ ਲਾਲ ਜੀ, ਭਾਈ ਲਾਲ ਚੰਦ ਜੀ ਅਤੇ ਹੋਰ ਬਹੁਤ ਸੰਗਤ ਸੀ। ਜਿੱਥੇ ਅੱਜ ਗੁਰਦੁਆਰਾ ਛਾਉਣੀ ਸਾਹਿਬ ਹੈ, ਉੱਥੇ ਇਹ ਆ ਕੇ ਡੇਰਾ ਲਾਉਂਦੇ ਹਨ।

ਜਦੋਂ ਇਹ ਗੁਰੂ ਦੀ ਭਾਲ ਵਿੱਚ ਨਿਕਲਦੇ ਹਨ ਤਾਂ ਇਹ ਦੇਖਦੇ ਹਨ ਕਿ ਬਾਬਾ ਬਕਾਲੇ ਵਿਖੇ ਹੋਰ ਵੀ ਕਈ ਨਕਲੀ ਗੁਰੂ ਆਪਣੀਆਂ ਮੰਜੀਆਂ ਲਾ ਕੇ ਬੈਠੇ ਸਨ।ਮੱਖਣ ਸ਼ਾਹ ਲੁਬਾਣਾ ਜਿਸ ਕੋਲ ਵੀ ਗਏ ਤਾਂ ਇਹਨਾਂ ਨੂੰ ਲਗਿਆ ਕਿ ਗੁਰੂ ਤਾਂ ਦਾਤਾ ਹੈ ਪਰ ਇਹ ਸਭ ਤਾਂ ਮੰਗਤੇ ਹਨ। ਸਾਰੇ ਨਕਲੀ ਗੁਰੂ ਆਪਣੇ ਆਪ ਨੂੰ ਗੁਰੂ ਕਹਿਣ ਦੀ ਕੋਸ਼ਿਸ਼ ਕਰਦੇ ਸਨ।ਮੱਖਣ ਸ਼ਾਹ ਲੁਬਾਣਾ ਨੂੰ ਪਤਾ ਸੀ ਕਿ-

"ਜਿਨ ਹਰਿ ਪਾਇਓ ਤਿਨਹਿ ਛੁਪਾਇਓ"

ਗੁਰੂ ਤਾਂ ਸਭ ਦੇ ਅੰਦਰ ਦੀ ਗੱਲ ਜਾਣਦਾ ਹੈ

"ਘਟ ਘਟ ਕੇ ਅੰਤਰ ਕੀ ਜਾਨਤ,
ਭਲੇ ਬੁਰੇ ਕੀ ਪੀਰ ਪਛਾਨਤ"

ਇੱਥੇ ਤਾਂ ਸਾਰੇ ਗੁਰੂਆਂ ਦੇ ਚੇਲੇ ਆਪੋ ਆਪਣੇ ਦਰਬਾਰ ਵਿੱਚ ਲੈ ਕੇ ਜਾ ਰਹੇ ਸਨ। ਮੱਖਣ ਸ਼ਾਹ ਲੁਬਾਣਾ ਨੇ ਸਾਰੇ ਗੁਰੂਆਂ ਅੱਗੇ 2-2 ਮੋਹਰਾਂ ਰੱਖ ਕੇ ਮੱਥਾ ਟੇਕਿਆ। ਕਈ ਇਤਿਹਾਸਕਾਰਾਂ ਨੇ 5-5 ਮੋਹਰਾਂ ਵੀ ਲਿਖਿਆ ਹੈ। ਮੱਖਣ ਸ਼ਾਹ ਲੁਬਾਣਾ ਨੂੰ ਪਤਾ ਸੀ ਕਿ ਮੇਰੇ ਇਸ ਝੂਠ ਨੂੰ ਸੱਚਾ ਗੁਰੂ ਹੀ ਦੱਸ ਸਕਦਾ ਹੈ। ਧੀਰ ਮੱਲ ਦੇ ਚੇਲਿਆਂ ਨੇ ਤਾਂ ਹੱਦ ਹੀ ਕਰ ਦਿੱਤੀ। ਉਹਨਾਂ ਨੇ ਕਿਹਾ ਕਿ ਧੀਰ ਮੱਲ ਹੀ ਸਮੱਰਥ ਗੁਰੂ ਹੈ। ਇਹੀ ਸਭ ਤੋਂ ਵੱਡਾ ਗੁਰੂ ਹੈ।ਧੀਰ ਮੱਲ ਕੋਲ਼ ਆਦਿ ਗ੍ਰੰਥ ਸਾਹਿਬ ਹੈ। ਆਓ ਸੱਚੇ ਗੁਰੂ ਕੋਲ ਆਓ।

ਮੱਖਣ ਸ਼ਾਹ ਲੁਬਾਣਾ ਧੀਰ ਮੱਲ ਦੇ ਡੇਰੇ ਵੀ ਗਿਆ। ਆਦਿ ਗ੍ਰੰਥ ਸਾਹਿਬ ਨੂੰ ਨਮਸਕਾਰ ਵੀ ਕੀਤੀ। ਧੀਰ ਮੱਲ ਦੇ ਅੱਗੇ ਵੀ ਮੱਥਾ ਟੇਕਿਆ. ਪਰ ਤੱਸਲੀ ਨਾ ਹੋਈ। ਫ਼ਿਰ ਇਹ ਆਪਣੇ ਡੇਰੇ ਵਾਪਸ ਆ ਗਿਆ। ਮੱਖਣ ਸ਼ਾਹ ਲੁਬਾਣਾ ਨੂੰ ਪਤਾ ਸੀ ਕਿ ਗੁਰੂ ਹਰਕ੍ਰਿਸ਼ਨ ਸਾਹਿਬ ਜੀ ਦੇ ਬਚਨ ਅਟੱਲ ਹਨ। ਸੂਰਜ ਠੰਡਾ ਹੋ ਸਕਦਾ ਹੈ, ਚੰਦਰਮਾ ਗਰਮ ਹੋ ਸਕਦਾ ਹੈ, ਚਲਦੀ ਹੋਈ ਹਵਾ ਰੁਕ ਸਕਦੀ ਹੈ, ਪਹਾੜ ਆਪਣੀ ਜਗ੍ਹਾ ਬਦਲ ਸਕਦੇ ਹਨ ਪਰ ਗੁਰੂ ਦੇ ਬਚਨ ਇੱਧਰ-ਉਧੱਰ ਨਹੀਂ ਹੋ ਸਕਦੇ। ਇਸਨੇ 9 ਅਕਤੂਬਰ 1664 ਈਸਵੀ ਨੂੰ ਅੰਮ੍ਰਿਤ ਵੇਲੇ ਨਿਤਨੇਮ ਕਰਨ ਤੋਂ ਬਾਅਦ ਫਿਰ ਅਰਦਾਸ ਕੀਤੀ ਕਿ ਗੁਰੂ ਸਾਹਿਬ ਤੁਸੀਂ ਤਾਂ ਸਾਰਿਆਂ ਦੇ ਅੰਦਰ ਦੀ ਗੱਲ ਜਾਣਦੇ ਹੋ।

"ਘਟ ਘਟ ਕੇ ਅੰਤਰ ਕੀ ਜਾਨਤ
ਭਲੇ ਬੁਰੇ ਕੀ ਪੀਰ ਪਛਾਨਤ"

ਭਾਵ ਗੁਰੂ ਸਾਹਿਬ, ਤੁਸੀਂ ਹੀ ਕੋਈ ਮਾਰਗ ਦਿਖਾਓ। ਸੰਗਤਾਂ ਗੁਮਰਾਹ ਹੋ ਰਹੀਆਂ ਹਨ। ਇਹ ਜਦੋਂ ਆਪਣੇ ਡੇਰੇ ਤੋਂ ਬਾਹਰ ਨਿਕਲੇ ਤਾਂ ਧੀਰ ਮੱਲ ਦੇ ਭੇਜੇ ਹੋਏ ਮਸੰਦ ਪਹਿਲਾਂ ਤੋਂ ਹੀ ਇਸਦੇ ਡੇਰੇ ਦੇ ਬਾਹਰ ਖੜ੍ਹੇ ਸਨ ਅਤੇ ਕਹਿੰਦੇ ਸਨ ਕਿ ਆਓ ਅਸੀਂ ਤੁਹਾਨੂੰ ਲੈਣ ਲਈ ਆਏ ਹਾਂ। ਗੁਰੂ ਜੀ ਤੁਹਾਨੂੰ ਯਾਦ ਕਰ ਰਹੇ ਹਨ।

ਹੋਰ ਵੀ ਕਾਫੀ ਸੰਗਤਾਂ ਇਕੱਤਰ ਹੋ ਚੁਕੀਆਂ ਸਨ। ਉਸ ਸਮੇਂ ਮੱਖਣ ਸ਼ਾਹ ਲੁਬਾਣਾ ਨੇ ਕਿਸੇ ਨੂੰ ਪੁੱਛਿਆ ਕੀ ਇੱਥੇ ਹੋਰ ਵੀ ਕੋਈ ਹੈ, ਹੋਰ ਵੀ ਕੋਈ ਸੋਢੀ ਹੈ ? । ਕਿਸੇ ਇੱਕ ਨੇ ਦੱਸਿਆ ਕਿ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਛੋਟੇ ਪੁੱਤਰ ਗੁਰੂ ਤੇਗ ਬਹਾਦਰ ਜੀ ਅਤੇ ਉਹਨਾਂ ਦੀ ਮਾਤਾ ਨਾਨਕੀ ਜੀ , ਭਾਈ ਮਹਿਰਾ ਜੀ ਦੇ ਘਰ ਹਨ, ਉਹ ਵੀ ਇੱਥੇ ਰਹਿੰਦੇ ਹਨ। ਧੀਰ ਮੱਲ ਦੇ ਮਸੰਦਾਂ ਨੇ, ਮੱਖਣ ਸ਼ਾਹ ਲੁਬਾਣਾ ਨੂੰ ਉਧਰ ਜਾਣ ਤੋਂ ਰੋਕਿਆ ਪਰ ਮੱਖਣ ਸ਼ਾਹ ਲੁਬਾਣਾ ਸਮਝ ਚੁੱਕੇ ਸਨ। ਇਹ ਜਦੋਂ ਭਾਈ ਮਹਿਰਾ ਜੀ ਦੇ ਘਰ ਗਏ ਤਾਂ ਉੱਥੇ ਉਹੀ ਜਾਣੇ ਪਛਾਣੇ ਸਿੱਖਾਂ ਨੂੰ ਦੇਖਿਆ ਜਿਹਨਾਂ ਨੂੰ ਇਹ ਪਹਿਲਾਂ ਵੀ ਮਿਲ ਚੁੱਕੇ ਸਨ ਜਦੋਂ ਮੱਖਣ ਸ਼ਾਹ ਲੁਬਾਣਾ ਗੁਰੂ ਹਰਿਗੋਬਿੰਦ ਜੀ ਕੋਲ ਆਉਂਦੇ ਰਹੇ ਸਨ। ਬਾਬਾ ਗੁਰਦਿੱਤਾ ਜੀ, ਭਾਈ ਦਰਗਾਹ ਮੱਲ ਜੀ, ਭਾਈ ਗੜੀਆ ਜੀ ਅਤੇ ਗੁਰੂ ਅਰਜਨ ਦੇਵ ਜੀ ਦੇ ਵੇਲੇ ਦੇ ਸਿੱਖ ਵੀ ਉੱਥੇ ਮੌਜੂਦ ਸਨ। ਜਦੋਂ ਮੱਖਣ ਸ਼ਾਹ ਲੁਬਾਣਾ ਸਿਪਾਹੀਆਂ ਦੇ ਨਾਲ ਠਾਠ-ਬਾਠ ਨਾਲ ਅੱਗੇ ਗਏ ਤਾਂ ਗੁਰੂ ਤੇਗ ਬਹਾਦਰ ਜੀ ਨੇ ਇਸਨੂੰ ਮਨ੍ਹਾਂ ਕਰ ਦਿੱਤਾ ਕਿ ਭਾਈ ਗੁਰੂ ਘਰ ਆਉਣ ਦੀ ਜਾਚ ਸਿੱਖ ਲੈ। ਇਹ ਸਮਝ ਗਿਆ ਅਤੇ ਇਸਨੇ ਜਦੋਂ ਗੁਰੂ ਤੇਗ ਬਹਾਦਰ ਜੀ ਅੱਗੇ ਮੋਹਰਾਂ ਰੱਖ ਕੇ ਮੱਥਾ ਟੇਕਿਆ ਤਾਂ ਗੁਰੂ ਜੀ ਹੱਸ ਪਏ। ਅਤੇ ਕਿਹਾ-

"ਸੁਨ ਸਿਖ ਡੁਬਦੀ ਨਾਉ ਤੁਮ, ਹਮ ਕੰਢੇ ਦੀਨ ਲਗਾਇ,
ਕੰਧੇ ਮੁਹਿ ਆਸੀ ਲਗੀ, ਕਿਉਂ ਪੂਜਾ ਰਖੋ ਦੁਰਾਇ॥"

ਜਦੋਂ ਇਸਨੇ ਮੋਹਰਾਂ ਰੱਖ ਕੇ ਮੱਥਾ ਟੇਕਿਆ ਤਾਂ ਗੁਰੂ ਜੀ ਨੇ ਬਚਨ ਕੀਤੇ-

"ਗੁਰੂ ਘਰ ਕੀ ਜੋ ਅਹੈ ਉਪਾਇਨ,ਸੋ ਦੀਜਹਿ ਕਹਿ ਰਾਖਹੁ ਆਇਨ॥
ਅਰ ਦਸੌਂਧ ਗੁਰ ਕੋ ਹੈ ਜੈਤਾ, ਅਰਪਨਿ ਦਰਬ ਕਰਹੁ ਅਬਿ ਤੇਤਾ॥"

"ਜਿਨ ਮਨਿ ਹੋਰ ਮੁਖਿ ਹੋਰ, ਸੇ ਕਾਂਡੇ ਕਚਿਆ"

ਗੁਰੂ ਸਾਹਿਬ ਨੇ ਕਿਹਾ ਕਿ ਜਦੋਂ ਤੇਰਾ ਬੇੜਾ ਡੁੱਬ ਰਿਹਾ ਸੀ ਤਾਂ ਉਦੋਂ ਤੂੰ ਅਰਦਾਸ ਕੁਝ ਹੋਰ ਕੀਤੀ ਸੀ ਪਰ ਇੱਥੇ ਕੁਝ ਹੋਰ ਦੇ ਰਿਹਾ ਹੈਂ। ਮੱਖਣ ਸ਼ਾਹ ਲੁਬਾਣਾ ਹੁਣ ਸਭ ਸਮਝ ਗਿਆ ਸੀ। ਮੱਖਣ ਸ਼ਾਹ ਲੁਬਾਣਾ ਅਤੇ ਇਸ ਦੇ ਸਾਰੇ ਪਰਿਵਾਰ ਨੇ ਉਸੀ ਸਮੇਂ ਗੁਰੂ ਤੇਗ ਬਹਾਦਰ ਜੀ ਦੇ ਚਰਨਾਂ ਤੇ ਨਮਸਕਾਰ ਕੀਤੀ। ਕੁਝ ਦੇਰ ਬੈਠਣ ਅਤੇ ਬਚਨ ਬਿਲਾਸ ਕਰਨ ਤੋਂ ਬਾਅਦ ਮੱਖਣ ਸ਼ਾਹ ਲੁਬਾਣਾ ਕੋਠੇ ਤੇ ਚੜ੍ਹ ਗਿਆ ਅਤੇ ਪੱਲੂ ਫੇਰ ਕੇ ਕਿਹਾ-

"ਗੁਰੂ ਲਾਧੋ ਰੇ, ਗੁਰੂ ਲਾਧੋ ਰੇ"

ਭਾਵ ਸੰਗਤ ਜੀ, ਗੁਮਰਾਹ ਨਾ ਹੋਣਾ।ਅਸਲੀ ਗੁਰੂ ਲੱਭ ਗਿਆ ਹੈ। ਇਹ ਸਾਰੇ ਦਾਵੇਦਾਰ ਝੂਠੇ ਗੁਰੂ ਹਨ।ਅਸਲੀ ਗੁਰੂ ਤੇਗ ਬਹਾਦਰ ਜੀ ਇੱਥੇ ਬੈਠੇ ਹਨ। ਜਿਹੜੇ ਝੂਠੇ ਗੁਰੂ ਮੰਜੀਆਂ ਲਾ ਕੇ ਬੈਠੇ ਸਨ, ਉਹਨਾਂ ਨੂੰ ਵੀ ਪਤਾ ਲਗ ਗਿਆ ਕਿ ਸੰਗਤਾਂ ਅੱਗੇ ਸੱਚ ਸਾਹਮਣੇ ਆ ਗਿਆ ਹੈ। ਉਹ ਵੀ ਸਾਰੇ ਉੱਠ ਕੇ ਦੌੜ ਗਏ। ਸਿਰਫ਼ ਧੀਰ ਮੱਲ ਹੀ ਰਹਿ ਗਿਆ।

ਜਦੋਂ ਧੀਰਮੱਲ ਨੂੰ ਪਤਾ ਲਗਿਆ ਕਿ ਮੇਰੇ ਹੱਥੋਂ ਹੁਣ ਬਾਜੀ ਚਲੀ ਗਈ ਹੈ, ਤਾਂ ਉਸਨੇ ਆਪਣੇ ਮਸੰਦਾਂ ਨਾਲ ਮਿਲ ਕੇ ਗੱਲ ਕੀਤੀ। ਮਸੰਦਾਂ ਨੇ ਉਸਨੂੰ ਭੜਕਾਇਆ ਕਿ ਇੱਕ ਮਿਆਨ ਵਿੱਚ ਦੋ ਤਲਵਾਰਾਂ ਨਹੀਂ ਰਹਿ ਸਕਦੀਆਂ। ਜਾ ਤਾਂ ਤੂੰ ਰਹਿ ਸਕਦਾ ਹੈ ਜਾਂ ਗੁਰੂ ਤੇਗ ਬਹਾਦਰ ਜੀ। ਆਖਿਰ ਧੀਰਮੱਲ ਵਲੋਂ ਗੁਰੂ ਤੇਗ ਬਹਾਦਰ ਜੀ ਨੂੰ ਮਾਰਨ ਦੀ ਸਾਜ਼ਿਸ਼ ਰਚੀ ਗਈ।ਸੋ, ਧੀਰਮੱਲ ਨੇ 25 ਬੰਦੂਕਧਾਰੀ ਗੁਰੂ ਤੇਗ ਬਹਾਦਰ ਜੀ ਉੱਤੇ ਹਮਲਾ ਕਰਨ ਲਈ ਭੇਜੇ। ਇਹਨਾਂ ਨੇ ਜਾ ਕੇ ਰੌਲਾ ਪਾਇਆ ਤਾਂ ਸੰਗਤ ਇਧਰ ਉਧਰ ਭੱਜਣ ਲੱਗੀ। ਇਹ ਗੁਰੂ ਘਰ ਵਿੱਚ ਆਈਆਂ ਹੋਈਆਂ ਵਸਤਾਂ ਨੂੰ ਲੁੱਟਣ ਲੱਗੇ। ਉਸ ਸਮੇਂ ਸੀ.ਹੇਂ ਮਸੰਦ ਨੇ ਗੁਰੂ ਤੇਗ ਬਹਾਦਰ ਜੀ ਉੱਤੇ ਨਿਸ਼ਾਨਾ ਸਾਧ ਕੇ ਗੋਲੀ ਮਾਰ ਦਿੱਤੀ। ਇਹ ਅਕਾਲ ਪੁਰਖ ਦੀ ਮਿਹਰ ਸੀ ਕਿ ਗੁਰੂ ਸਾਹਿਬ ਥੋੜ੍ਹਾ ਪਰ੍ਹੇ ਖੜ੍ਹੇ ਸਨ ਅਤੇ ਉਹ ਗੋਲੀ ਗੁਰੂ ਤੇਗ ਬਹਾਦਰ ਜੀ ਦੇ ਮੱਥੇ ਨੂੰ ਛੂਹ ਕੇ ਲੰਘ ਗਈ। ਕਈ ਵਿਦਵਾਨਾਂ ਨੇ ਲਿਖਿਆ ਹੈ ਕਿ ਗੋਲੀ ਮੋਢੇ ਨੂੰ ਛੂਹ ਕੇ ਲੰਘਦੀ ਹੈ।

ਗੁਰੂ ਤੇਗ ਬਹਾਦਰ ਜੀ ਇਸ ਹਮਲੇ ਤੋਂ ਬਚ ਜਾਂਦੇ ਹਨ।ਧੀਰਮੱਲ , ਗੁਰੂ ਸਾਹਿਬ ਨੂੰ ਕਾਫੀ ਬੁਰੇ ਅਤੇ ਭੱਦੇ ਸ਼ਬਦ ਬੋਲਦਾ ਹੈ। ਜਦੋਂ ਗੋਲੀ ਚਲਾਈ ਗਈ ਸੀ ਤਾਂ ਮਾਤਾ ਨਾਨਕੀ ਜੀ ਸ਼ੇਰਾਂ ਵਾਂਗ ਅੱਗੇ ਆ ਕੇ ਧੀਰਮੱਲ ਨੂੰ ਕਹਿਣ ਲੱਗੇ ," ਜੇ ਤੇਰੇ ਵਿੱਚ ਹਿੰਮਤ ਹੈ ਤਾਂ ਮੇਰੇ ਪੁੱਤਰ ਨਾਲ਼ ਸਾਹਮਣੇ ਆ ਕੇ ਮੁਕਾਬਲਾ ਕਰ। ਫੇਰ ਤੂੰ ਮੇਰੇ ਪੁੱਤਰ ਦੀ ਬਹਾਦਰੀ ਵੇਖੀਂ। ਇਹਨੂੰ ਤੇਗ ਦੇ ਧਨੀ ਕਹਿੰਦੇ ਹਨ। ਜੇ ਤੇਰੇ ਬੰਦਿਆਂ ਵਿੱਚ ਹਿੰਮਤ ਹੈ ਤਾਂ ਪਿਛੋਂ ਹਮਲਾ ਨਾ ਕਰੋ। ਸਾਹਮਣੇ ਆ ਕੇ ਮੈਦਾਨ-ਏ-ਜੰਗ ਵਿੱਚ ਲੜੋ।

ਉਸ ਸਮੇਂ ਮਾਤਾ ਨਾਨਕੀ ਜੀ ਦੇ ਆਉਣ ਕਰਕੇ ਬਾਕੀ ਸਿੱਖ ਜਦੋਂ ਸੰਭਲੇ ਉਦੋਂ ਤੱਕ ਧੀਰਮੱਲ ਦੇ ਬੰਦੇ ਗੁਰੂ ਦਰਬਾਰ ਵਿੱਚ ਆਈਆਂ ਹੋਈਆਂ ਕੀਮਤੀ ਤੋਂ ਕੀਮਤੀ ਭੇਟਾਵਾਂ ਲੈ ਕੇ ਭੱਜ ਗਏ। ਇਹਨਾਂ ਭੇਟਾਵਾਂ ਵਿੱਚ ਕਈਆਂ ਨੇ ਘੋੜੇ, ਕਈਆਂ ਨੇ ਸ਼ਸ਼ਤਰ ਲਿਆਂਦੇ ਸਨ ਅਤੇ ਕਈਆਂ ਨੇ ਮਾਇਆ ਅਰਪਨ ਕੀਤੀ ਸੀ, ਇਹ ਸਭ ਲੈ ਕੇ ਸਿਪਾਹੀ ਧੀਰਮੱਲ ਦੇ ਡੇਰੇ ਚਲੇ ਗਏ।

ਪਿਛੋਂ ਇੱਕ ਸਿੱਖ ਨੇ ਜਾ ਕੇ ਮੱਖਣ ਸ਼ਾਹ ਲੁਬਾਣਾ ਦੀ ਛਾਉਣੀ ਵਿੱਚ ਜਾ ਕੇ ਸਾਰਾ ਇਤਿਹਾਸ ਸੁਣਾਇਆ। ਮੱਖਣ ਸ਼ਾਹ ਲੁਬਾਣਾ ਨੂੰ ਜਦੋਂ ਪਤਾ ਲੱਗਾ ਤਾਂ ਉਸ ਤੋਂ ਗੁਰੂ ਘਰ ਦੀ ਬੇਅਦਬੀ ਨਾ ਸਹਿਣ ਹੋਈ ਅਤੇ ਉਸਨੇ ਆਪਣੇ 500 ਸ਼ਸ਼ਤਰਧਾਰੀ ਸੂਰਮਿਆਂ ਨੂੰ ਨਾਲ਼ ਲੈ ਕੇ ਧੀਰਮੱਲ ਦੇ ਡੇਰੇ ਉੱਤੇ ਹਮਲਾ ਕਰ ਦਿੱਤਾ। ਉਸਨੂੰ ਮੂੰਹ ਤੋੜ ਜਵਾਬ ਦਿੱਤਾ ਅਤੇ ਉਹਨਾਂ ਦੇ ਸਾਰੇ ਸ਼ਸ਼ਤਰ ਬੰਦੂਕਾਂ ਨੂੰ ਆਪਣੇ ਕਬਜ਼ੇ ਵਿੱਚ ਕਰ ਲਿਆ। ਫਿਰ ਇਹ ਧੀਰਮੱਲ ਦੀਆਂ ਮੁਸ਼ਕਾਂ ਬੰਨ੍ਹ ਕੇ ਗੁਰੂ ਤੇਗ ਬਹਾਦਰ ਜੀ ਦੇ ਦਰਬਾਰ ਵੱਲ ਚਲ ਪਏ। ਧੀਰਮੱਲ ਨੇ ਮੱਖਣ ਸ਼ਾਹ ਲੁਬਾਣਾ ਅੱਗੇ ਬੇਨਤੀਆਂ ਕੀਤੀਆਂ ਕਿ ਮੈਂ ਗੁਰੂ ਪੋਤਰਾ ਹਾਂ, ਮੈਨੂੰ ਇਸ ਤਰੀਕੇ ਨਾਲ ਬੰਨ੍ਹ ਕੇ ਨਾ ਲੈ ਕੇ ਜਾਓ।ਉਸ ਸਮੇਂ ਮੱਖਣ ਸ਼ਾਹ ਲੁਬਾਣਾ ਵਲੋਂ ਕੁਝ ਨਰਮੀ ਵਿਖਾਈ ਗਈ ਅਤੇ ਬੰਦਿਆਂ ਦੇ ਘੇਰੇ ਵਿੱਚ ਧੀਰਮੱਲ ਨੂੰ ਲਿਆ ਕੇ ਗੁਰੂ ਤੇਗ ਬਹਾਦਰ ਜੀ ਕੋਲ ਹਾਜ਼ਿਰ ਕੀਤਾ ਗਿਆ। ਮੱਖਣ ਸ਼ਾਹ ਲੁਬਾਣਾ ਨੇ ਗੁਰੂ ਸਾਹਿਬ ਅੱਗੇ ਬੇਨਤੀ ਕੀਤੀ ਕਿ ਤੁਸੀਂ ਇਸਨੂੰ ਸਖ਼ਤ ਤੋਂ ਸਖ਼ਤ ਸਜ਼ਾ ਦੇਵੋ।ਉਸ ਸਮੇਂ ਵੈਰਾਗ ਦੀ ਮੂਰਤ ਅਤੇ ਸ਼ਾਂਤ ਚਿਤ ਵਿੱਚ ਬੈਠੇ ਗੁਰੂ ਤੇਗ ਬਹਾਦਰ ਜੀ ਨੇ ਬਚਨ ਕੀਤੇ-

"ਭਲੋ ਧੀਰ ਮੱਲ ਧੀਰ ਜੀ,
ਭਲੋ ਧੀਰ ਮੱਲ ਧੀਰ"

ਭਾਵ ਧੀਰਮੱਲ ਤੇਰਾ ਭਲਾ ਹੋਵੇ, ਤੇਰਾ ਭਲਾ ਹੋਵੇ॥ ਗੁਰੂ ਤੇਗ ਬਹਾਦਰ ਜੀ ਆਪਣੀ ਬਾਣੀ ਵਿੱਚ ਵੀ ਫ਼ੁਰਮਾਉਂਦੇ ਹਨ-

"ਮਿਠ ਬੋਲੜਾ ਜੀ, ਹਰਿ ਸਜਣੁ ਸੁਆਮੀ ਮੋਰਾ,
ਹਉ ਸੰਮਲਿ ਥਕੀ ਜੀ, ਓਹੁ ਕਦੇ ਨ ਬੋਲੈ ਕਉਰਾ,
ਕਉੜਾ ਬੋਲਿ ਨ ਜਾਣੈ ਪੂਰਨ ਭਗਵਾਨੈ,
ਅਉਗਣ ਕੋ ਨ ਚਿਤਾਰੇ"

ਜਦੋਂ ਧੀਰਮੱਲ ਨੇ ਗੁਰੂ ਸਾਹਿਬ ਤੋਂ ਮਾਫ਼ੀ ਮੰਗੀ ਤਾਂ ਗੁਰੂ ਸਾਹਿਬ ਨੇ ਉਸਨੂੰ ਬਖ਼ਸ਼ ਦਿੱਤਾ-

"ਜੋ ਸਰਣਿ ਆਵੈ ਤਿਸੁ ਕੰਠਿ ਲਾਵੈ,
ਇਹੁ ਬਿਰਦੁ ਸੁਆਮੀ ਸੰਦਾ"

ਗੁਰੂ ਸਾਹਿਬ ਨੇ ਬਚਨ ਕੀਤੇ-

"ਕਾਮੁ ਕ੍ਰੋਧੁ ਕਾਇਆ ਕਉ ਗਾਲੈ,
ਜਿਉ ਕੰਚਨ ਸੋਹਾਗਾ ਢਾਲੈ"

ਭਾਵ ਧੀਰਮੱਲ ਕਾਮ, ਕ੍ਰੋਧ , ਲੋਭ, ਮੋਹ, ਹੰਕਾਰ, ਇਹ ਸਰੀਰ ਨੂੰ ਗਾਲ ਦਿੰਦੇ ਹਨ, ਜਿਵੇਂ ਸੋਨੇ ਨੂੰ ਸੋਹਾਗਾ। ਭਾਵ ਜਾ , ਤੇਰਾ ਭਲਾ ਹੋਵੇ।

ਉਸ ਸਮੇਂ ਮੱਖਣ ਸ਼ਾਹ ਲੁਬਾਣਾ ਨੇ ਉਹ ਸਾਰੀਆਂ ਵਸਤਾਂ ਵਾਪਸ ਲੈ ਆਂਦੀਆਂ ਜੋ ਵਸਤਾਂ ਧੀਰਮੱਲ ਲੁੱਟ ਕੇ ਲੈ ਕੇ ਗਿਆ ਸੀ। ਨਾਲ ਹੀ ਪੂਰੇ ਸਤਿਕਾਰ ਨਾਲ ਆਦਿ ਗ੍ਰੰਥ ਸਾਹਿਬ ਜੀ ਦੀ ਬੀੜ ਵੀ ਵਾਪਸ ਲੈ ਆਉਂਦੀ। ਗੁਰੂ ਤੇਗ ਬਹਾਦਰ ਜੀ ਨੇ ਇਹ ਸਾਰੀਆਂ ਵਸਤਾਂ ਧੀਰਮੱਲ ਨੂੰ ਵਾਪਸ ਦੇ ਦਿਤੀਆਂ ਅਤੇ ਇਹ ਬੀੜ ਵੀ ਦੇ ਦਿੱਤੀ, ਜੋ ਕਿ ਅੱਜ ਕਰਤਾਰਪੁਰ ਸਾਹਿਬ ਵਿਖੇ ਸ਼ੁਸ਼ੋਭਿਤ ਹੈ।

ਸੋ, ਜਿੱਥੇ ਗੁਰੂ ਤੇਗ ਬਹਾਦਰ ਜੀ ਨੂੰ ਗੁਰਗੱਦੀ ਦਿੱਤੀ ਗਈ, ਉੱਥੇ ਅੱਜ ਗੁਰਦੁਆਰਾ ਦਰਬਾਰ ਸਾਹਿਬ ਬਣਿਆ ਹੋਇਆ ਹੈ। ਜਿੱਥੇ ਗੁਰੂ ਤੇਗ ਬਹਾਦਰ ਜੀ ਭਜਨ ਬੰਦਗੀ ਕਰਦੇ ਸਨ, ਇੱਥੇ ਕਾਫ਼ੀ ਉੱਚੀ ਇਮਾਰਤ ਬਣੀ ਹੋਈ ਹੈ, ਇਸਦਾ ਨਾਮ ਭੋਰਾ ਸਾਹਿਬ ਹੈ। ਉਹ ਜਗ੍ਹਾ ਜਿੱਥੇ ਗੁਰੂ ਸਾਹਿਬ ਨੂੰ ਗੋਲੀ ਮਾਰੀ ਗਈ ਸੀ, ਇੱਥੇ ਅਸਥਾਨ ਮੰਜੀ ਸਾਹਿਬ ਬਣਿਆ ਹੋਇਆ ਹੈ। ਜਿੱਥੇ ਮਾਤਾ ਗੰਗਾ ਜੀ ਦਾ ਸਸਕਾਰ ਕੀਤਾ ਗਿਆ, ਉੱਥੇ ਗੁਰਦੁਆਰਾ ਸ਼ੀਸ਼ ਮਹਿਲ ਸਾਹਿਬ ਬਣਿਆ ਹੋਇਆ ਹੈ। **-ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ**

# ਰੋਟਰੀ ਕਲੱਬ ਨੇ ਡਾਕਟਰ ਤੇ ਸੀ.ਏ ਦਾ ਕੀਤਾ ਸਨਮਾਨ

ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਅੱਜ ਰੋਟਰੀ ਕਲੱਬ ਫ਼ਿਰੋਜ਼ਪੁਰ ਦੇ ਪ੍ਰਧਾਨ ਕਿਰਪਾਲ ਸਿੰਘ ਮੱਕੜ ਤੇ ਸਾਥੀਆਂ ਵੱਲੋਂ ਸਾਂਝੇ ਤੌਰ ਤੇ ਡਾਕਟਰ ਦਿਵਸ ਰੋਟਰੀ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾਇਆ ਗਿਆ। ਇਸ ਸਮਾਗਮ ਵਿਚ ਡਾਕਟਰ ਮਨਪ੍ਰੀਤ ਸਿੰਘ, ਡਾਕਟਰ ਜ਼ਸਮੀਤ ਸਿੰਘ, ਪ੍ਰਦੀਪ ਸੇਠੀ, ਡਾਕਟਰ ਅਲੋਕ ਬੱਤਰਾ, ਸੀ.ਏ ਵਿਕਾਸ ਧਵਨ, ਸੀ.ਏ ਪਿਯੂਸ਼ ਭਾਟੀਆ, ਸੀ.ਏ ਗੁਰਕੀਰਤ ਸਿੰਘ ਨੂੰ ਉਨ੍ਹਾਂ ਦੀ ਸਮਾਜ ਪ੍ਰਤੀ ਸੇਵਾਵਾਂ ਨੂੰ ਧਿਆਨ ਵਿਚ ਰੱਖਦੇ ਹੋਏ ਸਨਮਾਨ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਦੌਰਾਨ ਪ੍ਰਧਾਨ ਕਿਰਪਾਲ ਸਿੰਘ ਮੱਕੜ ਨੇ ਆਏ ਹੋਏ ਮਹਿਮਾਨਾਂ ਦਾ ਤੇ ਰੋਟਰੀ ਟੀਮ ਦਾ ਧੰਨਵਾਦ ਕੀਤਾ ਅਤੇ ਕਲੱਬ ਮੈਂਬਰਾਂ ਨੂੰ ਸਮਾਜਿਕ ਕੰਮ ਕਰਨ ਵਾਸਤੇ ਉਤਸ਼ਾਹਿਤ ਕੀਤਾ ਗਿਆ। ਇਸ ਮੌਕੇ ਪ੍ਰੋਜੈਕਟ ਚੇਅਰਮੈਨ ਰੋਟੇਰੀਅਨ ਵਿਪਨ ਧਵਨ ਤੇ ਰੋਟੇਰੀਅਨ ਸੰਜੀਵ ਕੁਮਾਰ ਨੇ ਡਾਕਟਰ ਸਾਹਿਬਾਨ ਤੇ ਸੀ.ਏ ਸਾਹਿਬਾਨਾਂ ਦੀ ਉਨ੍ਹਾਂ ਦੇ ਕੰਮਾਂ ਪ੍ਰਤੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਸਕੱਤਰ ਸੰਦੀਪ ਸਿੰਗਲਾ, ਕੈਸ਼ੀਅਰ ਦਿਨੇਸ਼ ਕਟਾਰੀਆ, ਰਕੇਸ਼ ਚਾਵਲਾ, ਪ੍ਰਦੀਪ ਬਿੰਦਰਾ, ਅਜੇ ਬਜਾਜ, ਰਕੇਸ਼ ਮੌਂਗਾ, ਨਰੇਸ਼ ਮੁੰਜਾਲ, ਪ੍ਰਿਥਵੀ ਰਾਜ ਮੌਂਗਾ, ਲਵਕੇਸ਼ ਕੱਕੜ, ਸੁਰਿੰਦਰ ਸਿੰਘ ਕਪੂਰ ਹਾਜ਼ਰ ਸਨ।




ਆਵਾਜ਼ਿ ਕੌਮ AWAZE QAUM International Newspaper & WEB TV

## ਦਸ਼ਮੇਸ਼ ਪਿਤਾ ਜੀ ਦੀ ਦਸੀ ਰਹਿਤ ਮਰਿਯਾਦਾ ਤੋਂ

# ਪੰਥ ਨੂੰ ਕਿਉਂ ਪਾਸੇ ਕੀਤਾ ਗਿਆ—ਬੰਡਾਲਾ



ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਦਮਦਮੀ ਟਕਸਾਲ ਬਜੁਰਗ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਸਵਾਲ ਕਰਦਿਆਂ ਪੁਛਿਆ ਕਿ ਪੰਥ ਨੂੰ ਸਪਸ਼ਟ ਕਰੋ ਜੋ ਦਸ਼ਮੇਸ਼ ਪਿਤਾ ਜੀ ਨੇ ਅਮਰ ਸ਼ਹੀਦ ਸਿੰਘ ਸਾਹਿਬ ਭਾਈ ਮਨੀ ਸਿੰਘ ਜੀ ਨੂੰ ਸਚਖੰਡ ਸਿਰੀ ਦਰਬਾਰ ਸਾਹਿਬ ਸਾਰੀ ਪੰਥਕ ਧਾਰਮਿਕ ਮਰਿਯਾਦਾ ਸਮਝਾ ਕੇ ਅਮ੍ਰਿਤਸਰ ਭੇਜਿਆ ਸੀ ਗਿਆਨੀ ਸੰਤ ਸਿੰਘ ਜੀ ਸਿੰਘ ਸਾਹਿਬ ਸ਼ਹੀਦ ਬਾਬਾ ਗੁਰਬਖਸ ਸਿੰਘ ਜੀ ਜਥੇਦਾਰ ਆਕਾਲੀ ਫੂਲਾ ਸਿੰਘ ਜੀ ਸਾਰੀਆ ਪੰਥਕ ਮਿਸਲਾ ਨੇ ਦਸ਼ਮੇਸ਼ ਪਿਤਾ ਜੀ ਦੀ ਦਸੀ ਮਰਿਯਾਦਾ ਇਨ ਬਿਨ ਲਾਗੂ ਰਖਿਆ ਸੀ, ਉਸ ਮਰਿਯਾਦਾ ਨੂੰ ਸ਼੍ਰੋਮਣੀ ਨੇ ਕਿਉਂ ਬਦਲਿਆ। ਰੋਹ ਜ਼ਾਹਿਰ ਕਰਦਿਆਂ ਜਥੇਦਾਰ ਗੁਰਨਾਮ ਸਿੰਘ ਬੰਡਾਲਾ ਨੇ ਕਿਹਾ ਕਿ ਇਸ ਧੋਖੇਬਾਜ ਮਸਲੇ ਨੂੰ ਸੰਗਤਾਂ ਸਾਹਮਣੇ ਸ਼ਪੱਸਟ ਰੂਪ ਵਿਚ ਦੱਸਿਆ ਜਾਵੇ ਪੁਰਾਤਿਨ ਸਿੰਘਾਂ ਮਿਸਲਾ ਨੇ ਸਿਰੀ ਦਸਮ ਗਰੰਥ ਦਾ ਪ੍ਰਕਾਸ਼ ਵੀ ਸਿਰੀ ਆਕਾਲ ਤਖਤ ਸਾਹਿਬ ਜੀ ਤੇ ਕੀਤਾ ਸੀ ਕਾਮਰੇਡਾ ਸ਼ਰਧਾ ਤੋਂ ਹੀਨ ਲੋਕਾਂ ਦੇ ਕਹਿਣ ਉਹ ਕਿਉਂ ਪਰਕਾਸ਼ ਹਟਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਜੇਕਰ ਸ਼੍ਰੋਮਣੀ ਕਮੇਟੀ ਨੇ ਪੁਰਾਤਿਨ ਸਿਧਾਂਤ ਗਿਆਨਹੀਨ ਅਸ਼ਰਧਕ ਲੋਕਾ ਦੇ ਕਹੈ ਤੇ ਕੋਮ ਤੋਂ ਪਾਸੇ ਕੀਤੇ ਹਨ ਅੱਜ ਕਲ ਸਰੋਮਣੀ ਕਮੇਟੀ ਦਾ ਇਤਹਾਸ ਗਦਾਰਾ ਦੀ ਕਤਾਰ ਵਿਚ ਆਉਦਾ ਹੈ ਜੋ ਪੰਥ ਲਈ ਵੱਡਾ ਕਲੰਕ ਹੈ ਜਿਹੜੇ ਭਸੌੜੀਆ ਨੂੰ ਸਿਰੀ ਆਕਾਲ ਤਖਤ ਸਾਹਿਬ ਜੀ ਤੋਂ ਪੰਥ ਨੇ ਛੇਕਿਆ ਸੀ ਉਨ੍ਹਾਂ ਅੰਗਰੇਜਾਂ ਨਾਲ ਮਿਲ ਕੇ ਸਾਨੂੰ ਖੁਸਰੇ ਕਰਨ ਲਈ ਇਹ ਮਰਿਯਾਦਾ ਚਲਾਉਦੇ ਸਨ ਜੋ ਅੱਜ ਕੱਲ ਕਮੇਟੀ ਚਲਾ ਰਹੀ ਹੈ, ਉਹੀ ਮਰਿਯਾਦਾ ਸਾਡੇ ਤੇ ਠੋਸੀ ਜਾ ਰਹੀ ਹੈ। ਗੱਲਬਾਤ ਜਾਰੀ ਰੱਖਦਿਆਂ ਜਥੇਦਾਰ ਬੰਡਾਲਾ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਸਿਆਸੀ ਲੋਕਾਂ ਦੀ ਜਮਾਤ ਹੈ ਇਨ੍ਹਾਂ ਮਿਸ਼ਨਰੀ ਕਾਲਜ ਪ੍ਰੋਫੈਸਰਾਂ ਦੇ ਆਖੇ ਲੱਗ ਕੇ ਜਿਨ੍ਹਾਂ ਦੀ ਪੰਥ ਵਿੱਚ ਇਕ ਕੌਢੀ ਕੁਰਬਾਨੀ ਨਹੀਂ ਜਿਨਾ ਪੰਥ ਵਿਚ ਰੇੜਕੇ ਪੈਦਾ ਕੀਤੇ ਹਨ ਉਨ੍ਹਾਂ ਦੇ ਆਖੇ ਲੱਗ ਕੇ ਸਾਨੂੰ ਦਸ਼ਮੇਸ ਪਿਤਾ ਵੱਲੋਂ ਦਸੀ ਰਹਿਤ ਮਰਿਯਾਦਾ ਤੋਂ ਪਾਸੇ ਕਰ ਦਿਤਾ ਹੈ ਸਪੂਰਨ ਰਹਿਰਾਸ ਸਪੂਰਨ ਮੂਲਮੰਤਰ ਅਮ੍ਰਿਤ ਸੰਚਾਰ ਵਕਤ ਸਪੂਰਨ ਚੋਪਈ ਸਾਹਿਬ ਪੁਰਾਤਿਨ ਗੁਰਸਿਖ ਪੜਦੇ ਰਹੇ ਫਿਰ ਦੇਗ ਨੂੰ ਭੋਗ ਦਰ ਪਰਵਾਨ ਕਹਿ ਕੇ ਪੁਰਾਤਿਨ ਗਰਸਿਖਾਂ ਨੇ ਕਦੀ ਨਹੀਂ ਸੀ ਲਾਇਆ ਸਾਡੇ ਪੁਰਤਿਨ ਸਿਧਾਂਤ ਕਿਸ ਨੇ ਖਤਮ ਕੀਤੇ ਹਨ ਉਨ੍ਹਾਂ ਦੇ ਨਾਮ ਕਮੇਟੀ ਪੰਥ ਨੂੰ ਜਰੂਰ ਦਸੇ ਬੁਕਲ ਵਿਚ ਚੋਰ ਦੀ ਮਾਂ ਵਾਗ ਮੂਹ ਰਖਨਾ ਪੰਥ ਵਿਚ ਵੱਡੀ ਗਦਾਰੀ ਹੈ ਪਰਮਜੀਤ ਸਰਨੇ ਨੇ ਦਿਲੀ ਸਟੇਜ ਤੇ ਦਸਮ ਪਿਤਾ ਜੀ ਦਾ ਸ਼ਬਦ ਹਾਲ ਮਰੀਦਾ ਦਾ ਕਹਿਣਾ ਇਸ ਬਾਰੇ ਜਾਚਕ ਤੋ ਬਹੁਤ ਨਿਰਾਦਰ ਕਰਾਇਆ ਸੀ ਇਥੋਂ ਤੱਕ ਇਸ ਨੂੰ ਅਸ਼ਲੀਲ ਗਾਣਾ ਕਹਿ ਕੇ ਪਰਚਾਰ ਕਰਵਾਇਆ, ਅੱਜ ਉਸੇ ਸਰਨੇ ਦੇ ਦਫਤਰ ਦਾ ਆਦਮੀ ਕੋਮ ਤੇ ਜਥੇਦਾਰ ਬਣਾ ਕੇ ਠੋਸ ਦਿਤਾ ਹੈ ਅੱਜ ਸਾਡੀਆਂ ਸੰਪਰਦਾਵਾਂ ਸ਼ਹੀਦ ਪਰਿਵਾਰਾਂ ਨੇ ਲਾਲਚ ਵਿਚ ਆ ਕਿ ਸਭ ਕੁਛ ਤਿਆਗ ਦਿੱਤਾ ਹੈ ਰਾਜਨੀਤਕ ਕੁਰਸੀਆ ਨੂੰ ਤਰਲੋ ਮਛੀ ਹਨ ਜੋ ਕਦੀ ਵੀ ਨਹੀਂ ਮਿਲਣੀਆਂ। ਉਨ੍ਹਾਂ ਕਿਹਾ ਕਿ ਸੰਤ ਜਰਨੈਲ ਸਿੰਘ ਦੀ ਰਹਿਤ ਮਰਿਯਾਦਾ ਪੰਥਕ ਰਹਿਣੀ ਬਹਿਣੀ ਦਸ਼ਮੇਸ਼ ਪਿਤਾ ਜੀ ਦੇ ਆਸੂਲਾਂ ਅਨੁਸਾਰ ਸੀ ਤਾਂ ਹੀ ਸੰਸਾਰ ਦੀਆਂ ਪਰਮਾਣੂ ਤਾਕਤਾਂ ਉਸ ਦਾ ਨਾਂ ਸੁਣ ਕੇ ਕੰਬਦੀਆ ਹਨ ਅੱਜ ਸਾਡੀਆ ਸੰਪਰਦਾਵਾ ਨੂੰ ਭਾਜਪਾ ਦਾ ਭਗਵਾ ਰੰਗ ਦਿੱਤਾ ਜਾ ਰਿਹਾ ਹੈ ਜਿਨਾ ਚਿਰ ਸਰੋਮਣੀ ਕਮੇਟੀ ਸਿਆਸੀ ਚੁੰਗਲ ਵਿਚੋ ਨਿਕਲ ਕੇ ਪੁਰਾਤਿਤ ਦਸ਼ਮੇਸ਼ ਪਿਤਾ ਜੀ ਦੀ ਦਸੀ ਮਰਿਯਾਦਾ ਤੇ ਪਰਪਕ ਨਹੀ ਹੁਦੀ ਉਨਾ ਚਿਰ ਸਰੋਮਣੀ ਕਮੇਟੀ ਤੋ ਗਦਾਰੀ ਦਾ ਬੁਰਕਾ ਨਹੀ ਲਹਿਣਾ।

ਆਵਾਜ਼ਿ ਕੌਮ AWAZE QAUM International Newspaper & WEB TV

# 4 ਜੁਲਾਈ ਨੂੰ ਮੁਫ਼ਤ ਫਾਇਬ੍ਰੋ ਸਕੈਨ ਕੈਂਪ ਜਿਗਰ ਦੀਆਂ ਬਿਮਾਰੀਆਂ ਦੀ ਜਾਂਚ ਦਾ ਸੁਨਹਿਰੀ ਮੌਕਾ



ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ):— ਮੋਗਾ ਰੋਡ ਤੇ ਸਥਿਤ ਜੇਨੇਸਿਸ ਅਮਨਦੀਪ ਮਲਟੀ ਸਪੈਸ਼ਲਟੀ ਹਸਪਤਾਲ ਵੱਲੋਂ ਲੋਕਾਂ ਦੀ ਸਿਹਤ ਨੂੰ ਧਿਆਨ ਵਿੱਚ ਰੱਖਦੇ ਹੋਏ 4 ਜੁਲਾਈ 2025 ਨੂੰ ਮੁਫ਼ਤ ਫਾਇਬ੍ਰੋ ਸਕੈਨ ਕੈਂਪ ਲਗਾਇਆ ਜਾ ਰਿਹਾ ਹੈ। ਆਮ ਤੌਰ ਤੇ ਲਗਭਗ 4000 ਰੁਪਏ ਦਾ ਇਹ ਟੈਸਟ ਇਸ ਵਿਸ਼ੇਸ਼ ਕੈਂਪ ਦੌਰਾਨ ਬਿਲਕੁਲ ਮੁਫ਼ਤ ਕੀਤਾ ਜਾਵੇਗਾ। ਇਸ ਵਿਸ਼ੇਸ਼ ਕੈਂਪ ਵਿੱਚ ਮਰੀਜ਼ਾਂ ਦੀ ਜਾਂਚ ਡਾ: ਅਰਸ਼ਦ ਇਕਬਾਲ ਕਾਦਰੀ ਵੱਲੋਂ ਕੀਤੀ ਜਾਵੇਗੀ, ਜੋ ਕਿ ਜਿਗਰ ਦੀਆਂ ਬਿਮਾਰੀਆਂ ਦੇ ਮਹਿਰ ਹਨ। ਜਾਣਕਾਰੀ ਦਿੰਦਿਆਂ ਹਸਪਤਾਲ ਦੇ ਫੈਸਿਲਟੀ ਡਾਇਰੈਕਟਰ ਡਾ: ਅਭਿਸ਼ੇਕ ਅਰੋੜਾ ਨੇ ਦੱਸਿਆ ਕਿ ਇਸ ਕੈਂਪ ਦਾ ਮਕਸਦ ਜਿਗਰ ਨਾਲ ਸੰਬੰਧਤ ਬਿਮਾਰੀਆਂ ਦੀ ਸਮੇਂ ਸਿਰ ਪਛਾਣ ਕਰਨੀ ਹੈ। ਕੈਂਪ ਵਿੱਚ ਸਿਰੋਸਿਸ, ਫੈਟੀ ਲਿਵਰ, ਮੋਟਾਪਾ, ਅਲਕੋਹਲਿਕ ਲਿਵਰ, ਕਰੋਨਿਕ ਹੈਪੇਟਾਈਟਿਸ ਬੀ ਤੇ ਸੀ ਸਮੇਤ ਹੋਰ ਜਿਗਰ ਦੀਆਂ ਸਮੱਸਿਆਵਾਂ ਦੀ ਜਾਂਚ ਕੀਤੀ ਜਾਵੇਗੀ। ਡਾ: ਅਰੋੜਾ ਨੇ ਇਹ ਵੀ ਦੱਸਿਆ ਕਿ ਟੈਸਟ ਤੋਂ 2 ਤੋਂ 3 ਘੰਟੇ ਪਹਿਲਾਂ ਮਰੀਜ਼ ਦਾ ਪੇਟ ਖਾਲੀ ਹੋਣਾ ਲਾਜ਼ਮੀ ਹੈ। ਇਹ ਕੈਂਪ ਸਵੇਰੇ 10:30 ਵਜੇ ਤੋਂ ਦੁਪਹਿਰ 2:00 ਵਜੇ ਤੱਕ ਚੱਲੇਗਾ।

# ਏਕਨੂਰ ਖਾਲਸਾ ਫੌਜ਼ ਦੇ ਸੀਨੀਅਰ ਮੀਤ ਪ੍ਰਧਾਨ ਫ਼ਿਰੋਜ਼ਪੁਰ ਦੀ ਚਾਚੀ ਜ਼ਸਬੀਰ ਕੌਰ ਦੀ ਅੰਤਿਮ ਅਰਦਾਸ ਤੇ ਪਾਠ ਦਾ ਭੋਗ 7 ਜੁਲਾਈ ਨੂੰ

ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਏਕਨੂਰ ਖਾਲਸਾ ਫੌਜ਼ ਦੇ ਸੀਨੀਅਰ ਮੀਤ ਪ੍ਰਧਾਨ ਜ਼ਿਲ੍ਹਾ ਫ਼ਿਰੋਜ਼ਪੁਰ ਨੂੰ ਉਸ ਵੇਲੇ ਬੜਾ ਦੁੱਖ ਲੱਗਿਆ, ਜਦੋਂ ਉਨ੍ਹਾਂ ਦੀ ਚਾਚੀ ਸਤਿਕਾਰਯੋਗ ਮਾਤਾ ਜ਼ਸਬੀਰ ਕੌਰ ਜੀ 29.6.2025 ਨੂੰ ਅਕਾਲ ਚਲਾਣਾ ਕਰ ਗਏ। ਮਾਤਾ ਜ਼ਸਬੀਰ ਕੌਰ ਪਤਨੀ ਸਰਦਾਰ ਨਿਸ਼ਾਨ ਸਿੰਘ ਜੋ ਕਿ ਆਪਣੀ 77 ਸਾਲ ਦੀ ਉਮਰ ਭੋਗ ਕੇ ਸਦਾ—ਸਦਾ ਲਈ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ, ਉਹ ਆਪਣੇ ਪਿਛੇ ਆਪਣੇ ਪਤੀ ਨਿਸ਼ਾਨ ਸਿੰਘ ਅਤੇ ਚਾਰ ਧੀਆਂ ਅਤੇ ਦੋ ਸਪੁੱਤਰ ਬਲਵਿੰਦਰ ਸਿੰਘ ਮਹਾਲਮ ਅਤੇ ਅਵਤਾਰ ਸਿੰਘ ਛੱਡ ਗਏ ਹਨ। ਅਸੀਂ ਵਾਹਿਗੁਰੂ ਜੀ ਅੱਗੇ ਅਰਦਾਸ ਬੇਨਤੀ ਕਰਦੇ ਹਾਂ ਕਿ ਹੇ ਵਾਹਿਗੁਰੂ ਸੱਚੇ ਪਾਤਸ਼ਾਹ ਜ਼ਸਬੀਰ ਕੌਰ ਨੂੰ ਆਪਣੇ ਚਰਨਾਂ ਵਿਚ ਨਿਵਾਸ ਬਖਸ਼ਣ, ਪਿਛੇ ਪਰਿਵਾਰ, ਰਿਸ਼ਤੇਦਾਰ, ਸਾਕ ਸਬੰਧੀਆਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ। ਮਾਤਾ ਜ਼ਸਬੀਰ ਕੌਰ ਜੀ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਪਰਮਾਰਥ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ 12 ਵਜੇ ਤੋਂ 2 ਵਜੇ ਤੱਕ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV



**ਮਾਤਾ ਜ਼ਸਬੀਰ ਕੌਰ ਜੀ ਦੀ ਅੰਤਿਮ ਅਰਦਾਸ ਅਤੇ ਪਾਠ ਦਾ ਭੋਗ ਪਰਮਾਰਥ ਭਵਨ ਫ਼ਿਰੋਜ਼ਪੁਰ ਸ਼ਹਿਰ ਵਿਖੇ 12 ਵਜੇ ਤੋਂ 2 ਵਜੇ ਤੱਕ ਪਵੇਗਾ।**

# ਸੁਰਿੰਦਰ ਸਿੰਘ ਸੇਖੋਂ ਦੀ ਮੌਤ ਤੇ ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਨੇ ਪਰਿਵਾਰ ਨਾਲ ਕੀਤਾ ਦੁੱਖ ਦਾ ਇਜਹਾਰ

ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਪੰਜਾਬ ਫੋਰੈਸਟ ਪੈਨਸ਼ਨਰਜ਼ ਐਸੋਸੀਏਸ਼ਨ ਫ਼ਿਰੋਜ਼ਪੁਰ ਮੰਡਲ ਕਮੇਟੀ ਦੇ ਪ੍ਰਧਾਨ ਸ਼੍ਰੀ ਗੁਰਜੰਗ ਸਿੰਘ ਦੇ ਵੱਡੇ ਭਰਾ ਸ਼੍ਰੀ ਸੁਰਿੰਦਰ ਸਿੰਘ ਸੇਖ਼ੋਂ ਸਾਬਕਾ ਆਰਮੀ ਅਫਸਰ ਦੀ ਅਚਾਨਕ ਦਿੱਲ ਦਾ ਦੌਰਾ ਕਰਕੇ ਮੌਤ ਕਾਰਨ ਮੌਤ ਹੋ ਗਈ। ਇਸ ਮੌਤ ਨਾਲ ਜਿੱਥੇ ਪਰਿਵਾਰ ਨੂੰ ਬਹੁਤ ਵੱਡਾ ਸਦਮਾ ਲੱਗਾ, ਉੱਥੇ ਸਮਾਜ ਤੋਂ ਇਕ ਨੇਕ ਇਨਸਾਨ ਸਦਾ ਲਈ ਵਿਛੜ ਗਿਆ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਪੰਜਾਬ ਫੋਰੈਸਟ ਪੈਨਸ਼ਨਰਜ਼ ਨੇ ਦੱਸਿਆ ਕਿ ਪੰਜਾਬ ਫੋਰੈਸਟ ਪੈਨਸ਼ਨਰਜ ਐਸੋਸੀਏਸ਼ਨ ਸੂਬਾ ਕਮੇਟੀ ਅਤੇ ਫ਼ਿਰੋਜ਼ਪੁਰ ਸਰਕਲ ਦੇ ਸਮੂਹ ਅਹੁਦੇਦਾਰ ਅਤੇ ਸਰਗਰਮ ਮੈਂਬਰ ਦੁਖੀ ਪਰਿਵਾਰ ਨਾਲ ਹਮਦਰਦੀ ਜਾਹਰ ਕਰਦੇ ਹਨ ਅਤੇ ਪਰਮਾਤਮਾ ਅੱਗੇ ਅਰਦਾਸ ਕਰਦੇ ਹਾਂ ਕਿ ਉਹ ਵਿਛੜੀ ਰੂਹ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਦੇਵੇ ਅਤੇ ਪਰਿਵਾਰ ਨੂੰ ਭਾਣਾ ਮੰਨਣ ਦਾ ਬਲ ਬਖਸ਼ੇ ਸ਼੍ਰੀ ਬਲਵਿੰਦਰ ਸਿੰਘ ਸੰਧੂ ਸੂਬਾ ਪ੍ਰਧਾਨ ਰਣਧੀਰ ਸਿੰਘ ਚਕਲ ਚੇਅਰਮੈਨ, ਜਗਦੀਪ ਸਿੰਘ ਢਿੱਲੋਂ ਸਰਪਰਸਤ, ਮੁਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ, ਬਲਵਿੰਦਰ ਕੁਮਾਰ ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ ਜਲੰਧਰ, ਮਾਨੋਜ ਕੁਮਾਰ ਵਿੱਤ ਸਕੱਤਰ, ਰਸ਼ਪਾਲ ਸਿੰਘ ਬਠਿੰਡਾ, ਭਜਨ ਸਿੰਘ ਸੰਗਰੂਰ, ਮਲਕੀਤ ਸਿੰਘ ਸ੍ਰੀ ਅੰਨਦਪੁਰ ਸਹਿਬ ਮਨਜੀਤ ਸਿੰਘ ਖਰੜ, ਪਵਨ ਕੁਮਾਰ ਪੂਰੀ, ਕਰਮਜੀਤ ਸਿੰਘ ਲੁਧਿਆਣਾ ਰਵੀ ਕੁਮਾਰ ਬਰਗਾੜੀ, ਮੁਹਿੰਦਰ ਸਿੰਘ ਮੀਤ ਸੁੱਖਪਾਲ ਸਿੰਘ ਰਾਮੇਆਣਾ ਆਦਿ ਨੇ ਅਫਸੋਸ ਜ਼ਾਹਰ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਵਾਤਾਵਰਣ ਨੂੰ ਸੁੰਦਰ ਬਣਾਉਣ ਲਈ ਸਟਰੀਮ ਲਾਈਨ ਵੈਲਫੇਅਰ ਨੇ ਵੰਡੇ ਤੁਲਸੀ ਦੇ ਬੂਟੇ



ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਵਾਤਾਵਰਣ ਨੂੰ ਸੁੰਦਰ ਅਤੇ ਸਾਫ—ਸੁਥਰਾ ਬਨਾਉਣ ਦੇ ਮਨੋਰਥ ਨਾਲ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵੱਲੋਂ ਸ੍ਰੀ ਰਾਧਾ ਕ੍ਰਿਸ਼ਨ ਮੰਦਿਰ ਕਾਂਸੀ ਨਗਰੀ ਵਿਖੇ ਤੁਲਸੀ ਦੇ ਪੌਦੇ ਵੰਡੇ ਗਏ। ਇਸ ਮੌਕੇ ਸੁਸਾਇਟੀ ਦੇ ਚੇਅਰਮੈਨ ਡਾ: ਦੀਵਾਨ ਚੰਦ ਸੁਖੀਜਾ ਅਤੇ ਸੀਨੀਅਰ ਉਪ ਪ੍ਰਧਾਨ ਰਮੇਸ਼ ਬਜਾਜ ਨੇ ਲੋਕਾਂ ਨੂੰ ਤੁਲਸੀ ਦੇ ਕੁਦਰਤੀ ਅਤੇ ਔਸ਼ਧੀ ਗੁਣਾਂ ਬਾਰੇ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ। ਸੁਸਾਇਟੀ ਦੇ ਕੋਆਰਡੀਨੇਟਰ ਰਾਮ ਕਿਸ਼ੋਰ ਵਧਵਾ ਅਤੇ ਮੰਦਿਰ ਦੀ ਪ੍ਰਬੰਧਕ ਕਮੇਟੀ ਨੇ ਇਸ ਸਮਾਰੋਹ ਨੂੰ ਕਾਮਯਾਬ ਬਣਾਉਣ ਹੇਤੂ ਭਰਪੂਰ ਸਹਿਯੋਗ ਦਿੱਤਾ। ਇਸ ਮੌਕੇ ਮੈਡਮ ਪੋਪਲੀ, ਨੀਤੂ ਖੁਰਾਣਾ ਅਤੇ ਨੀਲਮ ਢੀਂਗਰਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਮਜ਼ਦੂਰਾਂ ਲਈ ਸ਼ੈਡ ਬਣਾਉਣ ਲਈ ਸੀ.ਈ.ਓ ਕੈਨਟੋਨਮੈਂਟ ਬੋਰਡ ਦਾ ਸਨਮਾਨ



ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਹੱਥੀਂ ਕਿਰਤ ਕਰਕੇ ਰੋਜੀ ਰੋਟੀ ਚਲਾਉਣ ਵਾਲੇ ਗਰੀਬ ਮਜ਼ਦੂਰਾਂ ਲਈ ਸ਼ੈਡ ਦਾ ਨਿਰਮਾਨ ਕਰਵਾਉਣ ਲਈ ਸ੍ਰੀ ਵਿਕਾਸ ਜ਼ੌਨਸ ਸੀ.ਈ.ਓ ਕੈਨਟੋਨਮੈਂਟ ਬੋਰਡ ਦਾ ਅੱਜ ਸਨਮਾਨ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਅਮਰੀਕ ਸਿੰਘ ਗੌਰਾ ਸੰਸਥਾਪਕ ਗੁਰੂ ਨਾਨਕ ਦਾ ਦਰ ਸੋਹਣਾ ਫ਼ਿਰੋਜ਼ਪੁਰ ਛਾਉਣੀ ਨੇ ਦੱਸਿਆ ਕਿ ਫ਼ਿਰੋਜ਼ਪੁਰ ਛਾਉਣੀ ਮਜ਼ਦੂਰ ਚੌਂਕ ਕਾਂਜੀ ਹਾਊਸ ਵਿਖੇ ਆਸ—ਪਾਸ ਦੇ ਪਿੰਡਾਂ ਅਤੇ ਹੋਰ ਇਲਾਕਿਆਂ ਦੇ ਗਰੀਬ ਮਜ਼ਦੂਰ ਰੋਜੀ—ਰੋਟੀ ਕਮਾਉਣ ਲਈ ਇਥੇ ਆਉਂਦੇ ਹਨ ਅਤੇ ਇਹ ਗਰਮੀ—ਸਰਦੀ ਅਤੇ ਮੀਂਹ ਵਿਚ ਖੁੱਲੇ ਅਸਮਾਨ ਹੇਠ ਮਜ਼ਬੂਰ ਹੋ ਕੇ ਖੜ੍ਹੇ ਰਹਿੰਦੇ ਸਨ, ਜਿਨ੍ਹਾਂ ਦੀ ਸਾਰ ਕਿਸੇ ਵੀ ਨਹੀਂ ਸੀ ਲਈ। ਉਨ੍ਹਾਂ ਕਿਹਾ ਕਿ ਇਸ ਸਬੰਧ ਵਿਚ ਕੁਝ ਸਮਾਂ ਪਹਿਲਾਂ ਅਮਰੀਕ ਸਿੰਘ ਗੌਰਾ ਸੰਸਥਾਪਕ ਗੁਰੂ ਨਾਨਕ ਦਾ ਦਰ ਸੋਹਣਾ ਫ਼ਿਰੋਜ਼ਪੁਰ ਛਾਉਣੀ ਦੀ ਅਗਵਾਈ ਹੇਠ ਮਜ਼ਦੂਰ ਯੂਨੀਅਨ ਨੇ ਸ੍ਰੀ ਸਤੀਸ਼ ਅਰੋੜਾ ਐਸ.ਡੀ.ਈ ਅਤੇ ਸ੍ਰੀ ਅਭਿਸ਼ੇਕ ਮਨੀ ਤ੍ਰਿਪਾਠੀ ਨੂੰ ਮੰਗ ਪੱਤਰ ਦਿੱਤਾ ਸੀ, ਪ੍ਰੰਤੂ ਸ੍ਰੀ ਅਭਿਸ਼ੇਕ ਮਨੀ ਤ੍ਰਿਪਾਠੀ ਦੀ ਬਦਲੀ ਹੋਣ ਕਾਰਨ ਕੰਮ ਠੰਡੇ ਬਸਤੇ ਪੈ ਗਿਆ ਸੀ, ਜਿਸ ਉਪਰੰਤ ਸ੍ਰੀ ਵਿਕਾਸ ਜ਼ੌਨਸ ਸੀ.ਈ.ਓ ਕੈਂਟ ਬੋਰਡ ਨੂੰ ਇਸ ਸਮੱਸਿਆ ਤੋਂ ਜਾਣੂ ਕਰਵਾਇਆ ਤਾਂ ਉਨ੍ਹਾਂ ਨੇ ਤੁਰੰਤ ਕਾਰਵਾਈ ਕਰਦੇ ਹੋਏ ਕਾਂਜੀ ਹਾਊਸ ਫ਼ਿਰੋਜ਼ਪੁਰ ਛਾਉਣੀ ਵਿਖੇ ਮਜ਼ਦੂਰਾਂ ਵਾਸਤੇ ਸ਼ੈਡ ਦੀ ਉਸਾਰੀ ਕਰਵਾਈ। ਜਿਸ ਵਿਚ ਅੱਜ ਅਮਰੀਕ ਸਿੰਘ ਸਮਾਜ ਸੇਵਕ ਅਗਵਾਈ ਵਿਚ ਮਜ਼ਦੂਰਾਂ ਨਾਲ ਮਿਲ ਕੇ ਸੀ.ਈ.ਓ ਸ੍ਰੀ ਵਿਕਾਸ ਜ਼ੌਨਸ ਮਨੁੱਖਤਾ ਦੀ ਭਲਾਈ ਦੇ ਕੰਮ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੀ.ਈ.ਓ ਕੈਂਟ ਬੋਰਡ ਨੇ ਭਰੋਸਾ ਦਿਵਾਇਆ ਕਿ ਮਜ਼ਦੂਰਾਂ ਨੂੰ ਲੇਬਰ ਸ਼ੈਡ ਵਿਖੇ ਆ ਰਹੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ ਤੇ ਕਰਵਾਇਆ ਜਾਵੇਗਾ। ਇਸ ਮੌਕੇ ਭਾਈ ਜੀਵਨ ਸਿੰਘ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਜ਼ੋਗਿੰਦਰ ਸਿੰਘ, ਰੇਸ਼ਮ ਸਿੰਘ, ਸੰਜੇ ਕੁਮਾਰ, ਹਰਪ੍ਰੀਤ ਸਿੰਘ, ਲੱਖਾ ਸਿੰਘ, ਨਿਸ਼ਾਨ ਸਿੰਘ, ਮਹਿੰਦਰ ਸਿੰਘ, ਰਣਜੀਤ ਸਿੰਘ, ਰਵੀ, ਕਰਨ, ਸੋਹਨ ਖੜਕਾ ਆਦਿ ਨੇ ਸੀ.ਈ.ਓ ਕੈਨਟੋਨਮੈਂਟ ਬੋਰਡ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਰੂਸ ਤੇ ਯੂਰਪ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਲਬ੍ਰਸ ਸਰ ਕਰਨ ਵਾਲੇ

# 6 ਸਾਲਾ ਤੇਗਬੀਰ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਨਮਾਨ




**ਅੰਮ੍ਰਿਤਸਰ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨੀਂ 28 ਜੂਨ 2025 ਨੂੰ ਰੂਸ ਅਤੇ ਯੂਰਪ ਦੀ ਸਭ ਤੋਂ ਉੱਚੀ ਚੋਟੀ ਮਾਊਂਟ ਐਲਬ੍ਰਸ ਨੂੰ ਸਰ ਕਰਨ ਵਾਲੇ 6 ਸਾਲਾ ਕਾਕਾ ਤੇਗ.ਬੀਰ ਸਿੰਘ ਨੂੰ ਅੱਜ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਗੁਰੂ ਬਖ਼ਸ਼ਿਸ਼ ਸਿਰੋਪਾਓ ਤੇ ਸ੍ਰੀ ਸਾਹਿਬ ਦੇ ਕੇ ਸਨਮਾਨ ਦਿੱਤਾ ਗਿਆ। ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਬਾਬਾ ਟੇਕ ਸਿੰਘ ਵੀ ਹਾਜ਼ਰ ਸਨ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਕਾਕਾ ਤੇਗ.ਬੀਰ ਸਿੰਘ 5 ਸਾਲ ਦੀ ਉਮਰ ਵਿੱਚ ਅਪ੍ਰੈਲ 2024 ਵਿੱਚ ਮਾਊਂਟ ਐਵਰੈਸਟ ਬੇਸ ਕੈਂਪ ਨੇਪਾਲ ਪਹੁੰਚਣ ਵਾਲਾ ਸਭ ਤੋਂ ਛੋਟੀ ਉਮਰ ਦਾ ਬੱਚਾ ਹੈ ਤੇ ਅਗਸਤ 2024 ਵਿੱਚ ਮਾਊਂਟ ਕਿਲਿਮੰਜਾਰੋ (ਅਫ਼ਰੀਕਾ ਮਹਾਦੀਪ ਦੀ ਸਭ ਤੋਂ ਉੱਚੀ ਚੋਟੀ) ਨੂੰ ਸਭ ਤੋਂ ਘੱਟ ਉਮਰ ਵਿੱਚ ਸਰ ਕਰਨ ਵਾਲਾ ਭਾਰਤੀ ਤੇ ਏਸ਼ੀਆ ਖੇਤਰ ਦਾ ਬੱਚਾ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਕਾਕਾ ਤੇਗ.ਬੀਰ ਸਿੰਘ ਦਾ ਸਮੁੱਚਾ ਪਰਿਵਾਰ ਗੁਰਸਿੱਖ ਹੈ ਅਤੇ ਬੱਚੇ ਨੇ ਛੋਟੀ ਉਮਰ ਵਿੱਚ ਉੱਚੀ ਚੋਟੀ ਸਰ ਕਰਕੇ ਸਮੁੱਚੀ ਸਿੱਖ ਕੌਮ ਦਾ ਨਾਮ ਦੇਸ਼ ਦੁਨੀਆ ਅੰਦਰ ਰੋਸ਼ਨ ਕੀਤਾ ਹੈ, ਜੋ ਕਿ ਪ੍ਰੇਰਣਾਸਰੋਤ ਹੈ। ਜਥੇਦਾਰ ਗੜਗੱਜ ਨੇ ਕਾਕਾ ਤੇਗ.ਬੀਰ ਸਿੰਘ ਨੂੰ ਭਵਿੱਖ ਵਿੱਚ ਹੋਰ ਵੀ ਵੱਡੀਆਂ ਪ੍ਰਾਪਤੀਆਂ ਹਾਸਲ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਮੁੱਚੇ ਪਰਿਵਾਰ ਦੀ ਚੜ੍ਹਦੀ ਕਲਾ ਲਈ ਅਰਦਾਸ ਬੇਨਤੀ ਵੀ ਕੀਤੀ। ਉਨ੍ਹਾਂ ਕਾਕਾ ਤੇਗ.ਬੀਰ ਸਿੰਘ ਦੇ ਪਰਿਵਾਰ ਨੂੰ ਪ੍ਰੇਰਣਾ ਕੀਤੀ ਕਿ ਬੱਚੇ ਨੂੰ ਇਸੇ ਤਰ੍ਹਾਂ ਇਸ ਖੇਤਰ ਵਿੱਚ ਸਹਿਯੋਗ ਕੀਤਾ ਜਾਵੇ ਤਾਂ ਜੋ ਅਗਾਂਹ ਚੱਲ ਕੇ ਇਹ ਹੋਰ ਉੱਚੀਆਂ ਮੱਲਾਂ ਮਾਰੇ। ਕਾਕਾ ਤੇਗ.ਬੀਰ ਸਿੰਘ ਦੇ ਪਿਤਾ ਸੁਖਿੰਦਰ ਦੀਪ ਸਿੰਘ, ਮਾਤਾ ਡਾ. ਮਨਪ੍ਰੀਤ ਕੌਰ, ਭੈਣ ਪਵਿਤਜੋਤ ਕੌਰ ਨਾਨਾ ਗੁਰਚਰਨ ਸਿੰਘ, ਦਾਦੀ ਨਰਿੰਦਰਜੀਤ ਕੌਰ, ਪੜਨਾਨੀ ਬੀਬੀ ਬਲਵਿੰਦਰ ਕੌਰ ਨੂੰ ਵੀ ਸਿੰਘ ਸਾਹਿਬਾਨ ਵੱਲੋਂ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਬਗੀਚਾ ਸਿੰਘ, ਸਹਾਇਕ ਇੰਚਾਰਜ ਜਸਵੀਰ ਸਿੰਘ ਲੌਂਗੋਵਾਲ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸੁਖਬੀਰ ਸਿੰਘ ਬਾਦਲ ਨੇ ਵਰਕਿੰਗ ਕਮੇਟੀ ਦਾ ਕੀਤਾ ਐਲਾਨ

# 96 ਮੈਂਬਰਾਂ ਨੂੰ ਵਰਕਿੰਗ ਕਮੇਟੀ 'ਚ ਕੀਤਾ ਸ਼ਾਮਿਲ ,ਦੇਖੋ ਸੂਚੀ

**ਚੰਡੀਗੜ੍ਹ, 3 ਜੁਲਾਈ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪਾਰਟੀ ਦੀ ਵਰਕਿੰਗ ਕਮੇਟੀ ਦਾ ਐਲਾਨ ਕੀਤਾ ਹੈ। 96 ਮੈਂਬਰਾਂ ਨੂੰ ਵਰਕਿੰਗ ਕਮੇਟੀ ਵਿੱਚ ਸ਼ਾਮਿਲ ਕੀਤਾ ਗਿਆ ਹੈ। 20 ਸੀਨੀਅਰ ਮੈਂਬਰਾਂ ਅਤੇ 16 ਸੀਨੀਅਰ ਮਹਿਲਾ ਆਗੂਆਂ ਨੂੰ ਪਹਿਲੀ ਵਾਰ ਵਰਕਿੰਗ ਕਮੇਟੀ 'ਚ ਥਾਂ ਦਿੱਤੀ ਗਈ ਹੈ।



1. S. Sukhbir Singh Badal
2. S. Balwinder Singh Bhunder
3. Prof. Kirpal Singh Badungar
4. S. Gulzar Singh Ranike
5. S. Paramjit Singh Sarna
6. S. Manjit Singh G.K
7. S. Sucha Singh Langah
8. S. Janmeza Singh Sekhon
9. Biba Harsimrat Kaur Badal
10. Dr. Daljit Singh Cheema
11. S. Bikram Singh Majithia
12. S. Gurbachan Singh Babehali
13. Sh. N.K. Sharma
14. S. Mantar Singh Brar
15. Sh. S. R. Kaler
16. S. Joginder Singh Jindu
17. S. Teerath Singh Mahla
18. S. Vardev Singh Mann
19. S. Gurpreet Singh Rajkhanna
20. S. Harpreet Singh Kotbhai
21. Sh. Kamal Chaitley
22. S.Sukhdeep Singh Sukar
23. S. Darbara Singh Guru
24. S. Sarbjit Singh Jhinjer

50. S. Bachiter Singh Kohar
51. S. Harjap Singh Sangha
52. Bibi Parminder Kaur Pannu
53. S. Harkrishan Singh Walia
54. Bibi Gurpreet Kaur Roohi
55. S. Yadwinder Singh Yadu Khanna
56. S. Paramjit Singh Dhillon
57. Baba Ajit Singh
58. Sh. Harish Rai Dhanda
59. S. Jaspal Singh Giaspura
60. S. HiteshInder Singh Grewal
61. S. Bhupinder Singh Bhinda
62. Sh. R. D. Sharma
63. S. Raghbir Singh Saharnmajra
64. S. Gurcharan Singh Grewal
65. S. Rakhbinder Singh Gabria
66. S. Amanjot Singh Gohalwaria
67. Sh. Prem Arora
68. S. Dilraj Singh Bhunder
69. S. Gurmail Singh Phaphre Bhaike
70. S. Kanwarjit Singh Barkandi
71. S. Tejinder Singh Midukhera
72. S. Parminder Singh Kolianwali
73. Jathedar Sarup Singh Nandgarh
74. S. Basant Singh Kang

75. S. Sukhharpreet Singh Rode
76. Sh. Balkrishan Balli
77. S. Sanjit Singh Sunny Gill
78. S. Tarsem Singh Ratia
79. S. Parminder Singh Sohana
80. S. Surjit Singh Garhi
81. S. Jagmeet Singh Haryeo
82. S. Amarjit Singh Panjrath
83. S. Mohinder Singh Lalwa
84. S. Amarjit Singh Chawla
85. S. Gulzar Singh Moonak
86. S. Winerjit Singh Khadayal
87. S. Ravinder Singh Cheema Sunam
88. S. Bheem Singh Warraich
89. S. Gauravdeep Singh Valtoha
90. S. Iqbal Singh Sandhu Tarn Taran
91. S. Daljit Singh Bhinder
92. S. Raghujit Singh Virk
93. S. Baldev Singh Kaimpur
94. S. Surjit Singh Kang
95. S. Pawanpreet Singh Dhillon
96. S. Veerinder Singh Jhawarwala

# ਭਾਕਿਯੂ ਨੇ ਰਹਿੰਦੀ ਪਾਇਪ ਲਾਇਨ ਦਾ ਕੰਮ ਜਲਦੀ ਮੁਕੰਮਲ ਕਰਨ ਦੀ ਕੀਤੀ ਮੰਗ

ਧੂਰੀ ( ਰਣਜੀਤ ਸਿੰਘ ਪੇਧਨੀ ) ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਬਲਾਕ ਧੂਰੀ ਅਤੇ ਬਲਾਕ ਸ਼ੇਰਪੁਰ ਦੀ ਮੀਟਿੰਗ ਰਾਜ ਸਿੰਘ ਮੂਲੋਵਾਲ ਸੀ. ਮੀਤ ਪ੍ਰਧਾਨ ਅਤੇ ਬਲਾਕ ਧੂਰੀ ਦੇ ਪ੍ਰਧਾਨ ਭੁਪਿੰਦਰ ਸਿੰਘ ਭੁੱਲਰਹੇੜੀ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜੱਥੇਬੰਦੀ ਵੱਲੋਂ ਪਾਣੀਆਂ ਦੇ ਮੁੱਦੇ ਤੇ ਅਗਸਤ ਵਿੱਚ ਚੰਡੀਗੜ੍ਹ ਵਿਖੇ ਅਣਮਿੱਥੇ ਸਮੇਂ ਦੇ ਧਰਨੇ ਵਿੱਚ ਸ਼ਾਮਲ ਹੋਣ ਲਈ ਵਿਚਾਰਾਂ ਕੀਤੀਆਂ ਗਈਆਂ ਅਤੇ ਹਰ ਖੇਤ ਨੂੰ ਨਹਿਰੀ ਪਾਣੀ ਅਤੇ ਹਰ ਘਰ ਨੂੰ ਪੀਣ ਵਾਲਾ ਪਾਣੀ ਅਤੇ ਰਹਿੰਦੀਆਂ ਪਾਇਪ ਲਾਇਨ ਨੂੰ ਜਲਦੀ ਤੋਂ ਜਲਦੀ ਮੁਕੰਮਲ ਕਰਨ ਦੀ ਮੰਗ ਕੀਤੀ ਗਈ। ਇਸ ਮੌਕੇ ਰਛਪਾਲ ਸਿੰਘ ਦੋਹਲਾ ਸੂਬਾ ਸਕੱਤਰ, ਜਗਰੂਪ ਸਿੰਘ ਦੋਹਲਾ, ਸ਼ੇਰ ਸਿੰਘ ਦੋਹਲਾ, ਗੁਰਜੀਤ ਸਿੰਘ ਭੜੀ ਮਾਨਸਾ ਜਨਰਲ ਸਕੱਤਰ, ਰਾਜਿੰਦਰ ਸਿੰਘ ਮੂਲੋਵਾਲ, ਕਰਮਜੀਤ ਸਿੰਘ ਕਾਂਝਲਾ, ਜੱਸਾ ਸਿੰਘ ਕਾਂਝਲਾ, ਜਸਵੀਰ ਸਿੰਘ ਕਾਂਝਲਾ, ਬਲਵਿੰਦਰ ਸਿੰਘ ਕਾਂਝਲਾ, ਹਰਪਾਲ ਸਿੰਘ, ਅਵਤਾਰ ਸਿੰਘ ਭੱਟੀਆਂ, ਮਲਕੀਤ ਸਿੰਘ ਛੰਨਾਂ, ਜੀਤ ਸਿੰਘ ਜਹਾਂਗੀਰ, ਮਲਕੀਤ ਸਿੰਘ ਖਜਾਨਚੀ ਆਦਿ ਵੀ ਹਾਜਰ ਸਨ।

## ਸਵਰਗੀ ਬਾਬੂ ਭਗਵਾਨ ਦਾਸ ਅਰੋੜਾ ਦੀ 25ਵੀਂ ਬਰਸੀ ਮੌਕੇ ਸ਼ਰਧਾਂਜਲੀ ਸਮਾਗਮ ਦਾ ਆਯੋਜਨ -

ਸੁਨਾਮ ਊਧਮ ਸਿੰਘ ਵਾਲਾ/ਸੰਗਰੂਰ ( ਰਣਜੀਤ ਸਿੰਘ ਪੇਧਨੀ )- ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਪਿਤਾ ਅਤੇ ਸਾਬਕਾ ਮੰਤਰੀ ਪੰਜਾਬ ਸਵ. ਬਾਬੂ ਭਗਵਾਨ ਦਾਸ ਅਰੋੜਾ ਦੀ 25ਵੀਂ ਬਰਸੀ ਦੇ ਮੌਕੇ 'ਤੇ ਸ਼ਰਧਾਂਜਲੀ ਸਮਾਗਮ ਦਾ ਆਯੋਜਨ ਸਥਾਨਕ ਗੁਰੂ ਨਾਨਕ ਦੇਵ ਡੈਂਟਲ ਕਾਲਜ, ਲਖਮੀਰਵਾਲਾ ਰੋੜ, ਸੁਨਾਮ ਊਧਮ ਸਿੰਘ ਵਾਲਾ ਵਿਖੇ ਕੀਤਾ ਗਿਆ, ਜਿਸ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ, ਕੈਬਨਿਟ ਮੰਤਰੀ ਸ੍ਰ ਗੁਰਮੀਤ ਸਿੰਘ ਖੁੱਡੀਆਂ, ਗੁਰਦਿੱਤ ਸਿੰਘ ਸੇਖੋਂ, ਮਨਜੀਤ ਸਿੰਘ ਬਿਲਾਸਪੁਰ, ਚੇਤਨ ਸਿੰਘ ਜੋੜੇਮਾਜਰਾ, ਅਸ਼ੋਕ ਪਰਾਸ਼ਰ ਪੱਪੀ, ਦਵਿੰਦਰਜੀਤ ਸਿੰਘ ਲਾਡੀ ਢੋਸ, ਗੁਰਪ੍ਰੀਤ ਸਿੰਘ ਬਣਾਂਵਾਲੀ, ਡਾ ਚਰਨਜੀਤ ਚੰਨੀ, ਦਲਵੀਰ ਸਿੰਘ ਟੌਂਗ, ਕੁਲਜੀਤ ਸਿੰਘ ਰੰਧਾਵਾ, ਡਾ ਵਿਜੈ ਸਿੰਗਲਾ, ਜਗਦੀਪ ਸਿੰਘ ਕਾਕਾ ਬਰਾੜ, ਇੰਦਰਬੀਰ ਸਿੰਘ ਨਿੱਜਰ, ਨਰਿੰਦਰ ਕੌਰ ਭਰਾਜ, ਕੁਲਵੰਤ ਸਿੰਘ ਪੰਡੋਰੀ (ਸਾਰੇ ਵਿਧਾਇਕ), ਹਰਪਾਲ ਕੌਰ (ਮਾਤਾ ਜੀ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ) ਸਮੇਤ ਹੋਰ ਸ਼ਖਸ਼ੀਅਤਾਂ ਨੇ ਵਿਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਉਨ੍ਹਾਂ ਵੱਲੋਂ ਪਾਏ ਵਡਮੁੱਲੇ ਯੋਗਦਾਨ ਨੂੰ ਯਾਦ ਕੀਤਾ। ਇਸ ਮੌਕੇ ਬਾਬੂ ਭਗਵਾਨ ਦਾਸ ਅਰੋੜਾ ਦੀ ਨਿੱਘੀ ਯਾਦ ਨੂੰ ਸਮਰਪਿਤ ਮੁਫ਼ਤ ਡੈਂਟਲ ਅਤੇ ਮੈਡੀਕਲ ਕੈਂਪ ਵੀ ਲਗਾਇਆ ਗਿਆ। ਇਸ ਕੈਂਪ ਦਾ ਇਲਾਕੇ ਦੇ ਹਜ਼ਾਰਾਂ ਲੋਕਾਂ ਨੇ ਲਾਭ ਲਿਆ। ਸ਼ਰਧਾਂਜ਼ਲੀ ਸਮਾਗਮ ਨੂੰ ਸੰਬੋਧਨ ਕਰਦਿਆਂ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਬਾਬੂ ਭਗਵਾਨ ਦਾਸ ਅਰੋੜਾ ਸਿੱਖਿਆ ਅਤੇ ਸਿਹਤ ਦੇ ਖੇਤਰ ਵਿਚ ਲਾਮਿਸਾਲ ਕੰਮ ਕਰਕੇ ਹੋਰਨਾਂ ਲਈ ਚਾਨਣ ਮੁਨਾਰਾ ਬਣਨ ਦਾ ਸੁਭਾਗ ਪ੍ਰਾਪਤ ਕੀਤਾ। ਬਾਬੂ ਭਗਵਾਨ ਦਾਸ ਅਰੋੜਾ ਦੀ ਦੇਣ ਨੂੰ ਕਦੇ ਭੁਲਾਇਆ ਨਹੀਂ ਜਾ ਸਕਦਾ ਅਤੇ ਉਨ੍ਹਾਂ ਦੇ ਸਪੁੱਤਰ ਅਮਨ ਅਰੋੜਾ ਵੀ ਆਪਣੇ ਪਿਤਾ ਵਾਂਗ ਹੀ ਪੂਰੀ ਇਮਾਨਦਾਰੀ ਤੇ ਮਿਹਨਤ ਨਾਲ ਲੋਕ ਸੇਵਾ ਨੂੰ ਸਮਰਪਿਤ ਹਨ। ਉਨ੍ਹਾਂ ਕਿਹਾ ਕਿ ਬਾਬੂ ਭਗਵਾਨ ਦਾਸ ਨੇ ਇਲਾਕੇ ਦੀ ਸੇਵਾ ਦਾ ਸੰਕਲਪ ਮਨ ਵਿੱਚ ਲੈ ਕੇ ਇਹ ਡੈਂਟਲ ਕਾਲਜ ਇਥੇ ਸਥਾਪਤ ਕੀਤਾ ਸੀ ਤਾਂ ਜੋ ਇਥੋਂ ਦੇ ਲੋਕਾਂ ਨੂੰ ਅਤਿ ਆਧੁਨਿਕ ਇਲਾਜ ਸੁਵਿਧਾਵਾਂ ਮਿਲ ਸਕਣ। ਪੈਸਾ ਕਮਾਉਣਾ ਬਾਬੂ ਭਗਵਾਨ ਦਾਸ ਅਰੋੜਾ ਦਾ ਮਕਸਦ ਨਹੀਂ ਸੀ। 30 ਸਾਲ ਪਹਿਲਾਂ ਲਾਇਆ ਬੂਟਾ ਅੱਜ ਉਹ ਦਰੱਖਤ ਬਣ ਗਿਆ ਹੈ ਜਿਸਦੀ ਛਾਂ ਕਈ ਲੋਕ ਮਾਣ ਰਹੇ ਹਨ। ਉਹਨਾਂ ਕਿਹਾ ਕਿ ਮਨੁੱਖਤਾ ਦੀ ਭਲਾਈ ਲਈ ਸਰਗਰਮ ਰਹਿਣ ਵਾਲੀਆਂ ਨੇਕ ਰੂਹਾਂ ਨੂੰ ਹਮੇਸ਼ਾਂ ਯਾਦ ਰੱਖਿਆ ਜਾਂਦਾ ਹੈ ਅਤੇ ਉਹਨਾਂ ਦੀ ਨਿੱਘੀ ਯਾਦ ਨੂੰ ਸਮਰਪਿਤ ਇਹ ਸ਼ਰਧਾਂਜਲੀ ਸਮਾਗਮ, ਜ਼ਿੰਦਗੀ ਵਿੱਚ ਉਹਨਾਂ ਵੱਲੋਂ ਕੀਤੀਆਂ ਨੇਕ ਕਮਾਈਆਂ ਦਾ ਸਪਸ਼ਟ ਸਬੂਤ ਹੈ। ਉਹਨਾਂ ਨੇ ਕਿਹਾ ਕਿ ਇਨਸਾਨੀਅਤ ਦੇ ਭਲੇ ਲਈ ਕੰਮ ਕਰਨ ਵਾਲੇ ਹਮੇਸ਼ਾਂ ਯਾਦ ਰੱਖੇ ਜਾਂਦੇ ਹਨ। ਅਰੋੜਾ ਪਰਿਵਾਰ ਨੇ ਨੇਕ ਦਿਲੀ ਨਾਲ ਹਮੇਸ਼ਾਂ ਹੀ ਗਰੀਬਾਂ ਤੇ ਲੋੜਵੰਦਾਂ ਦੀ ਮਦਦ ਕੀਤੀ ਹੈ ਅਤੇ ਬਾਬੂ ਭਗਵਾਨ ਦਾਸ ਅਰੋੜਾ ਦੇ ਪਦਚਿੰਨ੍ਹਾਂ 'ਤੇ ਚੱਲ ਕੇ ਕੈਬਨਿਟ ਮੰਤਰੀ ਅਮਨ ਅਰੋੜਾ ਵੀ ਪੂਰੀ ਤਨਦੇਹੀ ਨਾਲ ਲੋਕ ਸੇਵਾ ਚ ਜੁਟੇ ਹੋਏ ਹਨ। ਬਾਬੂ ਭਗਵਾਨ ਦਾਸ ਅਰੋੜਾ ਨੇਕ ਦਿਲ ਇਨਸਾਨ ਸਨ ਅਤੇ ਉਹਨਾਂ ਵੱਲੋਂ ਇਲਾਕੇ ਦੀ ਨੁਹਾਰ ਸੰਵਾਰਨ ਦਾ ਜੋ ਬੀੜਾ ਚੁੱਕਿਆ ਗਿਆ ਸੀ ਉਸ ਨੂੰ ਅਮਨ ਅਰੋੜਾ ਬਾਖੂਬੀ ਪੂਰਾ ਕਰਨ ਵਿੱਚ ਜੁਟੇ ਹੋਏ ਹਨ। ਉਨ੍ਹਾਂ ਕਿਹਾ ਕਿ ਮਾਪਿਆਂ ਦੀਆਂ ਦੁਆਵਾਂ ਸਦਕਾ ਹੀ ਇਨਸਾਨ ਬੁਲੰਦੀਆਂ ਨੂੰ ਛੂੰਹਦਾ ਹੈ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਆਪਣੇ ਪਿਤਾ ਬਾਬੂ ਭਗਵਾਨ ਦਾਸ ਅਰੋੜਾ ਦੀ ਯਾਦ ਨੂੰ ਤਾਜ਼ਾ ਰੱਖਣ ਲਈ ਹਰ ਸਾਲ ਕਰਵਾਇਆ ਜਾਂਦਾ ਸਮਾਗਮ ਉਨ੍ਹਾਂ ਦੀ ਆਪਣੇ ਪਿਤਾ ਪ੍ਰਤੀ ਨਿੱਘੀ ਸੋਚ ਦਾ ਪ੍ਰਗਟਾਓ ਕਰਦਾ ਹੈ। ਅਖੀਰ ਵਿੱਚ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਆਈਆਂ ਸੰਗਤਾਂ ਦਾ ਧੰਨਵਾਦ ਕਰਦੇ ਹਾਂ ਕਿਹਾ ਕਿ ਉਹਨਾਂ ਦੇ ਪਿਤਾ ਜੀ ਦੇ ਸਦੀਵੀ ਵਿਛੋੜੇ ਤੋਂ 25 ਸਾਲ ਬਾਅਦ ਵੀ ਉਹਨਾਂ ਦੇ ਪਿਤਾ ਦੁਆਰਾ ਕੀਤੇ ਲੋਕ ਪੱਖੀ ਕਾਰਜਾਂ ਨੂੰ ਮਾਣ ਸਤਿਕਾਰ ਮਿਲਦਾ ਪਿਆ ਹੈ ਜੋ ਕਿ ਪਰਮਾਤਮਾ ਦੀ ਵੱਡੀ ਮਿਹਰ ਦੇ ਸਦਕਾ ਹੀ ਸੰਭਵ ਹੋ ਸਕਿਆ ਹੈ। ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਉਹ ਵਿਧਾਨ ਸਭਾ ਹਲਕਾ ਸੁਨਾਮ ਨੂੰ ਮਾਡਲ ਹਲਕੇ ਵਜੋਂ ਸੂਬੇ ਦਾ ਮੋਹਰੀ ਹਲਕਾ ਬਣਾਉਣ ਦੀ ਦਿਸ਼ਾ ਵਿੱਚ ਨਿਰੰਤਰ ਕਾਰਜਸ਼ੀਲ ਹਨ। ਸ਼ਰਧਾਂਜਲੀ ਸਮਾਰੋਹ ਦੌਰਾਨ ਉਨ੍ਹਾਂ ਨੇ ਆਪਣੇ ਮਾਤਾ ਜੀ ਪਰਮੇਸ਼ਵਰੀ ਦੇਵੀ ਅਤੇ ਭੈਣ ਰਾਧਿਕਾ ਅਰੋੜਾ ਸਮੇਤ ਸਮੁੱਚੇ ਪਰਿਵਾਰ ਦੀ ਤਰਫ਼ੋਂ ਸਮੂਹ ਸ਼ਖ਼ਸੀਅਤਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਰਾਗੀ ਬਹਾਦਰ ਸਿੰਘ ਜੀ ਦੇ ਰਾਗੀ ਜੱਥੇ ਨੇ ਇਲਾਹੀ ਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਸ਼੍ਰੀ ਸੰਦੀਪ ਰਿਸ਼ੀ, ਜ਼ਿਲ੍ਹਾ ਪੁਲਿਸ ਮੁਖੀ ਸਰਤਾਜ ਸਿੰਘ ਚਾਹਲ, ਉਪ ਮੰਡਲ ਮੈਜਿਸਟਰੇਟ ਸੁਨਾਮ ਪਰਮੋਦ ਸਿੰਗਲਾ, ਡੀ ਐਸ ਪੀ ਹਰਵਿੰਦਰ ਸਿੰਘ ਖਹਿਰਾ, ਸੰਦੀਪ ਗਿਲਹੋਤਰਾ ਸਮੇਤ ਪੰਜਾਬ ਭਰ ਤੋਂ ਵੱਖ ਵੱਖ ਅਦਾਰਿਆਂ ਨਿਗਮਾਂ ਦੇ ਚੇਅਰਮੈਨਾਂ, ਵੱਡੀ ਗਿਣਤੀ ਵਿੱਚ ਮਾਰਕੀਟ ਕਮੇਟੀਆਂ ਦੇ ਚੇਅਰਮੈਨ, ਨਗਰ ਕੌਂਸਲ ਪ੍ਰਧਾਨ, ਇਲਾਕੇ ਦੇ ਪੰਚ ਸਰਪੰਚਾਂ ਸਮੇਤ ਹੋਰ ਅਹੁਦੇਦਾਰ ਤੇ ਕੌਂਸਲਰ ਸਮੇਤ ਪਾਰਟੀ ਆਗੂ ਤੇ ਵਰਕਰ ਠਾਠਾਂ ਮਾਰਦੇ ਇਕੱਠ ਦੇ ਰੂਪ ਵਿੱਚ ਹਾਜ਼ਰ ਸਨ। ਸਮਾਗਮ ਦੌਰਾਨ ਸਟੇਜ ਸੰਚਾਲਨ ਦੀ ਭੂਮਿਕਾ ਅਵਤਾਰ ਸਿੰਘ ਈਲਵਾਲ ਚੇਅਰਮੈਨ ਨਗਰ ਸੁਧਾਰ ਟਰੱਸਟ ਸੰਗਰੂਰ ਨੇ ਨਿਭਾਈ।

## ਪਾਵਰਕੌਮ ਕਾਮਿਆਂ ਨੇ ਮੰਗਾਂ ਦੀ ਪੂਰਤੀ ਲਈ ਸੰਘਰਸ਼ ਕਰਨ ਲਈ ਕੀਤੀ ਮੀਟਿੰਗ

ਫ਼ਿਰੋਜ਼ਪੁਰ, 3 ਜੁਲਾਈ (ਮਨੋਹਰ ਲਾਲ) :— ਪੀ.ਐਸ.ਈ.ਬੀ ਇੰਪਲਾਈਜ਼ ਫੈਡਰੇਸ਼ਨ ਸਬ ਅਰਬਨ ਮੰਡਲ ਫ਼ਿਰੋਜ਼ਪੁਰ ਦੇ ਅਹੁਦੇਦਾਰਾਂ ਦੀ ਮੀਟਿੰਗ ਅਸ਼ਵਨੀ ਕੁਮਾਰ ਪ੍ਰਧਾਨ ਸਬ ਅਰਬਨ ਮੰਡਲ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿਚ ਸਬ ਅਰਬਨ ਮੰਡਲ ਦੇ ਪ੍ਰਧਾਨ ਅਸ਼ਵਨੀ ਕੁਮਾਰ ਸਕੱਤਰ ਸਤੀਸ਼ ਕੁਮਾਰ, ਰੋਸ਼ਨ ਲਾਲ, ਗੁਰਮੁੱਖ ਸਿੰਘ, ਸਤਪਾਲ ਸਿੰਘ, ਰਾਮ ਸੁੱਖ, ਪ੍ਰਦੀਪ ਕੁਮਾਰ, ਸੁਭਾਸ਼, ਰਮਨ ਕੁਮਾਰ, ਰਨਵੀਰ ਸਿੰਘ, ਰਜਿੰਦਰ ਸਿੰਘ ਨੇ ਪਾਵਰਕਾਮ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ



ਬਾਰੇ ਬੋਲਦੇ ਹੋਏ ਕਿਹਾ ਕਿ ਕਾਫੀ ਲੰਬੇ ਅਰਸੇ ਤੋਂ ਮੁਲਾਜ਼ਮਾਂ ਦੀਆਂ ਮੰਗਾਂ ਅਤੇ ਪੈਨਸ਼ਨਰ ਸਾਥੀਆਂ ਦੀਆਂ ਮੰਗਾਂ ਨੂੰ ਟਾਲ—ਮਟੋਲ ਕਰਕੇ ਸਮਾਂ ਅੱਗੇ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮਹਿਕਮੇ ਅੰਦਰ ਹਜ਼ਾਰਾਂ ਦੀ ਗਿਣਤੀ ਵਿਚ ਖਾਲੀ ਪਈਆਂ ਆਸਾਮੀਆਂ ਨੂੰ ਭਰਿਆ ਜਾਵੇ, ਨਿੱਜੀਕਰਨ ਨੀਤੀ ਨੂੰ ਵਾਪਸ ਲਿਆ ਜਾਵੇ, ਰੇਗੂਲਰ ਭਰਤੀ ਕੀਤੀ ਜਾਵੇ, ਡਿਊਟੀ ਤੇ ਘਾਤਕ ਹਾਦਸਿਆਂ ਦਾ ਸ਼ਿਕਾਰ ਹੋਏ ਬਿਜਲੀ ਕਾਮਿਆਂ ਦੇ ਪਰਿਵਾਰ ਨੂੰ ਨੌਕਰੀ ਦਿੱਤੀ ਜਾਵੇ ਅਤੇ ਮੁਆਵਜੇ ਦੀ ਅਦਾਇਗੀ ਤੁਰੰਤ ਕੀਤੀ ਜਾਵੇ ਅਤੇ ਕੈਸ਼ਲੈਸ ਦੀ ਸਹੂਲਤ ਦਿੱਤੀ ਜਾਵੇ, ਬਿਜਲੀ ਮੁਲਾਜ਼ਮਾਂ ਨੂੰ 2020 ਤੋਂ ਬਾਅਦ ਭਰਤੀ ਹੋਏ ਕਰਮਚਾਰੀਆਂ ਨੂੰ ਪੰਜਾਬ ਸਰਕਾਰ ਮੁਤਾਬਿਕ ਤਨਖਾਹ ਸਕੇਲ ਦਿੱਤਾ ਜਾਵੇ, ਮੁਲਾਜ਼ਮਾਂ ਦੀ ਇਨਕੈਸ਼ਮੈਂਟ ਦੇ ਨਾਮ ਤੇ ਧੱਕੇ ਨਾਲ 200 ਰੁਪਏ ਕੱਟਿਆ ਜਾ ਰਿਹਾ ਹੈ, ਇਸ ਨੂੰ ਬੰਦ ਕੀਤਾ ਜਾਵੇ, ਦਫਤਰਾਂ ਵਿਚ ਪੀਣ ਵਾਲੇ ਪਾਣੀ ਦਾ ਅਤੇ ਬੈਠਣ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਪੁਰਾਣੀ ਪੈਨਸ਼ਨ ਲਾਗੂ ਕੀਤੀ ਜਾਵੇ, 9.7.2025 ਦੇਸ਼ ਵਿਆਪੀ ਹੜਤਾਲ ਵਿਚ ਬਿਜਲੀ ਕਰਮਚਾਰੀ ਹਿੱਸਾ ਲੈਣ ਗਏ, ਬਿਜਲੀ ਕਰਮਚਾਰੀਆਂ ਦੀਆਂ ਮੰਗਾਂ ਦਾ ਮੰਗ ਪੱਤਰ 60 ਮੰਗਾਂ ਦਾ ਪਾਵਰਕੌਮ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਨੂੰ ਦਿੱਤਾ ਹੋਇਆ ਹੈ, ਜੇਕਰ ਮੁਲਾਜ਼ਮਾਂ ਦੀਆਂ ਮੰਗਾਂ ਨਾ ਮੰਨੀਆਂ ਤਾਂ ਬਿਜਲੀ ਕਰਮਚਾਰੀ ਸੰਘਰਸ਼ ਨੂੰ ਹੋਰ ਤੇਜ਼ ਕਰਨਗੇ, ਜਿਸ ਦੀ ਨਿਰੋਲ ਜਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕੌਮ ਦੀ ਹੋਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV